ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਵੀਰਵਾਰ, 9 ਮਈ 2024 (ਨਾਨਕਸ਼ਾਹੀ ਸੰਮਤ : ੫੫੬, ੨੭ ਵੇਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਲੋਕ ਸਭਾ ਚੋਣਾਂ: ਪੰਜਾਬ 'ਚ ਪਹਿਲੇ ਦਿਨ 13 ਉਮੀਦਵਾਰਾਂ ਨੇ ਦਾਖ਼ਲ ਕੀਤੇ ਨਾਮਜ਼ਦਗੀ ਪੱਤਰ

**ਚੰਡੀਗੜ੍ਹ, 8 ਮਈ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਚੋਣਾਂ 2024 ਲਈ ਨਾਮਜ਼ਦਗੀਆਂ ਭਰਨ ਦੇ ਪਹਿਲੇ ਦਿਨ ਪੰਜਾਬ ਵਿਚ 13 ਲੋਕ ਸਭਾ ਸੀਟਾਂ ਲਈ 13 ਉਮੀਦਵਾਰਾਂ ਵੱਲੋਂ 15 ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ ਹਨ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਜਲੰਧਰ, ਲੁਧਿਆਣਾ, ਫਤਿਹਗੜ੍ਹ ਸਾਹਿਬ ਅਤੇ ਬਠਿੰਡਾ ਲੋਕ ਸਭਾ ਸੀਟ ਲਈ 7 ਮਈ ਨੂੰ ਕਿਸੇ ਵੀ ਉਮੀਦਵਾਰ ਵੱਲੋਂ ਨਾਮਜ਼ਦਗੀ ਪੱਤਰ ਦਾਖ਼ਲ ਨਹੀਂ ਕੀਤਾ ਗਿਆ ਹੈ। ਗੁਰਦਾਸਪੁਰ, ਅੰਮ੍ਰਿਤਸਰ, ਖਡੂਰ ਸਾਹਿਬ, ਹੁਸ਼ਿਆਰਪੁਰ, ਆਨੰਦਪੁਰ ਸਾਹਿਬ, ਫਰੀਦਕੋਟ ਅਤੇ ਸੰਗਰੂਰ ਤੋਂ ਇਕ-ਇਕ ਨਾਮਜ਼ਦਗੀ ਪੱਤਰ ਭਰਿਆ ਗਿਆ ਹੈ। ਸਭ ਤੋਂ ਵੱਧ ਪੰਜ ਨਾਮਜ਼ਦਗੀ ਪੱਤਰ ਫਿਰੋਜ਼ਪੁਰ ਤੋਂ ਭਰੇ ਗਏ ਹਨ। ਇਥੇ 2 ਉਮੀਦਵਾਰਾਂ ਨੇ 2-2 ਫਾਰਮ ਭਰੇ ਹਨ। ਜਦਕਿ ਪਟਿਆਲਾ ਤੋਂ ਤਿੰਨ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਗਏ ਹਨ। ਮੁੱਖ ਚੋਣ ਅਧਿਕਾਰੀ ਨੇ ਦੱਸਿਆ ਕਿ ਗੁਰਦਾਸਪੁਰ ਤੋਂ ਇਕ ਆਜ਼ਾਦ ਉਮੀਦਵਾਰ ਵੱਲੋਂ ਨਾਮਜ਼ਦਗੀ ਦਾਖ਼ਲ ਕੀਤੀ ਗਈ ਹੈ। ਉੱਥੇ ਹੀ ਅੰਮ੍ਰਿਤਸਰ ਤੋਂ ਕਮਿਊਨਿਸਟ ਪਾਰਟੀ ਆਫ ਇੰਡੀਆ, ਖਡੂਰ ਸਾਹਿਬ ਤੋਂ ਆਸ ਪੰਜਾਬ ਪਾਰਟੀ, ਹੁਸ਼ਿਆਰਪੁਰ ਤੋਂ ਇਕ ਆਜ਼ਾਦ ਉਮੀਦਵਾਰ, ਆਨੰਦਪੁਰ ਸਾਹਿਬ ਤੋਂ ਪੰਜਾਬ ਨੈਸ਼ਨਲ ਪਾਰਟੀ, ਫਰੀਦਕੋਟ ਤੋਂ ਇਕ ਆਜ਼ਾਦ ਅਤੇ ਸੰਗਰੂਰ ਤੋਂ ਪੰਜਾਬ ਨੈਸ਼ਨਲ ਪਾਰਟੀ ਦੇ ਉਮੀਦਵਾਰ ਨੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਹਨ। ਇਸੇ ਤਰ੍ਹਾਂ ਪਟਿਆਲਾ ਤੋਂ 2 ਆਜ਼ਾਦ ਅਤੇ ਇਕ ਭਾਰਤੀਯ ਜਵਾਨ ਕਿਸਾਨ ਪਾਰਟੀ ਦੇ ਉਮੀਦਵਾਰ ਨੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਹਨ। ਫਿਰੋਜ਼ਪੁਰ ਤੋਂ 2 ਉਮੀਦਵਾਰਾਂ ਨੇ ਦੋ-ਦੋ ਨਾਮਜ਼ਦਗੀ ਪੱਤਰ ਦਾਖਲ ਕੀਤੇ ਹਨ। ਇਸ ਤੋਂ ਇਲਾਵਾ ਇਕ ਆਜ਼ਾਦ ਉਮੀਦਵਾਰ ਨੇ ਵੀ ਨਾਮਜ਼ਦਗੀ ਪੱਤਰ ਦਾਖਲ ਕੀਤਾ ਹੈ।

### ਖਾਲਿਸਤਾਨ ਹਮਾਇਤੀ ਭਾਈ ਹਰਦੀਪ ਨਿੱਝਰ ਦੇ ਕਤਲ ਬਾਰੇ ਕੈਨੇਡਾ ਦਾ ਸਪਸ਼ਟ ਸਟੈਂਡ

# ਭਾਰਤੀ ਏਜੰਟਾਂ ਦੇ ਸ਼ਾਮਲ ਹੋਣ ਦੇ ਦੋਸ਼ਾਂ 'ਤੇ ਕਾਇਮ

**ਟੋਰਾਂਟੋ, 8 ਮਈ (ਆਵਾਜ਼ਿ ਕੌਮ ਬਿਊਰੋ)**-ਖਾਲਿਸਤਾਨੀ ਹਮਾਇਤੀ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਨੂੰ ਲੈ ਕੇ ਭਾਰਤ ਤੇ ਕੈਨੇਡਾ ਵਿਚਾਲੇ ਤਣਾਅ ਮੁੜ ਵਧ ਗਿਆ ਹੈ। ਇੱਕ ਪਾਸੇ ਭਾਰਤ ਨੇ ਚੇਤਾਵਨੀ ਦਿੱਤੀ ਕਿ



ਕੈਨੇਡਾ ਵਿੱਚ ਸਿੱਖ ਸਮੂਹ, ਜੋ ਭਾਰਤ ਤੋਂ ਵੱਖ ਹੋਣ ਦਾ ਸੱਦਾ ਦਿੰਦੇ ਹਨ, ਖਤਰੇ ਦੀ ਵੱਡੀ ਲੀਕ ਪਾਰ ਕਰ ਰਹੇ ਹਨ, ਜਿਸ ਨੂੰ ਨਵੀਂ ਦਿੱਲੀ ਰਾਸ਼ਟਰੀ ਸੁਰੱਖਿਆ ਦਾ ਮਾਮਲਾ ਮੰਨਦੀ ਹੈ। ਭਾਰਤੀ ਆਪਣੇ ਦੇਸ਼ ਦੀ ਕਿਸਮਤ ਦਾ ਫੈਸਲਾ ਕਰਨਗੇ, ਵਿਦੇਸ਼ੀ ਨਹੀਂ। ਦੂਜੇ ਪਾਸੇ ਕੈਨੇਡਾ ਦੀ ਵਿਦੇਸ਼ ਮੰਤਰੀ ਮੇਲਾਨੀ ਜੌਲੀ ਨੇ ਕਿਹਾ ਹੈ ਕਿ ਕੈਨੇਡਾ ਸਰਕਾਰ ਭਾਈ ਹਰਦੀਪ ਨਿੱਝਰ ਦੀ ਹੱਤਿਆ ਵਿੱਚ ਭਾਰਤੀ ਏਜੰਟਾਂ ਦੇ ਸ਼ਾਮਲ ਹੋਣ ਦੇ ਦੋਸ਼ਾਂ 'ਤੇ ਕਾਇਮ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜੌਲੀ ਨੇ ਕਿਹਾ ਕਿ ਭਾਈ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਦੀ ਜਾਂਚ ਰਾਇਲ ਕੈਨੇਡੀਅਨ ਮਾਊਂਟਿਡ ਪੁਲਿਸ ਕਰ ਰਹੀ ਹੈ। ਉਨ੍ਹਾਂ ਕਿਹਾ, 'ਕੈਨੇਡਾ ਆਪਣੇ ਨਾਗਰਿਕਾਂ ਦੀ ਸੁਰੱਖਿਆ ਕਰਨ ਲਈ ਕੋਈ ਕਸਰ ਨਹੀਂ ਛੱਡੇਗਾ। ਅਸੀਂ ਉਨ੍ਹਾਂ ਦੋਸ਼ਾਂ 'ਤੇ ਕਾਇਮ ਹਾਂ ਕਿ ਕੈਨੇਡੀਅਨ ਜ਼ਮੀਨ 'ਤੇ ਭਾਰਤੀ ਏਜੰਟਾਂ ਨੇ ਕੈਨੇਡੀਅਨ ਦੀ ਹੱਤਿਆ ਕੀਤੀ ਗਈ ਸੀ। ਇਸ ਦੀ ਆਰਸੀਐਮਪੀ ਜਾਂਚ ਕਰ ਰਹੀ ਹੈ। ਮੈਂ ਅੱਗੇ ਕੋਈ ਟਿੱਪਣੀ ਨਹੀਂ ਕਰਾਂਗੀ।' ਉਧਰ, ਭਾਰਤ-ਕੈਨੇਡਾ ਸਬੰਧਾਂ ਵਿੱਚ ਕੂਟਨੀਤਕ ਤਣਾਅ ਦੌਰਾਨ ਇਥੇ ਭਾਰਤ ਦੇ ਹਾਈ ਕਮਿਸ਼ਨਰ ਨੇ ਚਿਤਾਵਨੀ ਦਿੱਤੀ ਹੈ ਕਿ ਕੈਨੇਡਾ ਵਿੱਚ ਸਿੱਖ ਵੱਖਵਾਦੀ ਸਮੂਹ ਖਤਰੇ ਦੀ ਵੱਡੀ ਲੀਕ ਪਾਰ ਕਰ ਰਹੇ ਹਨ, ਜਿਸ ਨੂੰ ਭਾਰਤ ਆਪਣੀ ਕੌਮੀ ਸੁਰੱਖਿਆ ਅਤੇ ਖੇਤਰੀ ਅਖੰਡਤਾ ਦੇ ਮਾਮਲੇ ਵਜੋਂ ਨੂੰ ਦੇਖਦਾ ਹੈ। ਮੀਡੀਆ ਨਾਲ ਗੱਲਬਾਤ ਦੌਰਾਨ ਕੈਨੇਡਾ ਵਿੱਚ ਭਾਰਤੀ ਹਾਈ ਕਮਿਸ਼ਨਰ ਸੰਜੈ ਕੁਮਾਰ ਵਰਮਾ ਨੇ ਆਪਣੇ ਪਹਿਲੇ ਜਨਤਕ ਬਿਆਨ ਵਿੱਚ ਇਹ ਗੱਲ ਕਹੀ। ਵਰਮਾ ਇਸ ਮਾਮਲੇ ਨੂੰ ਘਰੇਲੂ ਅਪਰਾਧ ਨਾਲ ਜੋੜਦੇ ਨਜ਼ਰ ਆਏ। ਉਨ੍ਹਾਂ ਇਹ ਵੀ ਚੇਤਾਵਨੀ ਦਿੱਤੀ ਕਿ ਕੈਨੇਡਾ ਵਿੱਚ ਸਿੱਖ ਸਮੂਹ, ਜੋ ਭਾਰਤ ਤੋਂ ਵੱਖ ਹੋਣ ਦਾ ਸੱਦਾ ਦਿੰਦੇ ਹਨ, ਖਤਰੇ ਦੀ ਵੱਡੀ ਲੀਕ ਪਾਰ ਕਰ ਰਹੇ ਹਨ, ਜਿਸ ਨੂੰ ਨਵੀਂ ਦਿੱਲੀ ਰਾਸ਼ਟਰੀ ਸੁਰੱਖਿਆ ਦਾ ਮਾਮਲਾ ਮੰਨਦੀ ਹੈ। ਭਾਰਤੀ ਆਪਣੇ ਦੇਸ਼ ਦੀ ਕਿਸਮਤ ਦਾ ਫੈਸਲਾ ਕਰਨਗੇ, ਵਿਦੇਸ਼ੀ ਨਹੀਂ। ਭਾਰਤ ਅਤੇ ਕੈਨੇਡਾ ਦੇ ਸਬੰਧ ਸਮੁੱਚੇ ਤੌਰ 'ਤੇ ਸਕਾਰਾਤਮਕ ਹਨ, ਭਾਵੇਂ ਕਿ ਉਨ੍ਹਾਂ 'ਚ ਤਣਾਅ ਹੈ। ਦੋਵੇਂ ਦੇਸ਼ ਇਸ ਮੁੱਦੇ ਨੂੰ ਸੁਲਝਾਉਣ ਦੀ ਕੋਸ਼ਿਸ਼ ਕਰ ਰਹੇ ਹਨ।

## ਖਾਲਿਸਤਾਨ ਹਮਾਇਤੀ ਭਾਈ ਨਿੱਝਰ ਦੇ ਕਤਲ ਕੇਸ 'ਚ ਗ੍ਰਿਫ਼ਤਾਰ 3 ਨੌਜਵਾਨ ਅਦਾਲਤ 'ਚ ਪੇਸ਼

**ਟੋਰਾਂਟੋ, 8 ਮਈ (ਆਵਾਜ਼ਿ ਕੌਮ ਬਿਊਰੋ)**-ਖਾਲਿਸਤਾਨ ਹਮਾਇਤੀ ਭਾਈ ਹਰਦੀਪ ਸਿੰਘ ਨਿੱਝਰ ਦੀ ਹੱਤਿਆ



ਦੇ ਦੋਸ਼ ਵਿੱਚ ਗ੍ਰਿਫਤਾਰ ਕੀਤੇ ਤਿੰਨ ਭਾਰਤੀ ਨਾਗਰਿਕ ਇਸ ਕੇਸ ਵਿੱਚ ਕਤਲ ਦੇ ਦੋਸ਼ਾਂ ਦਾ ਸਾਹਮਣਾ ਕਰਨ ਲਈ ਪਹਿਲੀ ਵਾਰ ਵੀਡੀਓ ਕਾਨਫਰੰਸ ਰਾਹੀਂ ਕੈਨੇਡਾ ਦੀ ਅਦਾਲਤ ਵਿੱਚ ਪੇਸ਼ ਹੋਏ। ਇਸ ਕਤਲ ਨੇ ਕੈਨੇਡਾ-ਭਾਰਤ ਸਬੰਧਾਂ ਵਿੱਚ ਤਣਾਅ ਪੈਦਾ ਕਰ ਦਿੱਤਾ ਹੈ। ਐਡਮਿੰਟਨ 'ਚ ਰਹਿਣ ਵਾਲੇ ਭਾਰਤੀ ਨਾਗਰਿਕ ਕਰਨ ਬਰਾੜ (22), ਕਮਲਪ੍ਰੀਤ ਸਿੰਘ (22) ਤੇ ਕਰਨਪ੍ਰੀਤ ਸਿੰਘ (28) ਨੂੰ ਸ਼ੁੱਕਰਵਾਰ ਨੂੰ ਗ੍ਰਿਫਤਾਰ ਕਰ ਲਿਆ ਗਿਆ ਸੀ। ਉਨ੍ਹਾਂ 'ਤੇ ਕਤਲ ਅਤੇ ਕਤਲ ਦੀ ਸਾਜ਼ਿਸ਼ ਰਚਣ ਦੇ ਦੋਸ਼ ਲਾਏ ਗਏ। ਮੀਡੀਆ ਮੁਤਾਬਕ ਤਿੰਨਾਂ ਨੂੰ ਸਰੀ ਦੀ ਖਚਾਖਚ ਭਰੀ ਸੂਬਾਈ ਅਦਾਲਤ ਵਿੱਚ ਵੀਡੀਓ ਕਾਨਫਰੰਸ ਰਾਹੀਂ ਵੱਖਰੇ ਤੌਰ 'ਤੇ ਪੇਸ਼ ਕੀਤਾ ਗਿਆ। ਉਹ ਆਪਣੇ ਵਕੀਲਾਂ ਨਾਲ ਸਲਾਹ ਕਰਨ ਲਈ ਸਮਾਂ ਦੇਣ ਲਈ ਕੇਸ ਦੀ ਸੁਣਵਾਈ 21 ਮਈ ਤੱਕ ਮੁਲਤਵੀ ਕਰਨ ਲਈ ਸਹਿਮਤ ਹੋਏ। ਮੰਨਿਆ ਜਾ ਰਿਹਾ ਹੈ ਕਿ ਗ੍ਰਿਫਤਾਰ ਕੀਤੇ ਵਿਅਕਤੀ ਉਸ ਕਥਿਤ ਗਰੁੱਪ ਦੇ ਮੈਂਬਰ ਹਨ, ਜਿਸ ਨੂੰ ਨਿੱਝਰ ਦੀ ਹੱਤਿਆ ਦਾ ਕੰਮ ਸੌਂਪਿਆ ਗਿਆ ਸੀ।

## ਬਾਊਂਸਰ ਮੀਤ ਦੇ ਕਤਲ ਕਾਂਡ 'ਚ ਨਵਾਂ ਮੋੜ, ਦਵਿੰਦਰ ਬੰਬੀਹਾ ਗੈਂਗ ਨੇ ਪਾਈ ਪੋਸਟ

**ਚੰਡੀਗੜ੍ਹ, 8 ਮਈ (ਆਵਾਜ਼ਿ ਕੌਮ ਬਿਊਰੋ)**-ਖਰੜ ਵਿਚ ਕੱਲ੍ਹ ਹੋਏ ਬਾਊਂਸਰ ਮਨੀਸ਼ ਦੇ



ਕਤਲ ਦੀ ਜ਼ਿੰਮੇਵਾਰੀ ਬੰਬੀਹਾ ਗੈਂਗ ਨੇ ਲਈ ਹੈ। ਉਸ ਨੇ ਸੋਸ਼ਲ ਮੀਡੀਆ 'ਤੇ ਪੋਸਟ ਕਰਦੇ ਹੋਏ ਲਿਖਿਆ ਹੈ ਕਿ ਇਹ ਕਤਲ ਲੱਕੀ ਪਟਿਆਲ ਨੇ ਕਰਵਾਇਆ ਹੈ। ਇਹ 5 ਸਾਲ ਪਹਿਲਾਂ ਹੋਏ ਮੀਤ ਬਾਊਂਸਰ ਦੇ ਕਤਲ ਦਾ ਬਦਲਾ ਹੈ। ਪੋਸਟ 'ਚ ਬੰਬੀਹਾ ਗੈਂਗ ਨੇ ਚੇਤਾਵਨੀ ਵੀ ਦਿੱਤੀ ਹੈ ਕਿ ਜਿੰਨਾ ਸਮਾਂ ਲੰਘੇਗਾ, ਦੁਸ਼ਮਣੀ ਓਨੀ ਹੀ ਵਧੇਗੀ। ਕਿਸੇ ਨੂੰ ਕਿਸੇ ਕਿਸਮ ਦੀ ਗਲਤਫਹਿਮੀ ਵਿਚ ਨਹੀਂ ਰਹਿਣਾ ਚਾਹੀਦਾ। ਜਿਹੜੇ ਰਹਿ ਗਏ ਹਨ ਉਹ ਵੀ ਤੱਕੜੇ ਹੋ ਕੇ ਰਹਿਣ। ਤੁਹਾਡੀ ਵਾਰੀ ਵੀ ਜਲਦੀ ਆਵੇਗੀ। ਦੱਸਣਯੋਗ ਹੈ ਕਿ 5 ਸਾਲ ਪਹਿਲਾਂ ਬਾਊਂਸਰ ਮੀਤ ਦਾ ਕਤਲ ਪੰਚਕੂਲਾ ਦੇ ਪਿੰਡ ਸਕੇਤੜੀ ਸਥਿਤ ਸ਼ਿਵ ਮੰਦਰ ਦੇ ਸਾਹਮਣੇ ਦਿਨ ਦਿਹਾੜੇ ਕੀਤਾ ਗਿਆ ਸੀ। ਦਰਅਸਲ ਚੰਡੀਗੜ੍ਹ ਦੇ ਸੈਕਟਰ 26 ਸਥਿਤ ਇਕ ਕਲੱਬ ਵਿਚ ਇਹ ਵਿਵਾਦ ਹੋਇਆ ਸੀ। ਇਸ ਵਿਚ ਕਰੂਕਸ਼ੇਤਰ ਤੋਂ ਆਏ ਕੁਝ ਨੌਜਵਾਨਾਂ ਨਾਲ ਝਗੜਾ ਹੋਇਆ ਸੀ। ਉਨ੍ਹਾਂ ਦੇ ਉਥੇ ਹੰਗਾਮਾ ਕਰਨ ਤੋਂ ਬਾਅਦ ਮੌਜੂਦ ਬਾਊਂਸਰ ਗਗਨਦੀਪ ਸਿੰਘ ਨਾਲ ਉਸ ਦਾ ਵਿਵਾਦ ਹੋ ਗਿਆ ਸੀ। ਗਗਨ ਦੀ ਮਦਦ ਕਰਨ ਲਈ ਉਥੇ ਬਾਊਂਸਰ ਮੀਤ ਪਹੁੰਚਿਆ। ਇਹ ਵਿਵਾਦ ਇੰਨਾ ਵੱਧ ਗਿਆ ਕਿ ਬਾਅਦ ਵਿਚ ਬਾਊਂਸਰ ਮੀਤ ਦਾ ਕਤਲ ਕਰ ਦਿੱਤਾ ਗਿਆ। ਪੁਲਸ ਸੂਤਰਾਂ ਮੁਤਾਬਕ ਇਨ੍ਹਾਂ ਦੋਵਾਂ ਗਰੁੱਪਾਂ ਅੰਦਰ ਪੁਰਾਣਾ ਵਿਵਾਦ ਹੈ। 5 ਜੁਲਾਈ 2016 ਨੂੰ ਸੈਕਟਰ 26 ਦੇ ਇਕ ਜਿਮ ਦੇ ਟ੍ਰੇਨਰ ਅਖਿਲ ਨੂੰ ਜਾਨੋਂ ਮਾਰਨ ਦੀ ਨੀਅਤ ਨਾਲ ਗੋਲੀ ਚਲਾਈ ਗਈ ਸੀ। ਉਸ ਸਮੇਂ ਪੁਲਸ ਨੇ ਗਗਨਦੀਪ ਸਿੰਘ ਵਾਸੀ ਨਯਾਗਾਂਵ, ਮਨੀਸ਼ ਕੁਮਾਰ ਉਰਫ ਮਨੀ ਵਾਸੀ ਤਿਊੜ ਅਤੇ ਗੁਰਪ੍ਰੀਤ ਸਿੰਘ ਉਰਫ ਗੋਗੀ ਖ਼ਿਲਾਫ ਮੁਕੱਦਮਾ ਦਰਜ ਕੀਤਾ ਸੀ। ਇਸ ਗੋਲੀਬਾਰੀ ਦਾ ਬਦਲਾ ਲੈਣ ਲਈ ਬੰਬੀਹਾ ਗੈਂਗ ਵਲੋਂ ਸੈਕਟਰ 26 ਦੇ ਹੀ ਇਕ ਕਲੱਬ ਦੇ ਅੰਦਰ ਗੋਲੀਬਾਰੀ ਕਰਵਾਈ ਸੀ। ਇਸ ਤੋਂ ਬਾਅਦ ਬਾਊਂਸਰ ਮੀਤ ਦਾ ਕਤਲ ਹੋ ਗਿਆ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

## ਹਰ ਸਿੱਖ 5 ਬੱਚੇ ਪੈਦਾ ਕਰੇ, ਇੱਕ ਬੱਚਾ ਖ਼ੁਦ ਰੱਖੋ ਤੇ 4 ਸਾਨੂੰ ਦੇ ਦਿਓ, ਦਮਦਮੀ ਟਕਸਾਲ ਦਾ ਐਲਾਨ

**ਅੰਮ੍ਰਿਤਸਰ, 8 ਮਈ (ਆਵਾਜ਼ਿ ਕੌਮ ਬਿਊਰੋ)**-ਦਮਦਮੀ ਟਕਸਾਲ ਅਤੇ ਸੰਤ ਸਮਾਜ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਜੀ ਨੇ ਇੱਕ ਜਨਤਕ ਮੀਟਿੰਗ ਵਿੱਚ ਸਿੱਖਾਂ ਨੂੰ ਆਪਣੇ ਬੱਚਿਆਂ ਦੀ ਗਿਣਤੀ ਵਧਾਉਣ



ਲਈ ਕਿਹਾ ਹੈ। ਸੰਤ ਹਰਨਾਮ ਸਿੰਘ ਜੀ ਖਾਲਸਾ ਨੇ ਕਿਹਾ ਕਿ ਹਰ ਸਿੱਖ ਪਰਿਵਾਰ ਨੂੰ 5 ਬੱਚੇ ਪੈਦਾ ਕਰਨੇ ਚਾਹੀਦੇ ਹਨ। ਉਨ੍ਹਾਂ ਦਾ ਇਹ ਵੀਡੀਓ ਸੋਸ਼ਲ ਮੀਡੀਆ 'ਤੇ ਕਾਫੀ ਵਾਇਰਲ ਹੋ ਰਿਹਾ ਹੈ।

**ਹਰ ਸਿੱਖ ਦੇ 5 ਬੱਚੇ ਹੋਣੇ ਚਾਹੀਦੇ ਹਨ :** ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਨੇ ਕਿਹਾ ਕਿ ਹਰ ਸਿੱਖ ਦੇ 5 ਬੱਚੇ ਹੋਣੇ ਚਾਹੀਦੇ ਹਨ। ਜੇ ਤੁਸੀਂ ਉਨ੍ਹਾਂ ਦੀ ਦੇਖਭਾਲ ਨਹੀਂ ਕਰ ਸਕਦੇ, ਤਾਂ ਉਨ੍ਹਾਂ ਨੂੰ ਮੈਨੂੰ ਦੇ ਦਿਓ। ਇੱਕ ਬੱਚਾ ਘਰ ਵਿੱਚ ਰੱਖੋ, 4 ਮੈਨੂੰ ਦੇ ਦਿਓ। ਮੈਨੂੰ ਇਨ੍ਹਾਂ ਬੱਚਿਆਂ ਵਿੱਚ ਭਵਿੱਖ ਨਜ਼ਰ ਆਉਂਦਾ ਹੈ। ਉਨ੍ਹਾਂ ਨੂੰ ਗੁਰਮਤਿ (ਧਾਰਮਿਕ) ਸਿੱਖਿਆ ਦਿੱਤੀ ਜਾਵੇਗੀ। ਇਨ੍ਹਾਂ ਵਿਚੋਂ ਕੋਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਬਣ ਜਾਵੇਗਾ, ਕੋਈ ਗ੍ਰੰਥੀ ਹੋਵੇਗਾ, ਕੋਈ ਸ਼ਹੀਦ ਹੋਵੇਗਾ ਅਤੇ ਕੋਈ ਵਿਦਵਾਨ ਬਣ ਜਾਵੇਗਾ। ਮੈਂ ਉਨ੍ਹਾਂ ਨੂੰ ਗੁਰਮਤਿ ਵਿਦਵਾਨ ਬਣਾਵਾਂਗਾ, ਜੋ ਦੇਸ਼ ਦੇ ਨਾਲ-ਨਾਲ ਵਿਦੇਸ਼ਾਂ ਵਿੱਚ ਵੀ ਪਛਾਣੇ ਜਾਣਗੇ।

ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਨੇ ਕਿਹਾ ਕਿ ਇੱਕ ਬੱਚੇ ਤੱਕ ਸੀਮਤ ਨਾ ਰਹੋ। ਇਸ ਵੇਲੇ, ਅਸੀਂ (ਸਿੱਖ) ਸੂਬੇ ਦੀ ਆਬਾਦੀ ਦਾ 52% ਬਣਦੇ ਹਾਂ, ਜਦਕਿ ਬਾਕੀ ਪ੍ਰਵਾਸੀ ਹਨ। ਆਉਣ ਵਾਲੇ ਸਮੇਂ ਵਿੱਚ ਅਸੀਂ ਘੱਟ ਗਿਣਤੀ ਬਣ ਜਾਵਾਂਗੇ। ਫਿਰ ਉਹ ਸਾਨੂੰ ਕੁੱਟਣਗੇ। ਅੱਜ ਕੱਲ੍ਹ ਨਸ਼ੇੜੀ ਬੱਚੇ ਆਪਣੇ ਮਾਪਿਆਂ ਦੀ ਕੁੱਟਮਾਰ ਕਰ ਰਹੇ ਹਨ। ਜੇਕਰ ਤੁਹਾਡੇ ਕੋਲ 4 ਬੱਚੇ ਹਨ ਤਾਂ ਘੱਟੋ-ਘੱਟ ਇੱਕ ਤੁਹਾਡੀ ਦੇਖਭਾਲ ਕਰੇਗਾ, ਦੂਜਾ ਗੁਰੂਘਰ ਜਾਂ ਹੋਰ ਕਾਰ ਸੇਵਾ ਕਰੇਗਾ। ਅੱਜ ਬੱਚੇ ਨਸ਼ਿਆਂ ਕਾਰਨ ਮਰ ਰਹੇ ਹਨ, ਪਰ ਲੋਕ ਉਨ੍ਹਾਂ ਨੂੰ ਡੇਰੇ ਵਿੱਚ ਭੇਜਣ ਲਈ ਤਿਆਰ ਨਹੀਂ ਹਨ। ਪਹਿਲਾਂ ਸਿੱਖਿਆ ਡੇਰਿਆਂ ਦੇ ਵਿੱਚ ਹੀ ਲਈ ਜਾਂਦੀ ਸੀ। ਇਹ ਡੇਰੇ ਹੀ ਹਨ ਜਿਨ੍ਹਾਂ ਨੇ ਪੰਜਾਬੀ ਸੱਭਿਅਤਾ ਨੂੰ ਸੰਭਾਲ ਕੇ ਰੱਖਿਆ ਹੈ। ਗੁਰਮਤਿ ਗਿਆਨ ਲੋਕਾਂ ਤੱਕ ਪਹੁੰਚਾਇਆ ਹੈ।

**ਮਹਿਲਾ ਕਮਿਸ਼ਨ ਨੇ ਵਿਰੋਧ ਕੀਤਾ :** ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਦੇ ਬਿਆਨ ਤੋਂ ਬਾਅਦ ਪੰਜਾਬ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਇਸ ਦੀ ਨਿਖੇਧੀ ਕੀਤੀ ਹੈ। ਗਿੱਲ ਨੇ ਕਿਹਾ ਕਿ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਵੱਡੀ ਸ਼ਖਸੀਅਤ ਹਨ ਅਤੇ ਸਾਰਿਆਂ ਦੀ ਮਹਿਮਾਨ ਨਿਵਾਜ਼ੀ ਦੇ ਹੱਕਦਾਰ ਹਨ। ਉਨ੍ਹਾਂ ਵੱਲੋਂ ਦਿੱਤਾ ਗਿਆ ਇਹ ਬਿਆਨ ਮੁਸ਼ਕਲਾਂ ਨਾਲ ਭਰਿਆ ਹੋਇਆ ਹੈ। ਔਰਤਾਂ ਬੱਚੇ ਪੈਦਾ ਕਰਨ ਵਾਲੀਆਂ ਮਸ਼ੀਨਾਂ ਨਹੀਂ ਹਨ। ਜਿਨ੍ਹਾਂ ਨੇ ਬੱਚਿਆਂ ਨੂੰ ਜਨਮ ਦਿੱਤਾ ਹੈ, ਉਹ ਉਨ੍ਹਾਂ ਦੀ ਪਰਵਰਿਸ਼ ਵੀ ਕਰ ਸਕਦੇ ਹਨ। ਅੱਜ ਲੋੜ ਬੱਚਿਆਂ ਨੂੰ ਬਾਹਰ ਜਾਣ ਤੋਂ ਰੋਕਣ ਦੀ ਹੈ। ਬੱਚੇ ਨੌਕਰੀ ਲਈ ਬਾਹਰ ਜਾ ਰਹੇ ਹਨ। ਸਾਨੂੰ ਬੱਚਿਆਂ ਨੂੰ ਬਿਹਤਰ ਸਿੱਖਿਆ ਦੇਣੀ ਚਾਹੀਦੀ ਹੈ ਨਾ ਕਿ ਉਨ੍ਹਾਂ ਨੂੰ ਧਰਮ ਵਿੱਚ ਸ਼ਾਮਲ ਕਰਨਾ ਚਾਹੀਦਾ ਹੈ। ਪੰਜਾਬ ਵਿੱਚ ਹਰ ਕਦਮ ਬੱਚਿਆਂ ਲਈ ਚੁੱਕਿਆ ਜਾ ਰਿਹਾ ਹੈ, ਚਾਹੇ ਉਹ ਪੜ੍ਹਾਈ ਹੋਵੇ ਜਾਂ ਨੌਕਰੀ।

## ਮੋਂਟੀ ਪਨੇਸਰ ਨੇ ਹਫ਼ਤੇ ਬਾਅਦ ਈਲਿੰਗ ਸਾਊਥਾਲ ਹਲਕੇ ਤੋਂ ਵਰਕਰਜ਼ ਪਾਰਟੀ ਦੇ ਉਮੀਦਵਾਰ ਵਜੋਂ ਅਸਤੀਫ਼ਾ ਦਿੱਤਾ

### ਪਾਰਟੀਆਂ ਲੇਬਰ ਦੇ ਮਜ਼ਬੂਤ ਐਮ ਪੀ ਵਰਿੰਦਰ ਸ਼ਰਮਾ ਦੇ ਮੁਕਾਬਲੇ ਕੱਦਾਵਰ ਆਗੂ ਦੀ ਭਾਲ ਵਿੱਚ






**ਲੰਡਨ, 8 ਮਈ (ਸਰਬਜੀਤ ਸਿੰਘ ਬਨੂੜ)** - ਇੰਗਲੈਂਡ ਦੇ ਸਾਬਕਾ ਕ੍ਰਿਕਟਰ ਮੋਂਟੀ ਪਨੇਸਰ ਨੇ ਸਿਰਫ਼ ਇੱਕ ਹਫ਼ਤੇ ਬਾਅਦ ਹੀ ਜਾਰਜ ਗੈਲੋਵੇ ਦੀ ਵਰਕਰਜ਼ ਪਾਰਟੀ ਆਫ਼ ਗ੍ਰੇਟ ਬ੍ਰਿਟੇਨ ਦੇ ਉਮੀਦਵਾਰ ਵਜੋਂ ਆਪਣਾ ਉਮੀਦਵਾਰੀ ਛੱਡ ਦਿੱਤੀ ਹੈ।

ਮੀਡੀਆ ਇੰਟਰਵਿਊਆਂ ਦੀ ਇੱਕ ਲੜੀ ਤੋਂ ਬਾਅਦ, ਉਸਨੇ ਕਿਹਾ ਹੈ ਕਿ ਉਹ ਹੁਣ ਇਸ ਸੀਟ ਤੋਂ ਚੋਣ ਨਹੀਂ ਲੜੇਗਾ ਅਤੇ ਇਸ ਦੀ ਬਜਾਏ "ਪਰਿਪੱਕ ਹੋਣ ਅਤੇ ਆਪਣੇ ਸਿਆਸੀ ਪੈਰਾਂ ਨੂੰ ਲੱਭਣ ਵਿੱਚ ਕੁਝ ਸਮਾਂ ਲਵੇਗਾ÷। ਪਨੇਸਰ ਨੇ ਪੱਛਮੀ ਲੰਡਨ ਦੀ ਈਲਿੰਗ, ਸਾਊਥਾਲ ਸੀਟ ਤੋਂ ਚੋਣ ਲੜਨੀ ਸੀ, ਜਿੱਥੇ ਜਿਲਾ ਜਲੰਧਰ ਦੇ ਜੰਮ ਪਲ ਲੇਬਰ ਪਾਰਟੀ ਦੇ ਮਜ਼ਬੂਤ ਐਮ ਪੀ ਸ਼੍ਰੀ ਵਰਿੰਦਰ ਸ਼ਰਮਾ 16,084 ਦੇ ਬਹੁਮਤ ਨਾਲ ਕਾਬਜ ਹਨ ਜੋ ਲਗਾਤਾਰ ਸੰਨ 2007 ਤੋਂ ਸੰਸਦ ਮੈਂਬਰ ਹਨ।

ਐਕਸ 'ਤੇ ਇੱਕ ਬਿਆਨ ਵਿੱਚ, ਸ਼੍ਰੀ ਪਨੇਸਰ ਨੇ ਕਿਹਾ: "ਮੈਂ ਇੱਕ ਮਾਣ ਵਾਲਾ ਬ੍ਰਿਟਿਸ਼ ਹਾਂ ਜਿਸ ਨੂੰ ਕ੍ਰਿਕਟ ਦੇ ਉੱਚ ਪੱਧਰ 'ਤੇ ਮੇਰੇ ਦੇਸ਼ ਦੀ ਨੁਮਾਇੰਦਗੀ ਕਰਨ ਦਾ ਮਾਣ ਪ੍ਰਾਪਤ ਹੋਇਆ ਹੈ। ਜਿਕਰਯੋਗ ਹੈ ਕਿ ਯੂ ਕੇ ਦੀਆਂ ਸਮੂਹ ਪਾਰਟੀਆਂ ਲੇਬਰ ਦੇ ਮੌਜੂਦਾ ਐਮ ਪੀ ਵਰਿੰਦਰ ਸ਼ਰਮਾ ਦੇ ਮੁਕਾਬਲੇ ਕੱਦਾਵਰ ਆਗੂ ਦੀ ਭਾਲ ਵਿੱਚ ਹਨ ਜੋ ਇਸ ਸੀਟ ਤੋਂ ਲੇਬਰ ਨੂੰ ਵੱਖ ਕਰਨ ਵਿੱਚ ਸਹਾਈ ਹੋਵੇ।


ਮਹਾਨ ਜਰਨੈਲ ਬਾਬਾ ਜੱਸਾ ਸਿੰਘ ਰਾਮਗੜ੍ਹੀਆ ਜੀ ਦੀ
੩੦੦ ਸਾਲਾਂ ਜਨਮ ਸ਼ਤਾਬਦੀ ਦੇ ਸਮਾਪਨ ਦੇ ਮੌਕੇ ਤੇ
ਸ਼ੋਮਣੀ ਪੰਥ ਅਕਾਲੀ ਬੁੱਢਾ ਦਲ ਅਤੇ ਸਮੂਹ ਦਲ ਪੰਥ
ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਅਤੇ ਚੜਦੀ ਕਲਾ ਟਾਈਮ ਟੀਵੀ ਦੇ ਸਹਿਯੋਗ ਨਾਲ
ਕਾਰ ਸੇਵਾ ਗੁਰਦੁਆਰਾ ਚਿੱਲ੍ਹਾ ਸਾਹਿਬ ਸਿਰਸਾ
ਬਾਬਾ ਜੱਸਾ ਸਿੰਘ ਰਾਮਗੜਿਆ ਜਨਮ ਸ਼ਤਾਬਦੀ ਕਮੇਟੀ
ਇੰਟਰਨੈਸ਼ਨਲ ਸਿੱਖ ਫੋਰਮ
ਸ਼ੋਮਣੀ ਗਤਕਾ ਫੈਡਰੇਸ਼ਨ ਆਫ ਇੰਡੀਆ
ਵਲੋਂ
ਆਵਾਜ਼ਿ ਕੌਮ AWAZE QAUM International Newspaper & WEB TV
ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਜੀ ਮੁਖੀ ਬੁੱਢਾ ਦਲ
ਸਿੰਘ ਸਾਹਿਬ ਗਿ: ਹਰਪ੍ਰੀਤ ਸਿੰਘ ਜੀ ਜੱਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ
SGFI
ISF INTERNATIONAL SIKH FORUM
ਮਹਾਨ ਸ਼ਤਾਬਦੀ ਗੁਰਮਤਿ ਸਮਾਗਮ
ਸਥਾਨ : ਗੁਰਦੁਆਰਾ ਚਿੱਲ੍ਹਾ ਸਾਹਿਬ, ਸਿਰਸਾ
ਮਿਤਿ : 12 ਮਈ 2024 ਦਿਨ : ਐਤਵਾਰ, ਸਮਾਂ ਸਵੇਰੇ 9:00 ਵਜੇ ਤੋਂ ਦੁਪਹਿਰ 3:00 ਵਜੇ ਤੱਕ
ਸਿੰਘ ਸਾਹਿਬ ਬਾਬਾ ਮਾਨ ਸਿੰਘ ਜੀ ਮੜ੍ਹੀਆਂ ਵਾਲੇ
ਜਥੇਦਾਰ ਬਾਬਾ ਜਗਤਾਰ ਸਿੰਘ ਜੀ (ਗੁਰਦੁਆਰਾ ਚਿੱਲ੍ਹਾ ਸਾਹਿਬ)
ਸਮਾਗਮ ਦੌਰਾਨ ਇਤਿਹਾਸਿਕ ਸ਼ਸਤਰਾਂ ਦੇ ਦਰਸ਼ਨ ਬੁੱਢਾ ਦਲ ਵਲੋਂ ਕਰਵਾਏ ਜਾਣਗੇ
ਪਹੁੰਚ ਰਹੇ ਸੰਤ ਮਹਾਪੁਰਸ਼, ਰਾਗੀ, ਢਾਡੀ, ਪ੍ਰਚਾਰਕ ਅਤੇ ਪੰਥਕ ਸ਼ਖਸ਼ੀਅਤਾਂ
ਜ: ਭੁਪਿੰਦਰ ਸਿੰਘ ਅਸੰਧ ਪ੍ਰਧਾਨ ਹਰਿਆਣਾ ਗੁ: ਪ੍ਰ: ਕਮੇਟੀ
ਜ: ਬਲਜੀਤ ਸਿੰਘ ਦਾਦੂਵਾਲ ਚੇਅਰਮੇਨ ਧਰਮ ਪ੍ਰਚਾਰ ਹਰਿਆਣਾ ਗੁ: ਪ੍ਰ: ਕਮੇਟੀ
ਸ: ਜਗਜੀਤ ਸਿੰਘ ਦਰਦੀ ਪਦਮ ਸ੍ਰੀ ਅਤੇ ਪ੍ਰਧਾਨ ਸਿੱਖ ਫੋਰਮ
ਭਾਈ ਗੁਰਪ੍ਰੀਤ ਸਿੰਘ ਜੀ ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ
ਭਾਈ ਜਸਕਰਨ ਸਿੰਘ ਜੀ ਪੰਥ ਪ੍ਰਸਿੱਧ ਰਾਗੀ ਜੱਥਾ ਪਟਿਆਲਾ ਵਾਲੇ
ਡਾ ਸੁਖਪ੍ਰੀਤ ਸਿੰਘ ਉਦੋਕੇ ਪੰਥ ਪ੍ਰਸਿੱਧ ਹਿਸਟੋਰਿਅਨ ਅਤੇ ਪ੍ਰਚਾਰਕ
ਭਾਈ ਸੁਖਜੀਤ ਸਿੰਘ ਘਨਇਆ ਪੰਥ ਪ੍ਰਸਿਧ ਕਥਾ ਵਾਚਕ ਬੁੱਢਾ ਦਲ
ਖਾਲਸਾ ਫਤਿਹ ਮਾਰਚ
11 ਮਈ 2024, ਸ਼ਾਮ 3:00 ਵਜੇ
ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਹਿਸਾਰ ਤੋਂ ਸਵੇਰੇ 9 ਵਜੇ ਆਰੰਭ ਹੋ ਕੇ ਢੰਡੂਰ, ਅਗਰੋਹਾ, ਫਤਿਹਾਬਾਦ, ਡਿੰਗ ਹੁੰਦਾ ਹੋਇਆ ਸ਼ਾਮ ੩ ਵਜੇ ਸਿਰਸਾ ਹੁੱਡਾ ਚੋਕ ਪਹੁੰਚ ਕੇ ਵੱਖ ਵੱਖ ਬਾਜਾਰਾਂ ਤੋਂ ਹੁੰਦਾ ਹੋਇਆ ਸ਼ਾਮ 7 ਵਜੇ ਗੁਰਦੁਆਰਾ ਚਿੱਲ੍ਹਾ ਸਾਹਿਬ ਸਮਾਪਤੀ ਹੋਵੇਗੀ
18 ਵੀਂ ਸਦੀ ਦੇ ਕੁਰਬਾਨੀਆਂ ਭਰੇ ਸਿੱਖ ਇਤਿਹਾਸ ਤੇ ਆਧਾਰਿਤ ਇਤਿਹਾਸਕ ਲਾਈਟ ਅਤੇ ਸਾਊਂਡ ਨਾਟਕ
ਕੌਮ ਦਾ ਯੋਧਾ
11 ਮਈ 2024, ਸ਼ਾਮ 7:00 ਵਜੇ
11 ਮਈ ਨੂੰ ਨਿਹੰਗ ਸਿੰਘ ਜੱਥੇਬੰਦੀਆਂ ਜੰਗੀ ਘੋੜੇ ਅਤੇ ਊਂਠਾਂ ਸਮੇਤ ਪੂਰੇ ਜਾਹੋ ਜਲਾਲ ਨਾਲ ਖਾਲਸਾ ਫਤਿਹ ਮਾਰਚ ਵਿਚ ਸ਼ਾਮਿਲ ਹੋਣਗੀਆਂ ਅਤੇ
12 ਮਈ ਨੂੰ ਗੁਰਦੁਆਰਾ ਚਿੱਲ੍ਹਾ ਸਾਹਿਬ ਵਿਖੇ ਅੰਮ੍ਰਿਤ ਸੰਚਾਰ ਹੋਵੇਗਾ
ਫ੍ਰੀ ਮੈਡਿਕਲ ਕੈਂਪ, ਖੂਨ-ਦਾਨ ਕੈਂਪ ਅਤੇ ਇਤਿਹਾਸਿਕ ਚਿਤਰ ਪ੍ਰਦਰਸ਼ਨੀ ਵੀ ਰਹੇਗੀ
Media Partner
CHARDIKLA TIME TV
ਸੰਪਰਕ: 98964-51113, 94164-13612, 94160-45751, 94160-05797, 81684-29100

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net






ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



## ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

100% VEGETARIAN PURE AND NATURAL

Enjoy Real Taste of PUNJAB

KD

FULLY A.C. HALL

**Khehra VAISHNO DHABA**

BREAKFAST LUNCH DINNER

**OUR SPECIALIZATION :** Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian

Jalandhar-Amritsar G.T. Road

NEAR JANDIALA GURU

Contact

98610-00057, 99152-32757



We Accept Online & Card Payment



## ਪੰਜਾਬੀ

### ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ

ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ

ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI








# ASA Gas Heating Solution Ltd.

Boilers
Certificates
Gas Work
Cylinders
Maintenance Services

Gas Safety Inspections
Plumbing Work

Vaillant APPROVED INSTALLER | WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com
Call us now for a Free no-olbigation quote

# THE GURBANI SCHOOL

THE GURBANI SCHOOL

**ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।**

**LEARN THE CORRECT PRONUNCIATION OF GURBANI IN THE CONVENIENCE OF YOUR OWN HOME**

GET IT ON Google Play

Download on the App Store




ਆਵਾਜ਼ਿ ਕੌਮ AWAZE QAUM International Newspaper & WEB TV

**INTERACTIVE LEARNING**
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION

**8**

**EIGHT PRAYERS AVAILABLE**
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN

**AUTO SCROLL GURBANI PLAYER**
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION

**MULTILINGUAL**
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH


ਸ੍ਰੀ ਅਕਾਲ ਜੀ ਸਹਾਇ
ਦੇਗ ਤੇਗ ਫਤਿਹ
ਪੰਥ ਕੀ ਜੀਤ
ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ
ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 40ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ
ਸ਼ਬਦ ਕੀਰਤਨ ਅਤੇ ਕਥਾ ਸਮਾਗਮ
1 ਮਈ ਤੋਂ 31 ਮਈ 2024 ਤੱਕ
ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ
ਆਵਾਜ਼ਿ ਕੌਮ AWAZE QAUM International Newspaper & WEB TV
ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।
1 ਮਈ ਬੁੱਧਵਾਰ ਜਬੋਵਾਲ ਸ਼ਾਮ 6 ਤੋਂ 8 ਵਜੇ ਤੱਕ
2 ਮਈ ਵੀਰਵਾਰ ਜੱਫਰਵਾਲ ਸ਼ਾਮ 6 ਤੋਂ 8 ਵਜੇ ਤੱਕ
3 ਮਈ ਸ਼ੁੱਕਰਵਾਰ ਸਹਾਇਪੁਰ ਸ਼ਾਮ 6 ਤੋਂ 8 ਵਜੇ ਤੱਕ
4 ਮਈ ਸ਼ਨੀਵਾਰ ਮੁਰਾਦਪੁਰ ਸ਼ਾਮ 6 ਤੋਂ 8 ਵਜੇ ਤੱਕ
5 ਮਈ ਐਤਵਾਰ ਗੁਰੂ ਕੀ ਬੇਰ ਸਾਹਿਬ ਮੱਤੇਵਾਲ ਸ਼ਾਮ 5 ਤੋਂ 7 ਵਜੇ ਤੱਕ
6 ਮਈ ਸੋਮਵਾਰ ਕਾਹਲਵਾ ਸ਼ਾਮ 6 ਤੋਂ 8 ਵਜੇ ਤੱਕ
7 ਮਈ ਮੰਗਲਵਾਰ ਉੱਦੋ ਨੰਗਲ ਸ਼ਾਮ 6 ਤੋਂ 8 ਵਜੇ ਤੱਕ
8 ਮਈ ਬੁੱਧਵਾਰ ਬਾਬੋਵਾਲ ਸ਼ਾਮ 6 ਤੋਂ 8 ਵਜੇ ਤੱਕ
9 ਮਈ ਵੀਰਵਾਰ ਧਰਦਿਉ ਸ਼ਾਮ 6 ਤੋਂ 8 ਵਜੇ ਤੱਕ
10 ਮਈ ਸ਼ੁੱਕਰਵਾਰ ਧਿਆਨਪੁਰ ਸ਼ਾਮ 6 ਤੋਂ 8 ਵਜੇ ਤੱਕ
11 ਮਈ ਸ਼ਨੀਵਾਰ ਗੁ: ਬਾਬਾ ਪੱਲਾ ਜੀ ਬੁਤਾਲਾ ਸ਼ਾਮ 6 ਤੋਂ 8 ਵਜੇ ਤੱਕ
12 ਮਈ ਐਤਵਾਰ ਸਦਾਰੰਗ ਸ਼ਾਮ 6 ਤੋਂ 8 ਵਜੇ ਤੱਕ
13 ਮਈ ਸੋਮਵਾਰ ਸੂਸਾ ਸ਼ਾਮ 6 ਤੋਂ 8 ਵਜੇ ਤੱਕ
14 ਮਈ ਮੰਗਲਵਾਰ ਗੁ: ਬਾਬਾ ਮਤੂ ਜੀ ਮੀਕੇ ਸ਼ਾਮ 6 ਤੋਂ 8 ਵਜੇ ਤੱਕ
15 ਮਈ ਬੁੱਧਵਾਰ ਭਾਮ ਸ਼ਾਮ 6 ਤੋਂ 8 ਵਜੇ ਤੱਕ
16 ਮਈ ਵੀਰਵਾਰ ਭਲਾਈਪੁਰ ਪੁਰਬਾ ਸ਼ਾਮ 6 ਤੋਂ 8 ਵਜੇ ਤੱਕ
17 ਮਈ ਸ਼ੁੱਕਰਵਾਰ ਨਿੱਕੇ ਘੁੰਮਣ ਸ਼ਾਮ 6 ਤੋਂ 8 ਵਜੇ ਤੱਕ
18 ਮਈ ਸ਼ਨੀਵਾਰ ਗੁ: ਕੰਧ ਸਾਹਿਬ (ਬਟਾਲਾ) ਸ਼ਾਮ 6 ਤੋਂ 8 ਵਜੇ ਤੱਕ
19 ਮਈ ਐਤਵਾਰ ਗੁ: ਬਾਬਾ ਬਕਾਲਾ ਸਾਹਿਬ ਸਵੇਰੇ 10 ਤੋਂ 12 ਵਜੇ ਤੱਕ ਸਿਆਲਕਾ
20 ਮਈ ਸੋਮਵਾਰ ਲੀਲ ਕਲਾਂ ਸ਼ਾਮ 6 ਤੋਂ 8 ਵਜੇ ਤੱਕ
21 ਮਈ ਮੰਗਲਵਾਰ ਚੌਧਰੀਵਾਲ ਸ਼ਾਮ 6 ਤੋਂ 8 ਵਜੇ ਤੱਕ
22 ਮਈ ਬੁੱਧਵਾਰ ਤਰਸਿੱਕਾ ਭਗਤਾਂ ਦਾ ਡੇਰਾ ਸ਼ਾਮ 6 ਤੋਂ 8 ਵਜੇ ਤੱਕ
23 ਮਈ ਵੀਰਵਾਰ ਤਾਹਰਪੁਰ ਸ਼ਾਮ 6 ਤੋਂ 8 ਵਜੇ ਤੱਕ
24 ਮਈ ਸ਼ੁੱਕਰਵਾਰ ਬਾਸਰਪੁਰ ਰਾਤ 8 ਤੋਂ 10 ਵਜੇ ਤੱਕ
25 ਮਈ ਸ਼ਨੀਵਾਰ ਖੱਬੇ ਰਾਜਪੂਤਾਂ ਸ਼ਾਮ 6 ਤੋਂ 8 ਵਜੇ ਤੱਕ
26 ਮਈ ਐਤਵਾਰ ਭੀਲੋਵਾਲ ਸ਼ਾਮ 6 ਤੋਂ 8 ਵਜੇ ਤੱਕ
27 ਮਈ ਸੋਮਵਾਰ ਜੇਠੂਵਾਲ ਸ਼ਾਮ 6 ਤੋਂ 8 ਵਜੇ ਤੱਕ
28 ਮਈ ਮੰਗਲਵਾਰ ਗੁ: ਰਾਮ ਥੰਮਣ ਸਾਹਿਬ ਮਨੇਸ਼ ਸ਼ਾਮ 6 ਤੋਂ 8 ਵਜੇ ਤੱਕ
29 ਮਈ ਬੁੱਧਵਾਰ ਮੋਹਣੀਆ ਕੁਹਾਰਾ ਸ਼ਾਮ 6 ਤੋਂ 8 ਵਜੇ ਤੱਕ
30 ਮਈ ਵੀਰਵਾਰ ਜਲਾਲ ਉਸਮਾ ਸ਼ਾਮ 6 ਤੋਂ 8 ਵਜੇ ਤੱਕ
31 ਮਈ ਸ਼ੁੱਕਰਵਾਰ ਮਹਿਤਾ ਚੌਂਕ ਸ਼ਾਮ 6 ਤੋਂ 8 ਵਜੇ ਤੱਕ
1-2-3-4-5 ਜੂਨ 2024 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ
ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2024, ਵੀਰਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ
ਜਾਰੀ ਕਰਤਾ:
ਖਾਲਸਾ ਅਕੈਡਮੀ
ਨਰਸਰੀ ਤੋਂ +2 ਤੱਕ
ਖਾਲਸਾ
I.C.S.E. Board
Pre-Nur to 8th
ਖਾਲਸਾ ਹੋਸਟਲ
Fully A.C.
ਖਾਲਸਾ
ਦਾਖ਼ਲਾ ਸ਼ੁਰੂ
99155-85685
ਸੰਪਰਕ: 99158-00904, 97793-10040, 98158-14158, 84376-91626




**ਚੇਤ** (ਮਾਰਚ-24 – ਅਪ੍ਰੈਲ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

**ਵੈਸਾਖ** (ਅਪ੍ਰੈਲ-24 – ਮਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੦ | ੩੧ | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

**ਜੇਠ** (ਮਈ-24 – ਜੂਨ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

**ਹਾੜ** (ਜੂਨ-24 – ਜੁਲਾਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | 32 | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

**ਸਾਵਣ** (ਜੁਲਾਈ-24 – ਅਗਸਤ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

**ਭਾਦੋਂ** (ਅਗਸਤ-24 – ਸਤੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

**ਅੱਸੂ** (ਸਤੰਬਰ-24 – ਅਕਤੂਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | ੧ | ੨ | ੩ | ੪ | ੫ | ੬ |
| ੭ | ੮ | ੯ | ੧੦ | ੧੧ | ੧੨ | ੧੩ |
| ੧੪ | ੧੫ | ੧੬ | ੧੭ | ੧੮ | ੧੯ | ੨੦ |
| ੨੧ | ੨੨ | ੨੩ | ੨੪ | ੨੫ | ੨੬ | ੨੭ |
| ੨੮ | ੨੯ | ੩੦ | ੩੧ | | | |

**ਕੱਤਕ** (ਅਕਤੂਬਰ-24 – ਨਵੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

**ਮੱਘਰ** (ਨਵੰਬਰ-24 – ਦਸੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

**ਪੋਹ** (ਦਸੰਬਰ-24 – ਜਨਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੧ | ੨ | ੩ | ੪ | ੫ | ੬ | ੭ |
| ੮ | ੯ | ੧੦ | ੧੧ | ੧੨ | ੧੩ | ੧੪ |
| ੧੫ | ੧੬ | ੧੭ | ੧੮ | ੧੯ | ੨੦ | ੨੧ |
| ੨੨ | ੨੩ | ੨੪ | ੨੫ | ੨੬ | ੨੭ | ੨੮ |
| ੨੯ | ੩੦ | | | | | |

**ਮਾਘ** (ਜਨਵਰੀ-25 – ਫ਼ਰਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | | | | |

**ਫੱਗਣ** (ਫ਼ਰਵਰੀ-25 – ਮਾਰਚ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | ੧ | ੨ | ੩ | ੪ |
| ੫ | ੬ | ੭ | ੮ | ੯ | ੧੦ | ੧੧ |
| ੧੨ | ੧੩ | ੧੪ | ੧੫ | ੧੬ | ੧੭ | ੧੮ |
| ੧੯ | ੨੦ | ੨੧ | ੨੨ | ੨੩ | ੨੪ | ੨੫ |
| ੨੬ | ੨੭ | ੨੮ | ੨੯ | ੩੦ | | |

ਸੰਗਰਾਂਦ | ਮੱਸਿਆ | ਪੂਰਨਮਾਸ਼ੀ

**ਗੁਰਪੁਰਬ** | **ਇਤਿਹਾਸਕ ਦਿਹਾੜੇ** | **ਸਰਕਾਰੀ ਛੁੱਟੀਆਂ** | **ਤਖ਼ਤ ਸਾਹਿਬਾਨ ਦੇ ਦਿਹਾੜੇ**

ਆਰੰਭਤਾ ਸੰਮਤ ਨਾਨਕਸ਼ਾਹੀ ੫੫੬ 01 ਚੇਤ

## ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.

ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## 6 ਜੂਨ 1984 ਦੇ 40ਵੇਂ ਘੱਲੂਘਾਰੇ ਨੂੰ ਸਮਰਪਿਤ 40 ਦਿਨ ਵਾਹਿਗੁਰੂ ਸਿਮਰਨ

ਜੂਨ 1984 ਦੇ ਸਮੂਹ ਸ਼ਹੀਦ ਕੀਤੇ ਸਿੰਘ ਸਿੰਘਣੀਆਂ ਭੁਝੰਗੀਆਂ ਦੀਆਂ ਸ਼ਹੀਦੀਆਂ ਨੂੰ ਸਮਰਪਿਤ 40 ਦਿਨ ਨਾਮ ਸਿਮਰਨ ਕਰਵਾਇਆ ਜਾ ਰਿਹਾ ਹੈ

• 27 ਅਪ੍ਰੈਲ ਸ਼ਨਿੱਚਰਵਾਰ ਸ਼ਾਮ 5 ਵਜੇ ਪਹਿਲੇ ਦਿਨ ਦੀ ਵਾਹਿਗੁਰੂ ਸਿਮਰਨ ਦੀ ਆਰੰਭਤਾ ਹੋਵੇਗੀ • 8 ਜੂਨ 2024 ਸ਼ਨਿੱਚਰਵਾਰ ਸ਼ਾਮ 6 ਵਜੇ ਸਮਾਪਤੀ ਹੋਵੇਗੀ

ਸਮੇਂ ਦਾ ਵੇਰਵਾ : ਹਰ ਸ਼ਨਿੱਚਰਵਾਰ ਸ਼ਾਮ 5 ਤੋਂ 6 ਵਜੇ ਤੱਕ, ਬਾਕੀ ਸਾਰੇ ਦਿਨ ਹਰ ਰੋਜ ਸ਼ਾਮ 7 ਵਜੇ ਆਰੰਭਤਾ, 8 ਵਜੇ ਵਾਹਿਗੁਰੂ ਸਿਮਰਨ ਦੀ ਸਮਾਪਤੀ ਹੋਵੇਗੀ।

☛ ਵੱਧ ਤੋਂ ਵੱਧ ਸ਼ੇਅਰ ਜ਼ਰੂਰੀ ਕਰਨਾ ਜੀ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




ਆਵਾਜ਼ਿ ਕੌਮ AWAZE QAUM
International Newspaper & WEB TV

ਸੰਤ ਚਰਨਜੀਤ ਸਿੰਘ ਜੱਸੋਵਾਲ ਵੱਲੋਂ ਸੰਸਾਰ ਦੀਆਂ ਸੰਗਤਾਂ ਨੂੰ ਬੇਨਤੀ ਹੈ ਕਿ ਆਪਣੇ ਸਾਰੇ ਵਹੀਕਲਾਂ ਤੇ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਦੋ ਜੂਨ ਰੋਡੇ ਪੁੱਜਣ ਵਾਲੇ ਸਟਿੱਕਰ ਲਾ ਕੇ ਸੰਤਾਂ ਦੀਆਂ ਖੁਸ਼ੀਆਂ ਲਵੋ।



--✶ ਗੁਰੂ ਗ੍ਰੰਥ ਪੰਥ ਦੇ ਦਾਸ ✶--

# ਜਥੇਬੰਦੀ ਦਮਦਮੀ ਟਕਸਾਲ ਭਿੰਡਰਾਂਵਾਲੇ




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ
AWAZE QAUM
International Newspaper & WEB TV
2 ਜੂਨ ਨੂੰ ਰੋਡੇ ਪੁੱਜੋ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖ਼ਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਅਵਤਾਰ ਪੁਰਬ

ਅਵਤਾਰ ਪੁਰਬ ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ, ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਸਰਹਿੰਦ ਫ਼ਤਿਹ ਦਿਵਸ, ਸਲਾਨਾ ਬਰਸੀਂ ਬਾਬਾ ਬੀਰ ਸਿੰਘ ਜੀ ਨੌਰੰਗਾਬਾਦ ਵਾਲੇ ਗੱਗੋਬੂਹਾ (ਅੰਮ੍ਰਿਤ) ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ



ਭਾਰਤ ਦੀ ਕਾਂਗਰਸ ਸਰਕਾਰ ਨੇ ਜੂਨ 1984 ਘੱਲੂਘਾਰੇ ਤੇ ਕੀਤੇ ਸ਼ਹੀਦ ਸਿੰਘ ਸਿੰਘਣੀਆਂ ਭੁਝੰਗੀਆਂ ਦੀ ਸ਼ਹੀਦੀ ਨੂੰ ਸਮਰਪਿਤ 40 ਦਿਨ ਹਰ ਰੋਜ ਸੋਮਵਾਰ ਤੋਂ ਸ਼ੁੱਕਰਵਾਰ ਸ਼ਾਮਾਂ ਨੂੰ 7 ਤੋਂ 8 ਵਜ਼ੇ ਤੱਕ ਵਾਹਿਗੁਰੂ ਦਾ ਅਭਿਆਸ ਸਿਮਰਨ ਹੋਵੇਗਾ

ਸ਼ਨਿੱਚਰਵਾਰ 11 ਮਈ ਸ਼ਾਮ 5 ਤੋਂ 6 ਵਜ਼ੇ ਤੱਕ ਵਾਹਿਗੁਰੂ ਸਿਮਰਨ 6 ਤੋ 8 ਵਜ਼ੇ ਤੱਕ ਦੀਵਾਨ ਸੱਜਣਗੇ।

ਐਤਵਾਰ 12 ਮਈ 2024 ਸਮਾਂ 6 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਭਾਈ ਦਇਆ ਸਿੰਘ ਯੂ.,ਐਸੇ,ਏ ਵਾਲੇ ਅਤੇ ਭਾਈ ਜਸਪਾਲ ਸਿੰਘ ਬਟਾਲੇ ਵਾਲੇ ਕਥਾ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778





## ਮਾਂਟਰੀਅਲ 'ਚ ਸਿੱਖਸ ਫਾਰ ਜਸਟਿਸ ਕਾਰਕੁਨਾਂ ਵੱਲੋਂ ਭਾਰਤੀ ਹਾਈ ਕਮਿਸ਼ਨਰ ਸੰਜੇ ਵਰਮਾ ਵਿਰੁੱਧ ਜ਼ਬਰਦਸਤ ਰੋਸ ਪ੍ਰਦਰਸ਼ਨ

# ਸੰਜੇ ਵਰਮਾ ਖਾਲਿਸਤਾਨ ਆਗੂ ਭਾਈ ਨਿੱਜਰ ਦਾ ਕਾਤਲ ਹੈ - ਚਰਨਜੀਤ ਸਿੰਘ ਸੁੱਜੋ

## ਭਾਰਤੀ ਲੋਕ ਹੀ ਭਾਰਤ ਦੀ ਕਿਸਮਤ ਦਾ ਫ਼ੈਸਲਾ ਕਰਨਗੇ, ਵਿਦੇਸ਼ੀ ਨਹੀਂ - ਸੰਜੇ ਕੁਮਾਰ ਵਰਮਾ







**ਮਾਂਟਰੀਅਲ, ਮਈ (ਸਰਬਜੀਤ ਸਿੰਘ ਬਨੂੜ)** - ਸਿੱਖਸ ਫਾਰ ਜਸਟਿਸ ਦੇ ਕਾਰਕੁੰਨਾਂ ਨੇ ਭਾਈ ਚਰਨਜੀਤ ਸਿੰਘ ਸੁੱਜੋ ਦੀ ਅਗਵਾਈ ਤੇ ਗੁਰਦੁਆਰਾ ਗੁਰੂ ਨਾਨਕ ਦਰਬਾਰ ਰਸਾਲ ਦੀਆਂ ਸੰਗਤਾਂ ਵੱਲੋਂ ਓਮਨੀ ਮਾਂਟ-ਰਾਇਲ ਹੋਟਲ ਦੇ ਬਾਹਰ ਭਾਰਤੀ ਹਾਈ ਕਮਿਸ਼ਨਰ ਸੰਜੇ ਕੁਮਾਰ ਵਰਮਾ ਵਿਰੁੱਧ ਜੋਰਦਾਰ ਰੋਸ ਪਰਦਰਸਨ ਕਰਦਿਆਂ, ਉਸ ਨੂੰ ਵੱਖਵਾਦੀ ਆਗੂ ਭਾਈ ਹਰਦੀਪ ਸਿੰਘ ਨਿਜਰ ਦੇ ਕਤਲ ਲਈ ਮੁੱਖ ਦੋਸ਼ੀ ਦੱਸਦਿਆਂ, ਖਾਲਿਸਤਾਨ ਆਗੂ ਸ਼ਹੀਦ ਭਾਈ ਹਰਦੀਪ ਸਿੰਘ ਨਿੱਜਰ ਤੇ ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰੇ ਲਾਏ ਗਏ। ਇਸ ਮੌਕੇ ਆਗੂਆਂ ਨੇ ਭਾਰਤੀ ਅੰਬੈਸੀ ਦੇ ਉੱਚ ਅਹੁਦੇਦਾਰਾਂ ਦਾ ਹਰ ਪ੍ਰਕਾਰ ਨਾਲ ਜਨਤਕ ਵਿਰੋਧ ਕਰਨ ਦਾ ਐਲਾਨ ਕੀਤਾ ਗਿਆ।

ਦੱਸਣਯੋਗ ਹੈ ਕਿ ਪਿਛਲੇ ਸਾਲ ਖਾਲਿਸਤਾਨ ਆਗੂ ਭਾਈ ਹਰਦੀਪ ਸਿੰਘ ਨਿੱਜਰ ਦੀ ਹੱਤਿਆ ਦੇ ਦੋਸ਼ੀ ਤਿੰਨ ਭਾਰਤੀ ਨਾਗਰਿਕਾਂ ਦੀ ਇੱਕ ਅਦਾਲਤ ਵਿੱਚ ਕੈਨੇਡੀਅਨ ਪੁਲਸ ਦੁਆਰਾ ਕੀਤੀ ਗਈ ਗ੍ਰਿਫ਼ਤਾਰੀ ਅਤੇ ਪੇਸ਼ੀ ਤੋਂ ਬਾਅਦ ਕੈਨੇਡਾ ਵਿੱਚ ਭਾਰਤੀ ਹਾਈ ਕਮਿਸ਼ਨਰ ਸੰਜੇ ਕੁਮਾਰ ਵਰਮਾ ਨੇ ਓਮਨੀ ਮਾਂਟ-ਰਾਇਲ, ਸ਼ੇਰਬ੍ਰੂਕ ਸੇਂਟ ਡਬਲਯੂ,ਮਾਂਟਰੀਅਲ ਵਿੱਚ ਆਪਣੇ ਪਹਿਲੇ ਜਨਤਕ ਬਿਆਨ ਵਿੱਚ ਕਿਹਾ ਕਿ ਕੈਨੇਡਾ ਵਿਚ ਸਿੱਖ ਵੱਖਵਾਦੀ ਸਮੂਹ 'ਖ਼ਤਰੇ ਦੀ ਉੱਚ ਰੇਖਾ' ਨੂੰ ਪਾਰ ਕਰ ਰਹੇ ਹਨ, ਜਿਸ ਨੂੰ ਨਵੀਂ ਦਿੱਲੀ ਰਾਸ਼ਟਰੀ ਸੁਰੱਖਿਆ ਅਤੇ ਦੇਸ਼ ਦੀ ਖੇਤਰੀ ਅਖੰਡਤਾ ਦੇ ਮੁੱਦੇ ਵਜੋਂ ਦੇਖ ਰਹੀ ਹੈ।

ਓਮਨੀ ਮਾਂਟ-ਰਾਇਲ ਬਾਹਰ ਸਿੱਖ ਰੋਸ ਪਰਦਰਸਨ ਹੋਣ ਦੇ ਬਾਵਜੂਦ ਭਾਰਤੀ ਹਾਈ ਕਮਿਸ਼ਨਰ ਸੰਜੇ ਕੁਮਾਰ ਵਰਮਾ ਨੇ ਪ੍ਰਸਿੱਧ ਥਿੰਕ ਟੈਂਕ 'ਮੌਨਟਰੀਅਲ ਕੌਂਸਲ ਆਨ ਫਾਰੇਨ ਰਿਲੇਸ਼ਨਜ਼' ਨੂੰ ਕਿਹਾ ਕਿ ਭਾਰਤੀ ਲੋਕ ਹੀ ਭਾਰਤ ਦੀ ਕਿਸਮਤ ਦਾ ਫ਼ੈਸਲਾ ਕਰਨਗੇ, ਵਿਦੇਸ਼ੀ ਨਹੀਂ। ਉਨ੍ਹਾਂ ਇਹ ਵੀ ਕਿਹਾ ਭਾਰਤ ਤੇ ਕੈਨੇਡਾ ਵਿਚਾਲੇ ਸਬੰਧ ਕੁੱਲ ਮਿਲਾ ਕੇ ਸਕਰਾਤਮਕ ਹਨ ਭਾਵੇਂ ਉਨ੍ਹਾਂ ਨੂੰ ਲੈਕੇ ਬਹੁਤ ਹੰਗਾਮਾ ਹੋ ਰਿਹਾ ਹੈ। ਵਰਮਾ ਨੇ ਇਹ ਵੀ ਕਿਹਾ ਕਿ ਦੋਵੇਂ ਦੇਸ਼ ਇਸ ਮੁੱਦੇ ਨੂੰ ਸੁਲਝਾਉਣ ਦੀ ਕੋਸ਼ਿਸ਼ ਕਰ ਰਹੇ ਹਨ।


ਭਾਰਤੀ ਹਾਈ ਕਮਿਸ਼ਨਰ ਸੰਜੇ ਕੁਮਾਰ ਵਰਮਾ


ਜੂਨ 1984 ਦੇ ਘੱਲੂਘਾਰੇ ਸਮੇਂ ਦੀ ਤਸਵੀਰ
ਆਵਾਜ਼ਿ ਕੌਮ AWAZE QAUM International Newspaper & WEB TV
"ਬੇਅੰਤ ਸ਼ਕਤੀਆਂ ਦੇ ਮਾਲਕ ਸਤਿਗੁਰੂ,
ਗਰੀਬ ਬੇਅੰਤ ਨੂੰ ਬਖਸ਼ੋ ਮੌਤ ਮਸਤੀ
ਤਖ਼ਤ ਅਕਾਲ ਦਾ ਜਿਸ ਨੇ ਤੋੜਿਆ ਹੈ
ਖਤਮ ਕਰ ਦੇਵਾਂ ਦੁਨੀਆ ਦੀ ਕੂੜ ਸ਼ਕਤੀ
ਸਿੱਖ ਹਿਰਦਿਆਂ ਨੂੰ ਜਿਸ ਨੇ ਵਿਰੁੰਨਿਆ ਹੈ
ਚੀਰ ਦਿਆਂਗੇ ਉਸ ਦੀ ਦੇਹ ਸਾਰੀ
ਮੈਨੂੰ ਭਰੋਸਾ ਹੈ ਤੇਰੀਆਂ ਰਹਿਮਤਾਂ ਤੇ,
ਇਤਿਹਾਸ ਦੁਹਰਾਇਆ ਹੈ ਸਿੱਖਾਂ ਨੇ ਕਈ ਵਾਰੀ"
ਅਮਰ ਸ਼ਹੀਦ
ਭਾਈ ਬੇਅੰਤ ਸਿੰਘ ਜੀ
ਲੋਕ ਸਭਾ ਹਲਕਾ ਫਰੀਦਕੋਟ ਤੋਂ ਆਜ਼ਾਦ ਉਮੀਦਵਾਰ
ਅਮਰ ਸ਼ਹੀਦ ਭਾਈ ਬੇਅੰਤ ਸਿੰਘ ਦੇ ਸਪੁੱਤਰ
ਸ. ਸਰਬਜੀਤ ਸਿੰਘ ਮਲੋਆ
ਸ. ਸਰਬਜੀਤ ਸਿੰਘ ਮਲੋਆ
ਆਓ ਸਾਰੇ ਆਪੋ-ਆਪਣਾ ਫਰਜ਼ ਸਮਝਦਿਆਂ ਉਨ੍ਹਾਂ ਨੂੰ ਆਪਣਾ ਕੀਮਤੀ ਵੋਟ ਪਾ ਕੇ ਕਾਮਯਾਬ ਕਰੀਏ ਤੇ ਹਰ ਤਰ੍ਹਾਂ ਦਾ ਸਹਿਯੋਗ ਦੇਈਏ।
ਸੰਪਰਕ : 95922-30916, 98140-13915




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ। ਸਚੀ ਦਰਗਹ ਜਾਇ ਸਚਾ ਪਿੜ ਮਲਿਆ।

# ਭਾਈ ਗੁਰਮੀਤ ਸਿੰਘ ਖਾਨਿਆਨ ਦੇ ਸਤਿਕਾਰਯੋਗ ਮਾਤਾ ਸਤਵੰਤ ਕੌਰ ਜੀ ਨਮਿਤ ਅੰਤਿਮ ਅਰਦਾਸ ਅੰਤਿਮ ਅਰਦਾਸ ਦਿਨ ਐਤਵਾਰ 12 ਮਈ 2024 ਨੂੰ

## ਪਿੰਡ ਖਾਨਿਆਨ ਜਿਲ੍ਹਾ ਸ਼੍ਰੀ ਫ਼ਤਹਿਗੜ੍ਹ ਸਾਹਿਬ ਵਿਖ਼ੇ ਹੋਵੇਗੀ

ਸਿੱਖ ਜਲਾਵਤਨ ਆਗੂ ਸਿੱਖ ਫੈਡਰੇਸ਼ਨ ਜਰਮਨੀ ਦੇ ਯੋਧੇ ਭਾਈ ਗੁਰਮੀਤ ਸਿੰਘ ਖਾਨਿਆਨ ਦੇ ਸਤਿਕਾਰਯੋਗ ਮਾਤਾ ਸਤਵੰਤ ਕੌਰ ਜੀ ਪਿਛਲੇ ਦਿਨੀ ਅਕਾਲ ਚਲਾਣਾ ਕਰ ਗਏ ਹਨ ਅਸੀਂ ਜੱਥਾ ਠੀਕਰੀਵਾਲ ਵਲੋਂ ਮਾਤਾ ਜੀ ਦੇ ਅਕਾਲ ਚਲਾਣਾ ਕਰ ਜਾਣ ਤੋਂ ਭਾਈ ਭਾਈ ਖਾਨਿਆਨ ਜੀ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹਾ। ਜੱਥਾ ਠੀਕਰੀਵਾਲ ਦੇ ਮੁੱਖੀ ਭਾਈ ਸੁਰਿੰਦਰ ਸਿੰਘ ਠੀਕਰੀਵਾਲ ਨੇ ਕਿਹਾ ਭਾਈ ਗੁਰਮੀਤ ਸਿੰਘ ਜੀ ਸਿੱਖ ਸੰਘਰਸ਼ ਦੇ ਪਾਂਧੀ ਹਨ ਲੰਮੇ ਸਮੇ ਤੋ ਜਲਾਵਤਨ ਹਨ ਭਾਈ ਸਾਬ ਜੀ ਹਰ ਸਿੱਖ ਸੰਘਰਸ਼ ਵਿੱਚ ਵੱਧ ਚੜ ਕੇ ਹਿਸਾ ਲੈਂਦੇ ਹਨ ਓਹਨੇ ਦੀਆ ਕੀਤਿਆਂ ਮਾਤਾ ਜੀ ਪਿਤਾ ਜੀ ਵਲੋਂ ਵਿਰਸੇ ਵਿੱਚ ਮਿਲੇ ਸੰਸਕਾਰਾਂ ਦੀ ਹੀ ਉਪਜ ਹਨ ਜੋ ਭਾਈ ਸਾਬ ਜੀ ਹੋਰਾਂ ਮਾਤਾ ਜੀ ਹੋਰਾਂ ਤੋ ਬਚਪਨ ਵਿੱਚ ਸਿੱਖਿਆ ਓਹਦੇ ਕਰਕੇ ਉਹ ਗੁਰਮਤ ਤੋਂ ਗਾਡੀ ਰਾਹ ਦੇ ਪਾਂਧੀ ਬਣੇ ਹਨ ਭਾਈ ਸਾਬ ਜਲਾਵਤਨ ਹੋਣ ਕਰਕੇ ਮਾਤਾ ਜੀ ਦੀ ਅੰਤਿਮ ਅਰਦਾਸ ਵਿੱਚ ਸ਼ਾਮਿਲ ਨਹੀ ਹੋ ਸਕਣਗੇ ਸੋਂ ਸਾਰੀਆਂ ਸਿੱਖ ਸੰਸਥਾਵਾਂ ਨੂੰ ਬੇਨਤੀ ਹੈ ਮਾਤਾ ਜੀ ਦੀ ਅੰਤਿਮ ਅਰਦਾਸ ਦਿਨ ਐਤਵਾਰ 12 ਮਈ 2024 ਨੂੰ ਪਿੰਡ ਖਾਨਿਆਨ ਜਿਲ੍ਹਾ ਸ਼੍ਰੀ ਫ਼ਤਹਿਗੜ੍ਹ ਸਾਹਿਬ ਵਿਖ਼ੇ ਹਾਜ਼ਰੀਆ ਭਰਨ ਦੀ ਕਿਰਪਾਲਤਾ ਕਰਨਾ ਜੀ।

ਆਵਾਜ਼ਿ ਕੌਮ AWAZE QAUM International Newspaper & WEB TV



**ਸਵ. ਮਾਤਾ ਸਤਵੰਤ ਕੌਰ ਜੀ**

ਸਿੱਖ ਜਲਾਵਤਨ ਆਗੂ ਸਿੱਖ ਫੈਡਰੇਸ਼ਨ ਜਰਮਨੀ ਦੇ ਯੋਧੇ ਭਾਈ ਗੁਰਮੀਤ ਸਿੰਘ ਖਾਨਿਆਨ ਦੇ ਸਤਿਕਾਰਯੋਗ ਮਾਤਾ ਜੀ



--✶ ਗੁਰੂ ਪੰਥ ਦਾ ਸੇਵਾਦਾਰ ✶--

## ਜਥੇਦਾਰ ਸੁਰਿੰਦਰ ਸਿੰਘ ਠੀਕਰੀਵਾਲ

### ਯੂ. ਐਸ. ਏ.

### ਮੁੱਖ ਸੇਵਾਦਾਰ, ਜੱਥਾ ਠੀਕਰੀਵਾਲ

### ਅੰਮ੍ਰਿਤਸਰ ਦੇ ਪੇਂਡੂ ਖੇਤਰ ਨੂੰ ਤਰੱਕੀ ਦੇ ਰਾਹ ਲਿਆਉਣ ਲਈ ਭਾਜਪਾ ਦੀ ਸਰਕਾਰ ਲਿਆਉਣੀ ਜ਼ਰੂਰੀ-ਸੰਧੂ ਸਮੁੰਦਰੀ

# ਭਾਜਪਾ ਉਮੀਦਵਾਰ ਨੇ ਟਾਹਲੀ ਸਾਹਿਬ 'ਤੇ ਉਦੋਕੇ ਦੇ ਗੁਰਦੁਆਰਾ ਸਾਹਿਬਾਂ 'ਚ ਮੱਥਾ ਟੇਕਿਆ



**ਟਾਹਲੀ ਸਾਹਿਬ/ ਅੰਮ੍ਰਿਤਸਰ 8 ਮਈ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੇ ਹੱਕ ਵਿਚ ਮਜੀਠਾ ਹਲਕੇ ਦੇ ਇੰਚਾਰਜ ਪ੍ਰਦੀਪ ਸਿੰਘ ਭੁੱਲਰ ਦੀ ਅਗਵਾਈ 'ਚ ਰੋਡ ਸੋਅ ਕੱਢਿਆ ਗਿਆ। ਇਸ ਰੋਡ ਸੋਅ ਦਾ ਅੱਡਾ ਟਾਹਲੀ ਸਾਹਿਬ ਵਿਖੇ ਪਹੁੰਚਣ 'ਤੇ ਭਾਜਪਾ ਵਰਕਰਾਂ ਵੱਲੋਂ ਭਾਜਪਾ ਉਮੀਦਵਾਰ ਦਾ ਜੋਸ਼ੋ ਖਰੋਸ਼ ਨਾਲ ਸਵਾਗਤ ਕੀਤਾ ਗਿਆ। ਇਸ ਦੌਰਾਨ ਸੰਧੂ ਸਮੁੰਦਰੀ ਵੱਲੋਂ ਧੰਨ-ਧੰਨ ਗੁਰਦੁਆਰਾ ਬਾਬਾ ਬੀਰ ਸਿੰਘ ਜੀ ਸ਼ਹੀਦ ਟਾਹਲੀ ਸਾਹਿਬ ਵਿਖੇ ਮੱਥਾ ਟੇਕਿਆ। ਉਪਰੰਤ ਉਨ੍ਹਾਂ ਪਹਿਲੀ ਪਾਤਸ਼ਾਹੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਨਾਗੀਆਣਾ ਸਾਹਿਬ ਉਦੋਕੇ ਵਿਖੇ ਨਤਮਸਤਕ ਹੋ ਕੇ ਗੁਰੂ ਘਰ ਤੋਂ ਅਸ਼ੀਰਵਾਦ ਲਿਆ। ਉਨ੍ਹਾਂ ਗੁਰੂ ਚਰਨਾਂ 'ਚ ਸਰਬੱਤ ਦੇ ਭਲੇ ਲਈ ਅਤੇ ਭਾਈਚਾਰਕ ਸਾਂਝ ਦੀ ਮਜ਼ਬੂਤੀ ਦੀ ਅਰਦਾਸ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸੰਧੂ ਸਮੁੰਦਰੀ ਨੇ ਸ੍ਰੀ ਅੰਮ੍ਰਿਤਸਰ ਅਤੇ ਇਸ ਦੇ ਪੇਂਡੂ ਇਲਾਕੇ ਲਈ ਆਪਣੇ ਵਿਜ਼ਨ ਦੀ ਗਲ ਕਰਦਿਆਂ ਕਿਹਾ ਕਿ ਸ਼ਹਿਰੀ ਅਤੇ ਪੇਂਡੂ ਖੇਤਰਾਂ ਦਾ ਇਕਸਾਰ ਵਿਕਾਸ ਕਰਾਇਆ ਜਾਵੇਗਾ। ਸੰਧੂ ਸਮੁੰਦਰੀ ਨੇ ਕਿਹਾ ਕਿ ਪੰਜਾਬ ਵਿੱਚੋਂ ਨਸ਼ਾ ਬੇਰੁਜ਼ਗਾਰੀ ਅਤੇ ਵਿਦੇਸ਼ ਵੱਲ ਨੂੰ ਤੁਰੇ ਜਾਂਦੇ ਨੌਜਵਾਨ ਕੁੜੀਆਂ, ਮੁੰਡਿਆਂ ਨੂੰ ਵਿਦੇਸ਼ ਜਾਣਾ ਨਾ ਪਵੇ ਅਜਿਹੀ ਵਿਵਸਥਾ ਅਤੇ ਨੌਕਰੀਆਂ ਤੇ ਰੁਜ਼ਗਾਰ ਦੇ ਪ੍ਰਬੰਧ ਕੀਤੇ ਜਾਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨੀ ਨਾਲ ਸਰਮਾਇਆ ਹੀ ਨਹੀਂ ਸਾਡੀ ਬੌਧਿਕਤਾ ਵੀ ਬਾਹਰ ਜਾ ਰਹੀ ਹੈ। ਉਨ੍ਹਾਂ ਐਜੂਕੇਸ਼ਨ ਮਾਡਲ ਬਾਰੇ ਕਿਹਾ ਕਿ ਐਜੂਕੇਸ਼ਨ ਡਿੱਗਰੀ ਪੱਖੀ ਨਾ ਹੋਕੇ ਕਿਤਾ ਮੁਖੀ ਹੋਵੇ। ਹੁਨਰਮੰਦ ਬਣਾਉਣ ਵਲ ਫੋਕਸ ਹੋਵੇ ,ਸਕਿੱਲ ਸੈਂਟਰ ਬਣਾਏ ਜਾਣਗੇ। ਵਿਦੇਸ਼ੀ ਕੰਪਨੀਆਂ ਤੋਂ ਹੌਸਪੇਲਿਟੀ ਦੀ ਟ੍ਰੇਨਿੰਗ ਅਤੇ ਨੌਕਰੀਆਂ ਦਿਵਾਈਆਂ ਜਾਣਗੀਆਂ। ਸੈਮੀਕੰਡਕਟਰ ਦੀਆਂ ਫ਼ੈਕਟਰੀਆਂ ਦੀ ਚੇਨ ਅੰਮ੍ਰਿਤਸਰ ਲਿਆਂਦਾ ਜਾਵੇਗਾ। ਜੋ ਵਿਦੇਸ਼ਾਂ ਵਿਚ ਡਿੱਗਰੀਆਂ ਲੈਣ ਜਾਂਦੇ ਹਨ ਉਹੀ ਡਿੱਗਰੀਆਂ ਅਤੇ ਉਹੋ ਜਿਹੀ ਪੜ੍ਹਾਈ ਦਾ ਪ੍ਰਬੰਧ ਅੰਮ੍ਰਿਤਸਰ ਵਿਚ ਹੋਵੇਗਾ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਦੁਬਾਰਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਬਣੇਗੀ। ਇਹ ਬਣਾਉਣਾ ਜ਼ਰੂਰੀ ਹੋ ਗਿਆ ਹੈ ਕਿਉਂਕਿ ਪੰਜਾਬ ਦੇ ਲੋਕ ਇਸ ਵਕਤ ਨਸ਼ਿਆਂ ਵਿੱਚ ਗ਼ਲਤਾਨ ਹੋ ਰਹੇ ਹਨ। ਜਿਸ ਨਾਲ ਘਰਾਂ ਦੇ ਘਰ ਨਸ਼ਾ ਕਰਨ ਨਾਲ ਖ਼ਾਲੀ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਭਾਜਪਾ ਨੂੰ ਇੱਕ ਵਾਰ ਪੰਜਾਬ ਵਿੱਚ ਸੇਵਾ ਕਰਨ ਦਾ ਮੌਕਾ ਦਿੱਤਾ ਜਾਵੇ ਤਾਂ ਪੰਜਾਬ ਵਿਚ ਦੁਬਾਰਾ ਖ਼ੁਸ਼ਹਾਲੀ ਵਾਪਸ ਲਿਆ ਕੇ ਦਿਖਾਵਾਂਗੇ। ਅੰਮ੍ਰਿਤਸਰ ਦੀ ਨਸ਼ਾ ਮੁਕਤੀ ਲਈ ਜ਼ੀਰੋ ਟਾਲਰੈਸ ਅਪਣਾਉਂਦਿਆਂ ਨਸ਼ਿਆਂ ਦੇ ਕੋਹੜ ਨੂੰ ਜੜ੍ਹੋਂ ਖ਼ਤਮ ਕਰਨ ਲਈ ਇਸ ਵਿਰੁੱਧ ਵਿਆਪਕ ਜੰਗ ਕੀਤਾ ਜਾਵੇਗਾ। ਨੌਜਵਾਨਾਂ ਨੂੰ ਲੱਗੀ ਨਸ਼ਿਆਂ ਦੀ ਲਤ ਛਡਵਾਉਣ ਲਈ ਮਾਹਿਰ ਡਾਕਟਰਾਂ ਦੀਆਂ ਸੇਵਾਵਾਂ ਦੇ ਨਾਲ ਅਸਰਦਾਇਕ ਵਿਦੇਸ਼ੀ ਦਵਾਈਆਂ ਦੀ ਵਰਤੋਂ ਵੀ ਕੀਤੀ ਜਾਵੇਗੀ। ਨਸ਼ਾ ਛੱਡਣ ਵਾਲੇ ਨੌਜਵਾਨਾਂ ਨੂੰ ਸਮਾਜ 'ਚ ਸਨਮਾਨਜਨਕ ਜੀਵਨ ਪ੍ਰਦਾਨ ਕਰਨ ਲਈ ਚੰਗੀ ਪੜ੍ਹਾਈ, ਚੰਗੀਆਂ ਨੌਕਰੀਆਂ ਅਤੇ ਰੁਜ਼ਗਾਰ ਮੁਹੱਈਆ ਕਰਾਇਆ ਜਾਵੇਗਾ। ਨਾਰਕੋਟਿਕ ਰਿਜਨਲ ਸੈਂਟਰ, ਐਨ ਆਈ ਏ ਅਤੇ ਹੋਰ ਏਜੰਸੀਆਂ ਨੂੰ ਮਜ਼ਬੂਤ ਕਰਦਿਆਂ ਨਸ਼ੇ ਦੇ ਧੰਦੇ 'ਚ ਲੱਗੇ ਤੱਤਾਂ ਖਿਲਾਫ ਸਖ਼ਤ ਕਾਰਵਾਈ ਨੂੰ ਅੰਜਾਮ ਦੇਣਾ ਹੋਵੇਗਾ। ਤਕਨਾਲੋਜੀ ਦੀ ਵਰਤੋਂ ਕਰਦਿਆਂ ਸਰਹੱਦ'ਤੇ ਡਰੋਨ ਰਾਹੀਂ ਹੋ ਰਹੀ ਨਸ਼ਿਆਂ ਦੀ ਤਸਕਰੀ ਨੂੰ ਰੋਕਿਆ ਜਾਵੇਗਾ। ਅਮਨ ਕਾਨੂੰਨ ਬਾਰੇ ਉਨ੍ਹਾਂ ਕਿਹਾ ਕਿ ਅਮਨ ਕਾਨੂੰਨ ਦੀ ਖ਼ਰਾਬ ਸਥਿਤੀ ਲਈ ਪ੍ਰਸ਼ਾਸਨ ਨੂੰ ਜਵਾਬਦੇਹੀ ਬਣਾਉਣਾ ਜ਼ਰੂਰੀ ਹੈ। ਭ੍ਰਿਸ਼ਟਾਚਾਰ ਰਹਿਤ ਪ੍ਰਸ਼ਾਸਨ ਨੂੰ ਯਕੀਨੀ ਬਣਾਇਆ ਜਾਵੇਗਾ। ਇਸ ਮੌਕੇ ਹਲਕਾ ਇੰਚਾਰਜ ਪ੍ਰਦੀਪ ਸਿੰਘ ਭੁੱਲਰ, ਗੁਰਪ੍ਰਤਾਪ ਸਿੰਘ ਮਾਨ, ਭੁਪਿੰਦਰ ਸਿੰਘ ਰੰਧਾਵਾ, ਪ੍ਰੋ. ਸਰਚਾਂਦ ਸਿੰਘ, ਗੁਰਮੁਖ ਸਿੰਘ ਕਾਦਰਾਬਾਦ ਅਤੇ ਰਜੇਸ਼ ਹਨੀ, ਰਜਿੰਦਰ ਸੋਢੀ ਜੈਂਤੀਪੁਰ, ਰਕੇਸ਼ ਕੁਮਾਰ ਪੱਪਾ, ਸੁਖਦੇਵ ਸਿੰਘ ਚਵਿੰਡਾ, ਸਤਪਾਲ ਸੋਨੂੰ, ਲਖਬੀਰ ਸਿਧਵਾਂ, ਡਾ. ਸੁਖਵਿੰਦਰ ਸਿੰਘ ਰਾਮਦਿਵਾਲੀ, ਪ੍ਰਗਟ ਸਿੰਘ ਚੰਨਣਕੇ, ਵਿਨੋਦ ਕੁਮਾਰ, ਜਸਬੀਰ ਸਿੰਘ ਨਾਗ, ਸਲਾਮਤ ਮਸੀਹ, ਸੋਨੂੰ ਸੋਹੀਆਂ, ਸਵਿੰਦਰ ਸਿੰਘ ਸਰਪੰਚ, ਸਵਿੰਦਰ ਲਾਲੀ, ਗੋਲਡੀ ਚੌਹਾਨ, ਕੁਲਵਿੰਦਰ ਸਿੰਘ ਮੰਡਲ ਪ੍ਰਧਾਨ, ਆਕਾਸ਼ਦੀਪ ਸਿੰਘ ਵੀਰਮ, ਜਸਪਾਲ ਸਿੰਘ ਸਰਪੰਚ ਕਰਨਾਲਾ, ਅਸ਼ਵਨੀ ਕੁਮਾਰ, ਨੀਰਜ ਕੱਥੂਨੰਗਲ, ਡਾ. ਬਿਕਰਮ ਅਠਵਾਲ, ਜੋਗਾ ਸਿੰਘ ਚੰਨਣਕੇ, ਡਿੰਪਾ ਅਠਵਾਲ, ਬਿੱਟੂ ਮੱਤੇਵਾਲ, ਗੁਰਮੁਖ ਸਿੰਘ ਗਦਰਜਾਦਾ, ਰਣਜੀਤ ਰੂਪੋਵਾਲੀ ਬਰਾਮਨਾਂ ਸਮੇਤ ਸਾਰੇ ਮੰਡਲ ਪ੍ਰਧਾਨ ਅਤੇ ਅਹੁਦੇਦਾਰ ਵੀ ਮੌਜੂਦ ਸਨ।

**ਸੰਧੂ ਸਮੁੰਦਰੀ ਦੇ ਹੱਕ 'ਚ ਮਜੀਠਾ ਹਲਕੇ ਦੇ ਇੰਚਾਰਜ ਪ੍ਰਦੀਪ ਸਿੰਘ ਭੁੱਲਰ ਵੱਲੋਂ ਰੋਡ ਸੋਅ ਕੱਢਿਆ ਗਿਆ**

ਆਵਾਜ਼ਿ ਕੌਮ AWAZE QAUM International Newspaper & WEB TV

### ਦੁਬਈ ਵਿਖੇ ਸ਼ਾਨਦਾਰ ਪ੍ਰਦਰਸ਼ਨ ਨਾਲ ਗੁਰੂ ਕਾਸ਼ੀ ਯੂਨੀਵਰਸਿਟੀ ਦੀ ਐਥਲੀਟ

# ਟਿਵੰਕਲ ਚੌਧਰੀ ਏਸ਼ੀਆ ਦੀ ਦੂਜੇ ਨੰਬਰ ਦੀ ਖਿਡਾਰਨ ਬਣੀ

**ਤਲਵੰਡੀ ਸਾਬੋ, 7 ਮਈ (ਗੁਰਜੰਟ ਸਿੰਘ ਨਥੇਹਾ)**-ਦੁਬਈ ਵਰਲਡ ਕਾਂਟਿਨੇਂਟਲ ਟੂਰ, ਯੂ.ਏ.ਈ. ਵਿਖੇ ਹੋਏ ਮੁਕਾਬਲੇ ਵਿੱਚ ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ ਦੀ ਐਥਲੀਟ ਟਿਵੰਕਲ ਚੌਧਰੀ ਨੇ 800 ਮੀਟਰ ਦੀ ਦੌੜ ਵਿੱਚ 02:03:11 ਮਿੰਟ ਵਿੱਚ ਪੂਰੀ ਕਰਕੇ 5ਵਾਂ ਸਥਾਨ ਹਾਸਿਲ ਕੀਤਾ। ਬੇਸ਼ਕ ਟਿੰਵਕਲ ਇਸ ਦੌੜ ਵਿੱਚ ਕੋਈ ਤਗਮਾ ਹਾਸਿਲ ਨਹੀਂ ਕਰ ਸਕੀ,ਪਰ ਇਸ ਰਿਕਾਰਡ ਦੌੜ ਨਾਲ ਉਸਨੇ ਆਪਣੀ ਏਸ਼ਿਆਈ ਰੈਂਕਿੰਗ ਵਿੱਚ ਕਾਫੀ ਸੁਧਾਰ ਕੀਤਾ, ਜਿਸ ਸਦਕਾ ਹੁਣ ਉਹ 800 ਮੀਟਰ ਦੀ ਦੌੜ ਵਿੱਚ ਏਸ਼ੀਆ ਦੀ ਦੂਜੇ ਨੰਬਰ ਦੀ ਖਿਡਾਰਨ ਬਣ ਗਈ ਹੈ।ਇਸ ਸ਼ਾਨਾਮੱਤੀ ਪ੍ਰਾਪਤੀ 'ਤੇ ਉਪ ਕੁਲਪਤੀ ਪ੍ਰੋ.(ਡਾ.) ਐਸ.ਕੇ.ਬਾਵਾ ਨੇ ਟਿਵੰਕਲ ਨੂੰ ਵਧਾਈ ਦਿੰਦਿਆਂ ਕਿਹਾ ਕਿ ਹੁਣ ਪੰਜਾਬ ਦੀਆਂ ਖਿਰਾਡਨਾਂ ਨੇ ਅੰਤਰ-ਰਾਸ਼ਟਰੀ ਪੱਧਰ 'ਤੇ ਪ੍ਰਾਪਤੀਆਂ ਹਾਸਿਲ ਕਰਕੇ ਇਲਾਕੇ ਅਤੇ 'ਵਰਸਿਟੀ ਦਾ ਨਾਂ ਰੌਸ਼ਨ ਕਰ ਰਹੀਆਂ ਹਨ। ਇਸ ਮੌਕੇ ਉਨ੍ਹਾਂ ਖਿਡਾਰਨ ਨੂੰ ਯੂਨੀਵਰਸਿਟੀ ਵੱਲੋਂ ਆਪਣੇ ਖੇਡ ਪੱਧਰ ਨੂੰ ਉੱਚਾ ਚੁੱਕਣ ਲਈ ਉਤਮ ਕੋਚਿੰਗ, ਵਿਸ਼ਵ ਪੱਧਰੀ ਖੇਡ ਸੁਵਿਧਾਵਾਂ ਅਤੇ ਸਹੂਲਤਾਂ ਉਪਲਬਧ ਕਰਵਾਉਣ ਦੇ ਵਾਅਦੇ ਨੂੰ ਦੋਹਰਾਇਆ। ਸੰਯੁਕਤ ਅਰਬ ਅਮੀਰਾਤ ਵਿਖੇ ਹੋਏ ਇਸ ਮੁਕਾਬਲੇ ਬਾਰੇ ਜਾਣਕਾਰੀ ਦਿੰਦਿਆਂ ਡਾ. ਬਲਵਿੰਦਰ ਕੁਮਾਰ ਸ਼ਰਮਾ ਨਿਰਦੇਸ਼ਕ ਖੇਡਾਂ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਜਰਮਨੀ, ਫਰਾਂਸ, ਯੂ.ਐੱਸ.ਏ, ਸਾਇਪਰਸ ਆਦਿ ਦੇਸ਼ਾਂ ਦੇ ਕਈ ਨਾਮਵਰ ਖਿਡਾਰੀਆਂ ਨੇ ਹਿੱਸਾ ਲਿਆ ਸੀ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਦੌੜ ਨਾਲ ਬਹਰੀਨ ਦੀ ਖਿਡਾਰਨ ਨੇਰੀਲ 1181 ਅੰਕਾਂ ਨਾਲ ਏਸ਼ੀਆ ਵਿੱਚ ਪਹਿਲੇ, ਟਿਵੰਕਲ ਚੌਧਰੀ 1107 ਅੰਕਾਂ ਨਾਲ ਦੂਜੇ ਅਤੇ ਜਾਪਾਨ ਦੀ ਰਿਨ ਕੂਬੋ 1099 ਅੰਕਾਂ ਨਾਲ ਤੀਜੇ ਸਥਾਨ 'ਤੇ ਪਹੁੰਚ ਗਈ ਹੈ। ਉਨ੍ਹਾਂ ਇਸ ਮੌਕੇ 'ਵਰਸਿਟੀ ਦੇ ਕੋਚ ਨਰਿੰਦਰ ਗਿੱਲ, ਸਰਬਜੀਤ ਸਿੰਘ ਹੈਪੀ ਤੇ ਉਨ੍ਹਾਂ ਦੀ ਸਮੂਹ ਟੀਮ ਨੂੰ ਇਸ ਪ੍ਰਾਪਤੀ 'ਤੇ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਹੋਰ ਉੱਚੀਆਂ ਮੰਜ਼ਿਲਾਂ ਹਾਸਲ ਕਰਨ ਲਈ ਸ਼ੁਭ ਕਾਮਨਾਵਾਂ ਭੇਂਟ ਕੀਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV




## ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਇਤਿਹਾਸਕ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਮੱਥਾ ਟੇਕਿਆ

### ਪੇਂਡੂ ਖੇਤਰ 'ਚ ਵੀ ਚੰਗੀ ਵਿੱਦਿਆ ਦਿਵਾਉਣਾ ਮੇਰਾ ਮੁੱਖ ਲਕਸ਼ ਹੈ- ਤਰਨਜੀਤ ਸਿੰਘ ਸੰਧੂ ਸਮੁੰਦਰੀ

**ਮੱਤੇਵਾਲ, 8 ਮਈ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਜਪਾ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਅੱਜ ਮੱਸਿਆ ਦੇ ਦਿਹਾੜੇ ਵਿਧਾਨ ਸਭਾ ਹਲਕਾ ਮਜੀਠਾ ਦੇ ਪਿੰਡ ਮੱਤੇਵਾਲ ਵਿਖੇ ਇਤਿਹਾਸਕ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਨਤਮਸਤਕ ਹੋਏ। ਉਨ੍ਹਾਂ ਗੁਰੂ ਚਰਨਾਂ 'ਚ ਸਰਬੱਤ ਦੇ ਭਲੇ ਲਈ ਅਤੇ ਭਾਈਚਾਰਕ ਸਾਂਝ ਦੀ ਮਜ਼ਬੂਤੀ ਦੀ ਅਰਦਾਸ ਕੀਤੀ। ਕੁਝ ਸਮਾਂ ਉਨ੍ਹਾਂ ਗੁਰ ਇਤਿਹਾਸ ਦੀਆਂ ਢਾਡੀ ਵਾਰਾਂ ਸੁਣੀਆਂ। ਇਸ ਮੌਕੇ ਉਨ੍ਹਾਂ ਨਾਲ ਹਲਕਾ ਇੰਚਾਰਜ ਪ੍ਰਦੀਪ ਸਿੰਘ ਭੁੱਲਰ, ਗੁਰਪ੍ਰਤਾਪ ਸਿੰਘ ਮਾਨ, ਭੁਪਿੰਦਰ ਸਿੰਘ ਰੰਧਾਵਾ, ਪ੍ਰੋ. ਸਰਚਾਂਦ ਸਿੰਘ, ਗੁਰਮੁਖ ਸਿੰਘ ਕਾਦਰਾਬਾਦ ਅਤੇ ਰਜੇਸ਼ ਹਨੀ ਸਮੇਤ ਸਾਰੇ ਮੰਡਲ ਪ੍ਰਧਾਨ ਅਤੇ ਅਹੁਦੇਦਾਰ ਵੀ ਮੌਜੂਦ ਸਨ। ਉਪਰੰਤ ਉਨ੍ਹਾਂ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜੀ ਬੇਰ ਸਾਹਿਬ ਵਾਲਿਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਪਾਸੋਂ ਆਸ਼ੀਰਵਾਦ ਲਿਆ। ਬਾਬਾ ਸਜਣ ਸਿੰਘ ਨੇ ਸੰਧੂ ਸਮੁੰਦਰੀ ਦੇ ਦਾਦਾ ਸ. ਤੇਜਾ ਸਿੰਘ ਸਮੁੰਦਰੀ ਵੱਲੋਂ ਇਤਿਹਾਸਕ ਗੁਰਧਾਮਾਂ ਨੂੰ ਅਜ਼ਾਦ ਕਰਾਉਣ ਦੀ ਨਿਭਾਈ ਗਈ ਬੇਮਿਸਾਲ ਸੇਵਾ ਨੂੰ ਯਾਦ ਕੀਤਾ। ਉਨ੍ਹਾਂ ਕਿਹਾ ਕਿ ਬਿਸ਼ਨ ਸਿੰਘ ਸਮੁੰਦਰੀ ਨੇ ਵੀ ਸਿੱਖਿਆ ਦੇ ਖੇਤਰ ਵਿਚ ਵੱਡੀ ਭੂਮਿਕਾ ਨਿਭਾਈ ਹੈ। ਸੰਧੂ ਸਮੁੰਦਰੀ ਨੇ ਸੰਤ ਬਾਬਾ ਸਜਣ ਸਿੰਘ ਜੀ ਵੱਲੋਂ ਪੇਂਡੂ ਖੇਤਰ 'ਚ ਵਾਜਬ ਫ਼ੀਸ 'ਤੇ ਵਿੱਦਿਆ ਦਾ ਚਾਨਣ ਫੈਲਾਉਣ ਅਤੇ ਗੁਰੂ ਘਰ ਦੀ ਨਿਸ਼ਕਾਮ ਸੇਵਾ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਐਜੂਕੇਸ਼ਨ ਅੱਜ ਦੇ ਯੁੱਗ 'ਚ ਸਭ ਤੋਂ ਮਹੱਤਵ ਰੱਖਦਾ ਹੈ। ਸੰਧੂ ਸਮੁੰਦਰੀ ਨੇ ਕਿਹਾ ਕਿ ਉਹ ਪੇਂਡੂ ਖੇਤਰ ਨੂੰ ਚੰਗੀ ਐਜੂਕੇਸ਼ਨ ਦੇਣ ਲਈ ਮਦਦ ਕਰਨਾ ਚਾਹੁੰਦੇ ਹਨ। ਉਹ ਇੱਧਰ ਦੀਆਂ ਵਿੱਦਿਅਕ ਸੰਸਥਾਵਾਂ ਨੂੰ ਵਿਦੇਸ਼ੀ ਵਿੱਦਿਅਕ ਸੰਸਥਾਵਾਂ ਨਾਲ ਲਿੰਕ ਕਰਾਉਣ ਦੀ ਸੇਵਾ ਲੈਣਾ ਚਾਹੇਗਾ। ਇਸੇ ਦੌਰਾਨ ਸੰਧੂ ਸਮੁੰਦਰੀ ਨੇ ਆਪਣੇ ਵਰਕਰਾਂ ਨਾਲ ਪਿੰਡ ਰਾਮਦਵਾਲੀ ਤਕ ਵੱਡੇ ਕਾਫ਼ਲੇ ਦੇ ਰੂਪ ਵਿੱਚ ਰੋਡ ਸ਼ੋ ਕੀਤਾ। ਪਿੰਡਾਂ 'ਚ ਉਨ੍ਹਾਂ ਪ੍ਰਤੀ ਲੋਕਾਂ ਦਾ ਉਤਸ਼ਾਹ ਦੇਖਿਆਂ ਬਣਦਾ ਸੀ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਪੰਜਾਬ ਵਿੱਚ ਲੰਬੇ ਸਮੇਂ ਤੋਂ ਰਾਜ ਕਰ ਰਹੀਆਂ ਸਿਆਸੀ ਪਾਰਟੀਆਂ ਦੀ ਅਣਦੇਖੀ ਕਾਰਨ ਲੋਕ ਆਪਣੇ ਬੁਨਿਆਦੀ ਹੱਕਾਂ ਤੋਂ ਵੀ ਵਾਂਝੇ ਹਨ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਦੀ ਮਾੜੀ ਕਾਰਗੁਜ਼ਾਰੀ ਕਰਕੇ ਅੱਜ ਸੜਕਾਂ, ਸੀਵਰੇਜ ਸਮੇਤ ਬੁਨਿਆਦੀ ਸਹੂਲਤਾਂ ਦਾ ਮੰਦਾ ਹਾਲ ਹੋ ਚੁੱਕਾ ਹੈ ਅਤੇ ਕਾਨੂੰਨ ਵਿਵਸਥਾ ਨਾਂ ਦੀ ਕੋਈ ਚੀਜ਼ ਨਹੀਂ ਰਹੀ ਹੈ। ਉਨ੍ਹਾਂ ਲੋਕਾਂ ਨੂੰ ਬਿਨਾ ਕਿਸੇ ਡਰ ਤੋਂ ਵੋਟ ਪਾਉਣ ਦੀ ਅਪੀਲ ਕੀਤੀ। ਉਹਨਾਂ ਕਿਹਾ ਕਿ ਭਾਜਪਾ ਦੀ ਸਰਕਾਰ ਬਣਨ ਤੇ ਪੰਜਾਬ ਦੀ ਜਨਤਾ ਅਤੇ ਖ਼ਾਸ ਕਰਕੇ ਦਿਹਾਤੀ ਖੇਤਰ ਵਿੱਚ ਰਹਿੰਦੇ ਕਿਸਾਨਾਂ ਮਜ਼ਦੂਰਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਅਹਿਮ ਕਦਮ ਚੁੱਕੇ ਜਾਣਗ੍ਰੇ ਇਸ ਮੌਕੇ ਹੋਰਨਾਂ ਤੋਂ ਇਲਾਵਾ ਰਜਿੰਦਰ ਸੋਢੀ ਜੈਂਤੀਪੁਰ, ਰਕੇਸ਼ ਕੁਮਾਰ ਪੱਪਾ, ਸੁਖਦੇਵ ਸਿੰਘ ਚਵਿੰਡਾ, ਸਤਪਾਲ ਸੋਨੂੰ, ਲਖਬੀਰ ਸਿਧਵਾਂ, ਡਾ. ਸੁਖਵਿੰਦਰ ਸਿੰਘ ਰਾਮਦਿਵਾਲੀ, ਪ੍ਰਗਟ ਸਿੰਘ ਚੰਨਣਕੇ, ਵਿਨੋਦ ਕੁਮਾਰ, ਜਸਬੀਰ ਸਿੰਘ ਨਾਗ, ਸਲਾਮਤ ਮਸੀਹ, ਸੋਨੂੰ ਸੋਹੀਆਂ, ਸਵਿੰਦਰ ਸਿੰਘ ਸਰਪੰਚ, ਸਵਿੰਦਰ ਲਾਲੀ, ਗੋਲਡੀ ਚੌਹਾਨ, ਕੁਲਵਿੰਦਰ ਸਿੰਘ ਮੰਡਲ ਪ੍ਰਧਾਨ, ਆਕਾਸ਼ਦੀਪ ਸਿੰਘ ਵੀਰਮ, ਜਸਪਾਲ ਸਿੰਘ ਸਰਪੰਚ ਕਰਨਾਲਾ, ਅਸ਼ਵਨੀ ਕੁਮਾਰ, ਨੀਰਜ ਕੱਥੂਨੰਗਲ, ਡਾ. ਬਿਕਰਮ ਅਠਵਾਲ, ਜੋਗਾ ਸਿੰਘ ਚੰਨਣਕੇ, ਡਿੰਪਾ ਅਠਵਾਲ, ਬਿੱਟੂ ਮੱਤੇਵਾਲ, ਗੁਰਮੁਖ ਸਿੰਘ ਗਦਰਜਾਦਾ, ਰਣਜੀਤ ਰੂਪੋਵਾਲੀ ਬਰਾਮਨਾਂ ਵੀ ਮੌਜੂਦ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

## ਸੰਧੂ ਸਮੁੰਦਰੀ ਨੂੰ ਨੈਤਿਕ ਫ਼ਰਜ਼ ਨਿਭਾਉਂਦਾ ਦੇਖ ਲੋਕ ਹੋਏ ਕਾਇਲ ਹੋਏ



**ਚਵਿੰਡਾ ਦੇਵੀ, 8 ਮਈ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਜਪਾ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਚਰਚਾ ਦਾ ਵਿਸ਼ਾ ਬਣਿਆ ਹੋਇਆ ਅਤੇ ਇਨਸਾਨੀਅਤ ਲਈ ਲੋਕ ਉਨ੍ਹਾਂ ਦੀ ਤਾਰੀਫ਼ ਕਰ ਰਹੇ ਹਨ। ਅੱਜ ਹਲਕਾ ਮਜੀਠਾ ਵਿਚ ਚੋਣ ਪ੍ਰਚਾਰ ਕਰ ਰਹੇ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਦਾ ਕਾਫ਼ਲਾ ਜਦੋਂ ਚਵਿੰਡਾ ਦੇਵੀ ਤੋਂ ਨਿਕਲਿਆ ਹੀ ਸੀ ਕਿ ਨੇੜੇ ਹੀ ਸੜਕ 'ਤੇ ਚੱਲ ਰਹੇ ਇਕ ਟਰਾਲੀ 'ਤੇ ਬੈਠੀ ਇਕ ਮਹਿਲਾ ਅਚਾਨਕ ਵਿਚ ਸੜਕ 'ਤੇ ਡਿੱਗ ਪਈ, ਜਿਸ ਨੂੰ ਦੇਖਿਆ ਤਾਂ ਸੰਧੂ ਸਮੁੰਦਰੀ ਨੇ ਕਾਫ਼ਲਾ ਰੁਕਵਾਉਂਦਿਆਂ ਆਪ ਖ਼ੁਦ ਚੱਲ ਕੇ ਔਰਤ ਕੋਲ ਗਈ। ਉਨ੍ਹਾਂ ਨੂੰ ਉਠਾਇਆ ਅਤੇ ਪਾਣੀ ਪਿਲਾਇਆ ਅਤੇ ਹਾਲ ਪਤਾ ਕੀਤਾ। ਗੁਰਦੁਆਰਾ ਸਾਹਿਬ ਤੋਂ ਮੱਸਿਆ ਮਨਾ ਕੇ ਆ ਰਹੇ ਲੋਕਾਂ ਸ਼ਰਧਾਲੂਆਂ ਨਾਲ ਭਰੀ ਦੀ ਟਰਾਲੀ ਸੜਕ 'ਤੇ ਪਏ ਟੋਹਿਆਂ ਕਾਰਨ ਬੁੜ੍ਹਕ ਗਈ ਸੀ ਅਤੇ ਉਪਰ ਬੈਠੀ ਔਰਤ ਬੇਧਿਆਨੇ ਹੀ ਸੰਭਲ ਨਹੀਂ ਪਾਈ ਤੇ ਸੜਕ 'ਤੇ ਡਿੱਗ ਪਈ। ਸੰਧੂ ਨੇ ਔਰਤ ਨੂੰ ਮੈਡੀਕਲ ਸਹੂਲਤ ਦਿਵਾਉਣ ਲਈ ਭੇਜਣ ਲਈ ਆਪਣੀ ਗੱਡੀ ਪੇਸ਼ ਕੀਤੀ , ਪਰ ਔਰਤ ਦੇ ਰਿਸ਼ਤੇਦਾਰਾਂ ਨੇ ਸੰਧੂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਇਸ ਪੇਸ਼ਕਸ਼ ਨੂੰ ਕਬੂਲ ਨਾ ਕੀਤਾ ਕਿਉਂਕਿ ਔਰਤ ਨੂੰ ਕੋਈ ਗੰਭੀਰ ਸਟ ਨਹੀਂ ਸੀ ਲੱਗੀ। ਸੰਧੂ ਸਮੁੰਦਰੀ ਦੇ ਇਸ ਰੂਪ ਇਸ ਤਾਸੀਰ ਨੂੰ ਦੇਖ ਕੇ ਇਲਾਕੇ ਦੇ ਲੋਕਾਂ ਵੱਲੋਂ ਉਸ ਦੀ ਬਹੁਤ ਸ਼ਲਾਘਾ ਤੇ ਤਾਰੀਫ਼ ਕੀਤੀ ਜਾ ਰਹੀ ਹੈ। ਸੰਧੂ ਨੇ ਕਿਹਾ ਲੋਕਾਂ ਦੀ ਸੇਵਾ ਉਸ ਦਾ ਮੁੱਢਲਾ ਫ਼ਰਜ਼ ਹੈ। ਇਹ ਫ਼ਰਜ਼ ਰਾਜਨੀਤੀ ਅਤੇ ਧੜੇਬੰਦੀ ਤੋਂ ਉਪਰ ਉੱਠ ਕੇ ਨਿਭਾਉਂਦਾ ਰਹਾਂਗਾ। ਉਨ੍ਹਾਂ ਕਿਹਾ ਕਿ ਲੋੜਵੰਦ ਦੀ ਸੇਵਾ ਹਰੇਕ ਨੂੰ ਕਰਨੀ ਚਾਹੀਦੀ ਹੈ। ਸਾਡੇ ਗੁਰੂ ਸਾਹਿਬਾਨ ਅਤੇ ਸਾਡੇ ਵੱਡਿਆਂ ਨੇ ਸਾਨੂੰ ਇਹੀ ਸਿਖਾਇਆ ਹੈ। ਯਾਦ ਰਹੇ ਕਿ ਬੀਤੇ ਦਿਨ. ਅਮਰੀਕਾ ਵਿਚ ਸੜਕ ਹਾਦਸੇ ਦਾ ਸ਼ਿਕਾਰ ਹੋਏ ਅਜਨਾਲਾ ਦੇ ਇਕ ਨੌਜਵਾਨ ਦੀ ਮ੍ਰਿਤਕ ਦੇਹ ਦੋ ਦਿਨਾਂ 'ਚ ਵਾਪਸ ਭਾਰਤ ਲਿਆਉਣ ਨੂੰ ਸੰਧੂ ਸਮੁੰਦਰੀ ਨੇ ਆਪਣਾ ਫ਼ਰਜ਼ ਸਮਝਦਿਆਂ ਨਿਭਾ ਚੁੱਕੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

### ਦਮਦਮੀ ਟਕਸਾਲ ਵੱਲੋਂ

# ਪਿੰਡ ਉਦੋ ਨੰਗਲ ਖੁਰਦ ਵਿਖੇ ਸ਼ਹੀਦੀ ਦੀਵਾਨ ਸਜਾਏ ਗਏ



**ਚੌਕ ਮਹਿਤਾ, 8 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਦਮਦਮੀ ਟਕਸਾਲ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਵਲੋਂ ਪਿੰਡ ਉਦੋ ਨੰਗਲ ਖੁਰਦ ਵਿਖੇ ਰਾਤਰੀ ਦੇ ਸ਼ਹੀਦੀ ਦੀਵਾਨ ਸਜਾਏ ਗਏ। ਸਮਾਗਮ ਵਿੱਚ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਪੰਜਵੇਂ ਪਾਤਿਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨਾਲ ਸਬੰਧਿਤ ਪ੍ਰਸੰਗ ਸੰਗਤਾਂ ਨੂੰ ਸਰਵਣ ਕਰਾਇਆ ਅਤੇ ਇਸ ਮੌਕੇ ਬੋਲਦਿਆਂ ਉਹਨਾਂ ਨੇ ਕਿਹਾ ਕਿ ਹਰ ਇੱਕ ਸਿੱਖ ਨੂੰ ਆਪਣੇ ਘਰ ਵਿੱਚ ਗੁਰਬਾਣੀ ਪੜ੍ਹਨੀ ਚਾਹੀਦੀ ਹੈ । ਗੁਰਬਾਣੀ ਪੜ੍ਹਨ ਨਾਲ ਸਿੱਖਾਂ ਦੇ ਘਰਾਂ ਵਿੱਚ ਸਿੱਖੀ ਦੀ ਜੜ੍ਹ ਲੱਗੀ ਰਹਿੰਦੀ ਹੈ। ਕੀਰਤਨ ਦੀ ਸੇਵਾ ਸਿਮਰਨਜੀਤ ਸਿੰਘ ਅਤੇ ਭਾਈ ਲਵਜੀਤ ਸਿੰਘ ਦਮਦਮੀ ਟਕਸਾਲ ਵਾਲਿਆਂ ਦੇ ਜਥੇ ਨੇ ਨਿਭਾਈ ਅਤੇ ਗਿਆਨੀ ਬਲਬੀਰ ਸਿੰਘ ਨੇ ਸ਼ਹੀਦਾਂ ਦੀ ਕਥਾ ਸੰਗਤਾਂ ਨੂੰ ਸਰਵਣ ਕਰਾਈ । ਮੰਚ ਸੰਚਾਲਨ ਦੀ ਸੇਵਾ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਨੇ ਅਤੇ ਪੋਥੀ ਪਾਠ ਦੀ ਸੇਵਾ ਭਾਈ ਸਤਿਨਾਮ ਸਿੰਘ ਨੇ ਨਿਭਾਈ। ਪ੍ਰਬੰਧਕਾਂ ਵੱਲੋਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ,ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ, ਬਾਬਾ ਗੁਰਦੇਵ ਸਿੰਘ ਤਰਸਿੱਕੇ ਵਾਲੇ, ਜਥੇਦਾਰ ਅਜੀਤ ਸਿੰਘ ਤਰਨਾ ਦਲ ਮਹਿਤਾ, ਬਾਬਾ ਗੁਰਮੀਤ ਸਿੰਘ ਬਦੋਵਾਲ, ਬਾਬਾ ਮਲਕੀਤ ਸਿੰਘ ਜੱਬੋਵਾਲ, ਡਾਕਟਰ ਅਵਤਾਰ ਸਿੰਘ ਬੁੱਟਰ,ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ ) ਗਿਆਨੀ ਬਲਬੀਰ ਸਿੰਘ ਆਦਿ ਮੁਖ ਸ਼ਖਸੀਅਤਾਂ ਨੂੰ ਪ੍ਰਬੰਧਕਾਂ ਵੱਲੋਂ ਸਿਰੋਪਾਓ ਦੇ ਕੇ ਉਹਨਾਂ ਦਾ ਸਤਿਕਾਰ ਕੀਤਾ ਗਿਆ। ਇਸ ਮੌਕੇ ਭਾਈ ਪ੍ਰਭਜੀਤ ਸਿੰਘ, ਭਾਈ ਬੋਹੜ ਸਿੰਘ, ਭਾਈ ਹਰਭਜਨ ਸਿੰਘ ਪੱਪੂ, ਰਾਜਬੀਰ ਸਿੰਘ ਉਦੋ ਨੰਗਲ, ਭਾਈ ਨਰਿੰਦਰ ਸਿੰਘ, ਭਾਈ ਨਿਰਮਲ ਸਿੰਘ, ਸਰਪੰਚ ਕਸ਼ਮੀਰ ਸਿੰਘ, ਸਰਪੰਚ ਗੁਰਮੇਜ ਸਿੰਘ ਰੰਧਾਵਾ,ਭਾਈ ਹਰਚੰਦ ਸਿੰਘ, ਗੁਰਮੁਖ ਸਿੰਘ ਸਾਹਬਾ, ਜੋਗਿੰਦਰ ਸਿੰਘ, ਰਜਿੰਦਰ ਸਿੰਘ(ਦੋਵੇਂ ਸਾਬਕਾ ਸਰਪੰਚ), ਬਲਜੀਤ ਸਿੰਘ ਸਾਬਕਾ ਸੰਮਤੀ ਮੈਂਬਰ, ਬਾਬਾ ਜਗੀਰ ਸਿੰਘ ਨਿਹੰਗ, ਬਖਸ਼ੀਸ਼ ਸਿੰਘ ਰੰਧਾਵਾ ਸੁਖਵਿੰਦਰ ਸਿੰਘ ਪ੍ਰਧਾਨ ਡਾਕਟਰ ਮਨਪ੍ਰੀਤ ਸਿੰਘ ਬਟਾਲਾ, ਕਰਮਜੀਤ ਸਿੰਘ ਲਾਲੀ , ਭਾਈ ਪਰਮਜੀਤ ਸਿੰਘ ਆਦਿ ਵੀ ਮੌਜੂਦ ਸਨ।

### ਰਵੀਪ੍ਰੀਤ ਸਿੱਧੂ ਅਕਾਲੀ ਦਲ ’ਚ ਸ਼ਾਮਿਲ

# ਸੁਖਬੀਰ ਬਾਦਲ ਬੀਬਾ ਬਾਦਲ ਤੇ ਮਜੀਠੀਆ ਨੇ ਕੀਤਾ ਸਵਾਗਤ



ਤਲਵੰਡੀ ਸਾਬੋ, 8 ਮਈ ਗੁਰਜੰਟ ਸਿੰਘ ਨਥੇਹਾ)- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਨੇ ਅੱਜ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਦਿੱਲੀ ਆਧਾਰਿਤ ਪਾਰਟੀਆਂ ਲਈ ਵੋਟਾਂ ਨਾਲ ਉਸੇ ਤਰੀਕੇ ਬਾਰਡਰ ਸੀਲ ਕਰ ਦੇਣ ਜਿਸ ਤਰੀਕੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਗ੍ਰਹਿ ਮੰਤਰੀ ਨੇ ਪੰਜਾਬ ਦੇ ਬਾਰਡਰ ਸੀਲ ਕਰ ਕੇ ਕਿਸਾਨਾਂ ਦਾ ਕੇਂਦਰ ਸਰਕਾਰ ਖਿਲਾਫ ਸ਼ਿਕਾਇਤਾਂ ਵਾਸਤੇ ਦਿੱਲੀ ਮਾਰ ਰੋਕਿਆ ਹੈ।ਅਕਾਲੀ ਦਲ ਦੇ ਪ੍ਰਧਾਨ, ਜਿਹਨਾਂ ਨੇ ਪਾਰਟੀ ਦੇ ਬਠਿੰਡਾ ਪਾਰਲੀਮਾਨੀ ਹਲਕੇ ਤੋਂ ਉਮੀਦਵਾਰ ਸਰਦਾਰਨੀ ਹਰਸਿਮਰਤ ਕੌਰ ਬਾਦਲ ਦੇ ਹੱਕ ਵਿਚ ਵਿਸ਼ਾਲ ਜਨਤਕ ਇਕੱਠਾਂ ਨੂੰ ਸੰਬੋਧਨ ਕੀਤਾ, ਨੇ ਭਾਜਪਾ ਦੇ ਬਠਿੰਡਾ ਦਿਹਾਤੀ ਦੇ ਪ੍ਰਧਾਨ ਰਵੀਪ੍ਰੀਤ ਸਿੰਘ ਸਿੱਧੂ ਦਾ ਅਕਾਲੀ ਦਲ ਵਿਚ ਮੁੜ ਸ਼ਾਮਲ ਹੋਣ ’ਤੇ ਸਵਾਗਤ ਕੀਤਾ। ਉਹਨਾਂ ਕਿਹਾ ਕਿ ਰਵੀਪ੍ਰੀਤ ਇਕ ਪੰਥਕ ਪਰਿਵਾਰ ਨਾਲ ਸਬੰਧਤ ਹਨ ਅਤੇ ਉਹਨਾਂ ਨੇ ਪਹਿਲਾਂ ਵੀ ਇਸ ਹਲਕੇ ਵਿਚ ਅਕਾਲੀ ਦਲ ਵਾਸਤੇ ਕੰਮ ਕੀਤਾ ਹੈ ਤੇ ਉਹ ਇਮਾਨਦਾਰ ਤੇ ਸੰਜੀਦਾ ਵਿਅਕਤੀ ਹਨ ਜਿਹਨਾਂ ਦੀ ਵਾਪਸੀ ਨਾਲ ਹਲਕੇ ਵਿਚ ਅਕਾਲੀ ਦਲ ਮਜ਼ਬੂਤ ਹੋਵੇਗਾ। ਇਸ ਦੌਰਾਨ ਬੀਬਾ ਹਰਸਿਮਰਤ ਕੌਰ ਬਾਦਲ ਤੇ ਸ੍ਰ. ਬਿਕਰਮ ਸਿੰਘ ਮਜੀਠੀਆ ਨੇ ਵੀ ਰਵੀਪ੍ਰੀਤ ਸਿੰਘ ਦਾ ਪਾਰਟੀ ਵਿਚ ਵਾਪਸ ਸ਼ਾਮਲ ਹੋਣ ’ਤੇ ਨਿੱਘਾ ਸਵਾਗਤ ਕੀਤਾ। ਉਹਨਾਂ ਕਿਹਾ ਕਿ ਰਵੀਪ੍ਰੀਤ ਸਿੰਘ ਸਿੱਧੂ ਅਕਾਲੀ ਦਲ ਪਰਿਵਾਰ ਦਾ ਹਿੱਸਾ ਹਨ ਤੇ ਉਹਨਾਂ ਦੀ ਵਾਪਸੀ ਨਾਲ ਪਾਰਟੀ ਦੇ ਚੋਣ ਪ੍ਰਚਾਰ ਨੂੰ ਵੱਡਾ ਹੁਲਾਰਾ ਮਿਲੇਗਾ। ਰਵੀਪ੍ਰੀਤ ਸਿੱਧੂ ਨੇ ਇਸ ਮੌਕੇ ਕਿਹਾ ਕਿ ਉਹਨਾਂ ਨੇ ਢਾਈ ਸਾਲ ਪਹਿਲਾਂ ਅਕਾਲੀ ਦਲ ਛੱਡ ਕੇ ਭਾਜਪਾ ਵਿਚ ਸ਼ਾਮਲ ਹੋ ਕੇ ਵੱਡੀ ਗਲਤੀ ਕੀਤੀ। ਉਹਨਾਂ ਕਿਹਾ ਕਿ ਜਦੋਂ ਪ੍ਰਧਾਨ ਮੰਤਰੀ ਨੇ ਤਿੰਨ ਖੇਤੀ ਕਾਨੂੰਨ ਵਾਪਸ ਲਏ ਅਤੇ ਮੁਆਫੀ ਮੰਗੀ ਤਾਂ ਉਹ ਸੋਚਦੇ ਸਨ ਕਿ ਕੇਂਦਰ ਸਰਕਾਰ ਕਿਸਾਨ ਭਾਈਚਾਰੇ ਨੂੰ ਇਨਸਾਫ ਦੇਵੇਗੀ। ਪਰ ਉਹਨਾਂ ਦੀਆਂ ਆਸਾਂ ਧਰੀਆਂ ਧਰਾਈਆਂ ਰਹਿ ਗਈਆਂ ਤੇ ਹੁਣ ਉਹ ਮਹਿਸੂਸ ਕਰਦੇ ਹਨ ਕਿ ਸਿਰਫ ਤੇ ਸਿਰਫ ਅਕਾਲੀ ਦਲ ਹੀ ਪੰਜਾਬੀਆਂ ਦੀਆਂ ਆਸਾਂ ਨੂੰ ਪੂਰੀਆਂ ਕਰ ਸਕਦਾ ਹੈ ਤੇ ਇਸ ਵਾਸਤੇ ਉਹਨਾਂ ਬਿਨਾਂ ਸ਼ਰਤ ਪਾਰਟੀ ਵਿਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਹੈ। ਇਸ ਮੌਕੇ ਬੀਬਾ ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਪਹਿਲੀ ਵਾਰ ਜੀਤ ਮਹਿੰਦਰ ਨੇ ਅਕਾਲੀ ਦਲ ਵਿਚੋਂ ’ਟਕਸਾਲੀ’ ਅਕਾਲੀ ਪਰਿਵਾਰ ਨੂੰ ਪਾਰਟੀ ਵਿਚੋਂ ਬਾਹਰ ਕੀਤਾ ਤੇ ਹਲਕੇ ਵਿਚ ਉਹਨਾਂ ਨੂੰ ਗ੍ਰਾਂਟਾਂ ਵੀ ਨਹੀਂ ਵੰਡਣ ਦਿੱਤੀਆਂ। ਉਹਨਾਂ ਕਿਹਾ ਕਿ ਜਦੋਂ ਉਹ 2022 ਵਿਚ ਵੋਟਾਂ ਹਾਰਨ ਮਗਰੋਂ ਚੰਡੀਗੜ੍ਹ ਸ਼ਿਫਟ ਹੋ ਗਏ ਤਾਂ ਉਹਨਾਂ ਹਲਕੇ ਵਾਲਿਆਂ ਨਾਲ ਹਰ ਸੰਪਰਕ ਤੋੜ ਦਿੱਤਾ। ਉਹਨਾਂ ਨੇ ਲੋਕਾਂ ਨੂੰ ਇਹ ਵੀ ਚੇਤੇ ਕਰਵਾਇਆ ਕਿ ਪਿਛਲੇ 7 ਸਾਲਾਂ ਵਿਚ ਕਾਂਗਰਸ ਤੇ ਆਪ ਸਰਕਾਰ ਦੇ ਰਾਜ ਵਿਚ ਹਲਕੇ ਵਿਚ ਵਿਕਾਸ ਕਾਰਜ ਠੱਪ ਹੋ ਕੇ ਰਹਿ ਗਏ ਹਨ। ਸ੍ਰ. ਬਿਕਰਮ ਸਿੰਘ ਮਜੀਠੀਆ ਨੇ ਇਸ ਮੌਕੇ ਦਮਦਾਰ ਭਾਸ਼ਣ ਦਿੰਦਿਆਂ ਦੱਸਿਆ ਕਿ ਬਠਿੰਡਾ ਤੋਂ ਆਪ ਉਮੀਦਵਾਰ ਗੁਰਮੀਤ ਸਿੰਘ ਖੁੱਡੀਆਂ ਨੇ ਖੇਤੀਬਾੜੀ ਮੰਤਰੀ ਵਜੋਂ ਇਸ ਹਲਕੇ ਵਾਸਤੇ ਕੱਖ ਵੀ ਨਹੀਂ ਕੀਤਾ। ਉਹਨਾਂ ਕਿਹਾ ਕਿ ਉਹ ਤਾਂ ਕਿਸਾਨਾਂ ਨੂੰ ਗੜ੍ਹੇਮਾਰੀ ਕਾਰਣ ਹੋਏ ਨੁਕਸਾਨ ਦਾ ਮੁਆਵਜ਼ਾ ਵੀ ਨਹੀਂ ਦੁਆ ਸਕੇ, ਪਾਰਟੀ ਵੱਲੋਂ ਫਸਲਾਂ ਦੇ ਨੁਕਸਾਨ ਦੇ ਮਾਮਲੇ ਵਿਚ ਬਗੈਰ ਗਿਰਦਾਵਰੀ 25-25 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਣਾ ਅਤੇ ਸਾਰੀਆਂ ਫਸਲਾਂ ਐਮ ਐਸ ਪੀ ’ਤੇ ਖਰੀਦਣਾ ਤਾਂ ਦੂਰ ਦੀ ਗੱਲ ਹੈ। ਸ੍ਰ. ਮਜੀਠੀਆ ਨੇ ਭਾਜਪਾ ਦੀ ਸੂਬਾ ਇਕਾਈ ਦੇ ਪ੍ਰਧਾਨ ਸ੍ਰੀ ਸੁਨੀਲ ਜਾਖੜ ਵੱਲੋਂ ਅੰਨਦਾਤਾ ਖਿਲਾਫ ਚੋਣ ਕਮਿਸ਼ਨ ਨੂੰ ਸ਼ਿਕਾਇਤ ਦੇ ਕੇ ਉਹਨਾਂ ਦੀ ਬਦਨਾਮੀ ਕਰਨ ਦੀ ਵੀ ਨਿਖੇਧੀ ਕੀਤੀ ਅਤੇ ਕਿਹਾ ਕਿ ਕਿਸਾਨ ਭਾਜਪਾ ਉਮੀਦਵਾਰਾਂ ਤੇ ਆਗੂਆਂ ਨੂੰ ਪਿੰਡਾਂ ਵਿਚ ਨਹੀਂ ਵੜ੍ਹਨ ਦੇ ਰਹੇ। ਉਹਨਾਂ ਕਿਹਾ ਕਿ ਕਿਸਾਨ ਸਿਰਫ ਰੋਸ ਪ੍ਰਦਰਸ਼ਨ ਦੇ ਆਪਣੇ ਲੋਕਤੰਤਰੀ ਅਧਿਕਾਰ ਦੀ ਵਰਤੋਂ ਕਰ ਰਹੇ ਹਨ। ਉਹ ਭਾਜਪਾ ਪ੍ਰਤੀਨਿਧਾਂ ’ਤੇ ਹਮਲੇ ਨਹੀਂ ਕਰ ਰਹੇ ਪਰ ਫਿਰ ਵੀ ਉਹਨਾਂ ’ਤੇ ਹੰਝੂ ਗੈਸ ਤੇ ਰਬੜ ਦੀਆਂ ਗੋਲੀਆਂ ਚਲਾਈਆਂ ਜਾ ਰਹੀਆਂ ਹਨ। ਪਹਿਲਾਂ ਵੀ ਕੇਂਦਰ ਸਰਕਾਰ ਨੇ ਦਿੱਲੀ ਵਿਚ ਸ਼ਾਂਤਮਈ ਢੰਗ ਨਾਲ ਰੋਸ ਪ੍ਰਦਰਸ਼ਨ ਕਰਨ ਵਾਲੇ ਕਿਸਾਨਾਂ ਖਿਲਾਫ ਤਾਕਤ ਦੀ ਵਰਤੋਂ ਕੀਤੀ ਸੀ। ਉਹਨਾਂ ਇਹ ਵੀ ਦੱਸਿਆ ਕਿ ਕਿਵੇਂ ਸਰਦਾਰਨੀ ਹਰਸਿਮਰਤ ਕੌਰ ਬਾਦਲ ਨੇ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦੀ ਆਵਾਜ਼ ਸੰਸਦ ਵਿਚ ਚੁੱਕੀ ਤੇ ਉਹਨਾਂ ਲਈ ਏਮਜ਼ ਦੇ ਉਦਘਾਟਨੀ ਸਮਾਗਮ ਵਿਚ ਪ੍ਰਧਾਨ ਮੰਤਰੀ ਨੂੰ ਵੀ ਅਪੀਲ ਕੀਤੀ ਕਿ ਕਿਸਾਨਾਂ ਨਾਲ ਨਿਆਂ ਕੀਤਾ ਜਾਵੇ। ਇਸ ਮੌਕੇ ਸੀਨੀਅਰ ਆਗੂ ਮੋਹਣ ਸਿੰਘ ਬੰਗੀ ਵੀ ਹਾਜ਼ਰ ਸਨ।



# ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦਾ ਪੂਰਨ ਸਮਰਥਨ ਕਰਨ ਵਾਲਾ ਪੰਜਾਬ ਦਾ ਪਹਿਲਾ ਪ੍ਰੈਸ ਕਲੱਬ

Pargat Singh Balbehra is with Harwinder Chouhan and 9 others.
7 m

ਸਾਡੇ ਆਲਾ , ਪੰਜਾਬ ਦਾ ਪਹਿਲਾ ਪ੍ਰੈਸ ਕਲੱਬ
ਹੱਕ ਸੱਚ ਦੀ ਲੜਾਈ ਲੜ ਰਹੇ ਭਾਈ ਸਾਹਿਬ ਲਈ ਪੂਰਨ ਸਮਰਥ
। ਬਹੁਤ ਬਹੁਤ ਧੰਨਵਾਦ ਸਾਡੇ ਪ੍ਰੈਸ ਕਲੱਬ ਪ੍ਰਧਾਨ ਸੁਖਵਿੰਦਰ ਸਿੰਘ ਸੈਣੀ ਜੀ ਦਾ ।




ਅੱਜ ਪ੍ਰੈੱਸ ਕਲੱਬ ਆਫ ਪੰਜਾਬ ਜੀਰਕਪੁਰ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਪੂਰਨ ਸਮਰਥਨ ਕਰਨ ਦਾ ਐਲਾਨ ਕੀਤਾ ਗਿਆ । ਜ਼ਿਕਰ ਯੋਗ ਹੈ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਖਡੂਰ ਸਾਹਿਬ ਤੋਂ ਐਮਪੀ ਦੀ ਚੋਣ ਲੜ ਰਹੇ ਹਨ । ਪ੍ਰੈਸ ਕਲੱਬ ਆਫ ਪੰਜਾਬ ਜੀਰਕਪਰ ਦੇ ਪ੍ਰਧਾਨ ਸੁਖਵਿੰਦਰ ਸਿੰਘ ਸੈਣੀ ਨੇ ਅੱਜ ਭਾਈ ਸਾਹਿਬ ਦਾ ਸਮਰਥਨ ਕਰਨ ਦਾ ਐਲਾਨ ਕੀਤਾ । ਇਹ ਵੀ ਦੱਸਣਾ ਬਣਦਾ ਹੈ ਕਿ ਸਾਡੇ ਆਲਾ ਪ੍ਰੈਸ ਕਲੱਬ , ਪੰਜਾਬ ਦਾ ਪਹਿਲਾ ਪ੍ਰੈਸ ਕਲੱਬ ਹੈ ਜਿਨਾਂ ਨੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦਾ ਸਮਰਥਨ ਕਰਨ ਦਾ ਐਲਾਨ ਕੀਤਾ ਹੈ।

**-ਪਰਗਟ ਸਿੰਘ ਬਲ਼ਬੇੜ੍ਹਾ, 9022000070**

# ਜਿਵੇਂ ਮੌਸਮ ਵਿੱਚ ਖਾਮੋਸ਼ੀ ਤੋਂ ਬਾਅਦ ਸੁਨਾਮੀ ਆਉਂਦੀ ਆ ਨਾ



ਇਹ ਉਹੀ ਸੁਨਾਮੀ ਦੀਆਂ ਲਹਿਰਾਂ ਨੇ, ਜਿਹੜੀਆਂ ਸੰਗਤਾਂ ਨੂੰ ਖਡੂਰ ਸਾਹਿਬ ਵਿੱਚ ਦੇਖਣ ਨੂੰ ਮਿਲ ਰਹੀਆਂ ਨੇ । ਪੰਜਾਬ ਦੀ ਖੰਡੂਰ ਸਾਹਿਬ ਸੀਟ ਤੇ ਪੂਰੇ ਸੰਸਾਰ ਵਿੱਚ ਵੱਸਦੇ ਪੰਜਾਬੀਆਂ ਦੀ ਬਾਜ ਵਾਲੀ ਅੱਖ ਹੈ । ਹਕੂਮਤਾਂ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਕਿਰਦਾਰ ਕੁਸ਼ੀ ਕਰਨ ਦੀ ਨਾ ਕਾਮਯਾਬ ਕੋਸ਼ਿਸ਼ ਇਸ ਵੇਲੇ ਕਿਸੇ ਕੰਮ ਆਉਂਦੀ ਨਜ਼ਰ ਨਹੀਂ ਆ ਰਹੀ । ਹਕੂਮਤ ਦੇ ਗਲ ਦੀ ਹੱਡੀ ਬਣ ਗਏ ਨੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਤੋਂ ਦੂਰ ਕਰਕੇ ਗੁਰੂ ਦੇ ਲੜ ਲਾਉਣਾ , ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਸਭ ਤੋਂ ਵੱਡੀ ਪ੍ਰਾਪਤੀ ਹੈ । ਜੋ ਕਿ ਅੱਜ ਪੰਜਾਬ ਦੀ ਨੌਜਵਾਨੀ ਵਿਚ ਨਜ਼ਰ ਆ ਰਹੀ ਹੈ । ਖਾਸ ਕਰਕੇ ਖਡੂਰ ਸਾਹਿਬ ਹਲਕੇ ਵਿੱਚ ਪਿੰਡਾਂ ਦੇ ਪਿੰਡਾਂ ਵੱਲੋਂ ਲਗਾਤਾਰ ਸਿਰਫ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਹਮਾਇਤ ਕਰਨ ਦੇ ਮਤੇ ਪਾਏ ਜਾ ਰਹੇ ਨੇ । ਇਨਾ ਸਭ ਗੱਲਾਂ ਨੇ ਹਕੂਮਤਾਂ ਦੀ ਦਿਨ ਦਾ ਚੈਨ ਤੇ ਰਾਤਾਂ ਦੀ ਨੀਂਦ ਸਭ ਕੁਝ ਖੋਹ ਲਿਆ ਹੈ । ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਗਿਰਫਤਾਰੀ ਵੇਲੇ ਆਮ ਆਦਮੀ ਪਾਰਟੀ ਦੇ ਪ੍ਰਧਾਨ ਅਰਵਿੰਦ ਕੇਜਰੀਵਾਲ ਨੇ ਪ੍ਰੈੱਸ ਕਾਨਫਰੰਸ ਕਰਕੇ ਸਪੈਸ਼ਲ ਇਹ ਗੱਲ ਆਖੀ ਸੀ ਕਿ ਅਸੀਂ ਬੀਜੇਪੀ ਨਾਲ ਰਲ ਕੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਤੇ ਕਾਰਵਾਈ ਕੀਤੀ ਹੈ । ਆਮ ਆਦਮੀ ਪਾਰਟੀ ਨੇ ਇਹ ਕਦੇ ਵੀ ਨਹੀਂ ਸੋਚਿਆ ਹੋਵੇਗਾ ਕਿ ਇਹ ਗ੍ਰਿਫਤਾਰੀ ਪੰਜਾਬ ਦੀ ਨੌਜਵਾਨੀ ਵਿੱਚ ਹਕੂਮਤ ਖਿਲਾਫ ਲਹਿਰ ਖੜੀ ਕਰ ਦੇਵੇਗੀ । ਜੋ ਕਿ ਹਲਕਾ ਖਡੂਰ ਸਾਹਿਬ ਵਿੱਚ ਭਰਪੂਰ ਦੇਖਣ ਨੂੰ ਮਿਲ ਰਹੀ ਹੈ ।

**-ਪਰਗਟ ਸਿੰਘ ਬਲ਼ਬੇੜ੍ਹਾ, 9022000070**

# ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਲੋਂ ਆਯੋਜਿਤ ਸਮੂਹਿਕ ਵਿਆਹ ਮੇਲਾਵਾ ਸਮਾਜਿਕ ਬਦਲਾਵ ਦਾ ਪ੍ਰਤੀਕ - ਡਾ. ਵਿਜੇ ਸਤਬੀਰ ਸਿੰਘ

ਚੌਕ ਮਹਿਤਾ 8 ਮਈ( ਬਾਬਾ ਸੁਖਵੰਤ ਸਿੰਘ ਚੰਨਣਕੇ)-ਗੁਰਦੁਆਰਾ ਬੋਰਡ ਤਖਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਨਾਂਦੇੜ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਸਾਬਕਾ ਆਈ.ਏ.ਐਸ. ਨੇ ਦਸਿਆ ਕਿ 67 ਵਾਂ ਸਮੂਹਿਕ ਵਿਆਹ ਮੇਲਾਵਾ ਮਿਤੀ 11 ਅਤੇ 12 ਮਈ 2024 ਨੂੰ ਆਯੋਜਿਤ ਕੀਤਾ ਜਾ ਰਿਹਾ ਹੈ 8 ਮਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਤਖ਼ਤ ਸਾਹਿਬ ਵਿਖੇ ਆਰੰਭਤਾ ਹੋ ਗਈ ਹੈ ਅਤੇ ਜਿਸ ਦੀ ਸਮਾਪਤੀ 10 ਮਈ ਨੂੰ ਹੋਵੇਗੀ 11ਮਈ ਨੂੰ ਸਮੂਹਿਕ ਸਗਾਈ ਦੀ ਰਸਮ ਹੋਵੇਗੀ ਅਤੇ 12 ਮਈ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੀ ਪਾਵਨ ਹਜ਼ੂਰੀ ਵਿੱਚ ਲਾਵਾਂ ਫੇਰੇ ਹੋਣਗੇ। ਇਹ ਸਮੂਹਿਕ ਵਿਆਹ ਮੇਲਾਵਾ ਆਪਣੇ ਆਪ ਵਿੱਚ ਇੱਕ ਸਮਾਜਿਕ ਬਦਲਾਵ ਦਾ ਪ੍ਰਤੀਕ ਹੈ ਕਿਉਂਕਿ ਅੱਜ ਦੇ ਅਤੀ ਮਹਿੰਗਾਈ ਵਾਲੇ ਸਮੇਂ ਵਿੱਚ ਬਹੁਤ ਸਾਰੇ ਗੁਰਸਿੱਖ ਪਰਿਵਾਰਾਂ ਨੂੰ ਆਪਣੇ ਬੱਚੇ ਬੱਚੀਆਂ ਦੇ ਵਿਆਹ ਕਾਰਜ ਸਮੇਂ ਕਈ ਤਰ੍ਹਾਂ ਦੀਆਂ ਆਰਥਿਕ ਔਕੜਾਂ ਦਾ ਸਾਹਮਣਾ ਕਰਨਾ ਪੈਂਦਾ ਹੈ । ਵਿਆਹ ਵਰਗੇ ਜ਼ੁੰਮੇਦਾਰੀ ਭਰਪੂਰ ਕਾਰਜ ਲਈ ਗੁਰਦੁਆਰਾ ਸੱਚਖੰਡ ਬੋਰਡ ਦਾ ਅੱਗੇ ਆਉਣਾ ਅਤੇ ਸਮੂਹਿਕ ਵਿਆਹ ਮੇਲਾਵੇ ਦਾ ਆਯੋਜਨ ਕਰਨਾ, ਕਿਸੇ ਇਤਿਹਾਸਕ ਕਦਮ ਤੋਂ ਘੱਟ ਨਹੀਂ । ਇਹ ਵਿਆਹ ਕਾਰਜ ਤਖ਼ਤ ਸਾਹਿਬ ਦੇ ਮਾਨਯੋਗ ਸਿੰਘ ਸਾਹਿਬ ਜਥੇਦਾਰ ਸੰਤ ਬਾਬਾ ਕੁਲਵੰਤ ਸਿੰਘ ਜੀ, ਸਮੂੰਹ ਪੰਜ ਪਿਆਰੇ ਸਾਹਿਬਾਨ ਦੀ ਸਰਪ੍ਰਸਤੀ ਹੇਠ ਪੂਰਨ ਗੁਰਮਰਯਾਦਾ ਅਨੁਸਾਰ ਕਰਵਾਏ ਜਾਂਦੇ ਹਨ । ਵਿਆਹ ਵਰਗੀ ਪਾਵਨ ਰਸਮ ਤੋਂ ਪਹਿਲਾਂ ਗੁਰਮਤਿ ਮਾਰਗ ਅਨੁਸਾਰ ਹਰੇਕ ਲਾੜੇ ਲਾੜੀ ਲਈ ਤਖ਼ਤ ਸਾਹਿਬ ਵਿਖੇ ਅੰਮ੍ਰਿਤ ਪਾਨ ਕਰਨਾ ਲਾਜ਼ਮੀ ਹੈ । ਬਿਨਾ ਅੰਮ੍ਰਿਤ ਛਕੇ ਕਿਸੇ ਵੀ ਜੋੜੇ ਦੇ ਲਾਵਾਂ ਫੇਰੇ ਨਹੀਂ ਕਰਵਾਏ ਜਾਂਦੇ । ਡਾ. ਵਿਜੇ ਸਤਬੀਰ ਸਿੰਘ ਨੇ ਇਹ ਵੀ ਦਸਿਆ ਕਿ ਇਸ ਮੌਕੇ ਲੰਗਰ ਪਾਣੀ, ਟੈਂਟ ਆਦਿ ਦਾ ਸਾਰਾ ਪ੍ਰਬੰਧ ਕਰਨ ਦੇ ਨਾਲ ਨਾਲ ਸ਼ਾਦੀ ਵਿੱਚ ਸ਼ਾਮਿਲ ਦੋਵੇਂ ਪਰਿਵਾਰਾਂ ਦੇ ਸਕੇ ਸੰਬੰਧੀਆਂ ਨੂੰ ਗੁਰਦੁਆਰਾ ਬੋਰਡ ਵਲੋਂ ਕਮਰੇ ਵੀ ਮੁਹੱਈਆ ਕਰਵਾਏ ਜਾਂਦੇ ਹਨ ਨਾਂਦੇੜ ਅਤੇ ਆਸ ਪਾਸ ਦੇ ਸਿੱਖਾਂ ਤੋਂ ਇਲਾਵਾ ਤੇਲੰਗਾਨਾ, ਮੱਧ ਪ੍ਰਦੇਸ਼ ਤੇ ਹੋਰ ਨਾਲ ਲਗਦੇ ਰਾਜਾਂ ਤੋਂ ਵੀ ਸਿੱਖ ਸੰਗਤਾਂ ਨੂੰ ਬਹੁਤ ਲਾਭ ਪ੍ਰਾਪਤ ਹੋ ਰਿਹਾ ਹੈ । ਡਾ. ਵਿਜੇ ਸਤਬੀਰ ਸਿੰਘ ਨੇ ਇਹ ਵੀ ਕਿਹਾ ਕਿ ਅਸੀਂ ਦੇਖਦੇ ਹਾਂ ਕਿ ਬਹੁਤ ਸਾਰੇ ਪਰਿਵਾਰ ਆਪਣੇ ਬੱਚੇ ਬੱਚੀਆਂ ਦੇ ਵਿਆਹ ਕਾਰਜ ਦੇ ਕਰਜ਼ਿਆਂ ਦੇ ਬੇਲੋੜੇ ਬੋਝ ਹੇਠ ਦੱਬ ਜਾਂਦੇ ਹਨ, ਉਨ੍ਹਾਂ ਸਾਰਿਆਂ ਨੂੰ ਅਪੀਲ ਹੈ ਕਿ ਉਹ ਤਖ਼ਤ ਸਾਹਿਬ ਵਲੋਂ ਆਯੋਜਿਤ ਅਜੇਹੇ ਸਮੂਹਿਕ ਵਿਆਹ ਮੇਲਾਵਾ ਵਿੱਚ ਸ਼ਾਮਿਲ ਹੋਣ ਅਤੇ ਗੁਰੂ ਘਰ ਦੀ ਸਾਦ ਮੁਰਾਦੀ ਰਸਮ ਅਨੁਸਾਰ ਆਪਣੇ ਬਚਿਆਂ ਦੇ ਵਿਆਹ ਕਾਰਜ ਕਰਨ ਲਈ ਗੁਰਦੁਆਰਾ ਬੋਰਡ ਦੇ ਸੰਬੰਧਤ ਵਿਭਾਗ ਨਾਲ ਸੰਪਰਕ ਕਰਨ।



# ਅੰਗਦ ਕਉ ਪ੍ਰਭੁ ਅਲਖ ਲਖਾਇਆ

**ਸਾਹਿਬ** ਸ੍ਰੀ ਗੁਰੂ ਅੰਗਦ ਦੇਵ ਜੀ ਦਾ ਪ੍ਰਕਾਸ਼ 31 ਮਾਰਚ ਸੰਨ 1504 ਨੂੰ ਪਿਤਾ ਭਾਈ ਫੇਰੂ ਮੱਲ ਜੀ ਤੇ ਮਾਤਾ ਰਾਮੋਂ ਜੀ(ਮਾਤਾ ਦਇਆ ਕੌਰ ਜੀ) ਦੇ ਉੱਦਰ ਤੋਂ ਪਿੰਡ ਮੱਤੇ ਦੀ ਸਰਾਂ ਜਿਲ੍ਹਾ ਫਿਰੋਜ਼ਪੁਰ (ਹੁਣ ਮੁਕਤਸਰ)ਵਿੱਚ ਅੰਮ੍ਰਿਤ ਵੇਲੇ ਹੋਇਆ। ਪ੍ਰੀਵਾਰ ਵੱਲੋਂ ਆਪ ਜੀ ਦਾ ਨਾਂ ਲਹਿਣਾ ਰੱਖਿਆ ਗਿਆ। ਉਹ ਸਮਾਂ ਮੁਗਲ ਰਾਜ ਦਾ ਸਮਾਂ ਸੀ। ਆਪ ਦੇ ਪਿਤਾ ਬਹੁਤ ਹੀ ਨੇਕ ਦਿਲ, ਸਾਊ ਤੇ ਸ਼ਾਤ ਸੁਭਾਅ ਦੇ ਮਾਲਕ ਸਨ। ਆਪ ਦੇ ਪਿਤਾ ਇੱਕ ਦੇਵੀ ਭਗਤ ਸਨ। ਹਰ ਸਾਲ ਸੰਗਤਾਂ ਨਾਲ ਦੇਵੀ ਦਰਸ਼ਨਾਂ ਨੂੰ ਜਾਂਦੇ ਸਨ। ਇੱਕ ਚੰਗੇ ਵਿਦਵਾਨ ਤੇ ਹਿਸਾਬੀ ਕਿਤਾਬੀ ਪੁਰਸ਼ ਵੀ ਸਨ। ਆਪ ਨੇ ਵੀ ਆਪਣੇ ਪਿਤਾ ਪਾਸੋਂ ਹੀ ਵਿੱਦਿਆ ਪ੍ਰਾਪਤ ਕਰਕੇ ਹਿਸਾਬ, ਸੰਸਕ੍ਰਿਤ ਤੇ ਗੁਰਮੁੱਖੀ ਆਦਿ ਵਿੱਚ ਬਹੁਤ ਚੰਗੀ ਤਰ੍ਹਾਂ ਨਿਪੁੰਨਤਾ ਹਾਸਲ ਕਰ ਲਈ ਸੀ ਤੇ ਆਪਣੇ ਪਿਤਾ ਨਾਲ ਹੀ ਦੁਕਾਨਦਾਰੀ ਦੇ ਕੰਮ ਵਿੱਚ ਹੱਥ ਵਟਾਂਉਂਦੇ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਪ ਦਾ ਵਿਆਹ ਮਾਤਾ ਖੀਵੀ ਜੀ ਨਾਲ ਹੋਇਆ। ਮਾਤਾ ਖੀਵੀ ਜੀ ਵੀ ਬਹੁਤ ਹੀ ਨੇਕ ਦਿਲ ਇਸਤਰੀ, ਸ਼ਾਤ ਸੁਭਾਅ ਦੇ ਮਾਲਕ ਤੇ ਮਿੱਠ ਬੋਲੜੇ ਸਨ। ਭਾਈ ਲਹਿਣਾ ਜੀ ਦੇ ਘਰ ਮਾਤਾ ਖੀਵੀ ਜੀ ਦੀ ਕੁੱਖੋਂ ਦੋ ਪੁੱਤਰ ਦਾਤੂ ਜੀ,ਦਾਸੂ ਜੀ ਤੇ ਦੋ ਪੁੱਤਰੀਆਂ ਬੀਬੀ ਅਮਰੋਂ ਜੀ ਤੇ ਬੀਬੀ ਅਨੋਖੀ ਜੀ ਨੇ ਜਨਮ ਲਿਆ। ਜਦ 1526 ਨੂੰ ਬਾਬਰ ਨੇ ਭਾਰਤ ਤੇ ਹਮਲਾ ਕੀਤਾ ਤਾਂ ਆਪ ਦੇ ਪਿੰਡ ਮੱਤੇ ਦੀ ਸਰ੍ਹਾਂ ਤੇ ਵੀ ਬਾਬਰ ਨੇ ਹਮਲਾ ਕਰਕੇ ਪਿੰਡ ਤਹਿਸ ਨਹਿਸ ਕਰ ਦਿੱਤਾ। ਤਬਾਹੀ ਤੋਂ ਬਾਅਦ ਜਦ ਫਿਰ ਪਿੰਡ ਵੱਸਿਆ ਤਾਂ ਇਸ ਪਿੰਡ ਦਾ ਨਾਂ ਬਦਲ ਕੇ 'ਨਾਂਗੇ ਦੀ ਸਰਾਇ' ਹੋ ਗਿਆ।



ਆਪ ਆਪਣੇ ਪਿਤਾ ਵਾਂਗ ਹਰ ਸਾਲ ਸੰਗਤਾਂ ਨਾਲ ਦੇਵੀ ਦਰਸ਼ਨਾਂ ਨੂੰ ਜਾਂਦੇ ਸਨ। ਇੱਕ ਦਿਨ ਆਪ ਦੀ ਦੁਕਾਨ ਅੱਗਿਉਂ ਗੁਰੂ ਨਾਨਕ ਦੇ ਸਿੱਖ ਭਾਈ ਜੋਧਾ ਜੀ ਤੇ ਭਾਈ ਫਿਰਨਾ ਜੀ ਆਸਾ ਦੀ ਵਾਰ ਦਾ ਪਾਠ ਕਰਦੇ ਲੰਘੇ ਤਾਂ ਆਪ ਜੀ ਦੇ ਪੁੱਛਣ ਤੇ ਭਾਈ ਜੋਧਾ ਜੀ ਨੇ ਦੱਸਿਆ ਕਿ ਇਹ ਗੁਰੂ ਨਾਨਕ ਜੀ ਦੀ ਬਾਣੀ ਹੈ ਜੋ ਇਸ ਸਮੇਂ ਕਰਤਾਰਪੁਰ ਵਿੱਚ ਜੀਵਾਂ ਦਾ ਉਧਾਰ ਕਰ ਰਹੇ ਹਨ। ਆਪ ਜੀ ਨੂੰ ਗੁਰੂ ਚਰਨਾਂ ਦੀ ਖਿੱਚ ਹੋਈ ਤੇ ਰਾਤ ਦਿਨ ਆਪ ਦਾ ਮਨ ਗੁਰੂ ਚਰਨਾਂ ਨੂੰ ਬਿਹਬਲ ਹੋ ਉੱਠਿਆ ਕਿ ਜਦ ਜਵਾਲਾ ਜੀ ਦੇ ਦਰਸ਼ਨਾਂ ਨੂੰ ਜਾਵਾਂਗਾ ਤਾਂ ਰਸਤੇ ਵਿੱਚ ਗੁਰੂ ਨਾਨਕ ਦੇਵ ਜੀ ਦੇ ਵੀ ਦਰਸ਼ਨ ਕਰਦਾ ਜਾਵਾਂਗਾ। ਜਦ ਆਪ ਦੇਵੀ ਦਰਸ਼ਨਾਂ ਨੂੰ ਸੰਗਤਾਂ ਨਾਲ ਤੁਰੇ ਤਾਂ ਕਰਤਾਰਪੁਰ ਪਹੁੰਚ ਕੇ ਆਪ ਜੀ ਨੇ ਸਾਥੀਆਂ ਨੂੰ ਅਰਾਮ ਕਰਨ ਲਈ ਕਿਹਾ ਤੇ ਆਪ ਗੁਰੂ ਦਰਸ਼ਨਾਂ ਨੂੰ ਤੁਰ ਪਏ। ਉਧਰ ਜਾਣੀ-ਜਾਣ ਸਤਿਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਵੀ ਆਪ ਨੂੰ ਅਗਲਵਾਂਡੀ ਲੈਣ ਲਈ ਘਰੋਂ ਤੁਰ ਪਏ। ਰਸਤੇ ਵਿੱਚ ਟਾਕਰਾ ਹੋ ਗਿਆ ਤਾਂ ਆਪ ਨੇ ਗੁਰੂ ਨਾਨਕ ਦੇਵ ਜੀ ਤੋਂ ਹੀ ਉਹਨਾਂ ਦੇ ਘਰ ਦਾ ਰਸਤਾ ਪੁੱਛਿਆ ਤਾਂ ਉਸ ਸਮੇਂ ਆਪ ਘੋੜੀ ਉੱਪਰ ਬੈਠੇ ਹੋਏ ਸਨ।

ਗੁਰੂ ਨਾਨਕ ਜੀ ਕਹਿਣ ਲੱਗੇ 'ਤੁਸੀ ਮੇਰੇ ਮਗਰ ਆਉ।'ਜਦ ਆਪ ਨੇ ਘਰ ਪਹੁੰਚ ਕੇ ਘੋੜੀ ਕਿੱਲੇ ਨਾਲ ਬੰਨ੍ਹੀ ਤੇ ਅੰਦਰ ਪਹੁੰਚ ਕੇ ਗੁਰੂ ਸਹਿਬਾਂ ਦੇ ਦਰਸ਼ਨ ਕੀਤੇ ਤਾਂ ਬੜੇ ਸ਼ਰਮਸਾਰ ਹੋਏ। ਮਾਫੀ ਮੰਗੀ ਕਿ ਮੇਰੇ ਕੋਲੋਂ ਭੁੱਲ ਹੋ ਗਈ ਹੈ। ਆਪ ਜੀ ਖਿਮਾਂ ਕਰੋ। ਮੈਂ ਘੋੜੀ ਤੇ, ਤੇ ਆਪ ਜੀ ਪੈਦਲ,ਮੈਂ ਅਣਜਾਣ ਸਾਂ ਤਾਂ ਗੁਰੂ ਜੀ ਬੋਲੇ ਕਿ 'ਭਾਈ, ਤੇਰਾ ਨਾਂਉ ਕੀ ਹੈ ?'ਆਪ ਜੀ ਨੇ ਨਿਮਰਤਾ ਸਹਿਤ ਉੱਤਰ ਦਿੱਤਾ ਕਿ 'ਮੇਰਾ ਨਾਮ ਲਹਿਣਾ ਹੈ' ਤਾਂ ਗੁਰੂ ਨਾਨਕ ਜੀ ਕਹਿਣ ਲੱਗੇ 'ਭਾਈ, ਲਹਿਣੇਦਾਰ ਘੋੜੀਆਂ ਤੇ ਹੀ ਆਉਂਦੇ ਹਨ।'ਆਪ ਜੀ ਨੇ ਰਾਤ ਉੱਥੇ ਹੀ ਵਿਸ਼ਰਾਮ ਕੀਤਾ। ਰਾਤ ਨੂੰ ਆਪ ਨੂੰ ਸੁਪਨਾ ਆਇਆ ਕਿ ਜਿਸ ਦੇਵੀ ਦੇ ਦਰਸ਼ਨਾਂ ਨੂੰ ਆਪ ਜਾਂਦੇ ਸਨ, ਉਹ ਦੇਵੀ ਗੁਰੂ ਨਾਨਕ ਜੀ ਦੇ ਦਰਬਾਰ ਵਿੱਚ ਝਾੜੂ ਲਾ ਰਹੀ ਹੈ। ਲਹਿਣਾ ਜੀ ਦੇ ਪੁੱਛਣ ਤੇ ਉਸ ਦੇਵੀ ਨੇ ਦੱਸਿਆ ਕਿ 'ਮੈਂ ਗੁਰੂ ਨਾਨਕ ਦੇ ਦਰਬਾਰ ਦੀ ਝਾੜੂ ਬਰਦਾਰ ਹਾਂ।'

**ਤਬ ਦੇਵੀ ਮੁਖ ਬਚਨ ਪ੍ਰਗਾਸੀ। ਗੁਰੂ ਨਾਨਕ ਕੀ ਮੈਂ ਹੋਂ ਦਾਸੀ।।**

ਤਾਂ ਆਪ ਗੁਰੂ ਘਰ ਦੇ ਹੀ ਹੋ ਕੇ ਰਹਿ ਗਏ। ਉੱਥੇ ਆਪ ਜੀ ਨੇ ਕਾਫੀ ਸਮਾਂ ਗੁਰੂ ਚਰਨਾਂ ਵਿੱਚ ਰਹਿ ਕੇ ਸੇਵਾ ਸਿਮਰਨ ਕੀਤਾ ਤੇ ਗੁਰੂ ਘਰ ਦੀ ਮਹਿਮਾ ਨੂੰ ਹੋਰ ਨੇੜੇ ਤੋਂ ਜਾਣਨ ਦਾ ਸੁਭਾਗ ਪ੍ਰਾਪਤ ਹੋਇਆ। ਜਾਣੀ-ਜਾਣ ਸਤਿਗੁਰੂ ਜੀ ਨੇ ਆਪ ਨੂੰ ਆਪਣੇ ਘਰ ਫੇਰਾ ਮਾਰ ਕੇ ਆਉਣ ਲਈ ਕਿਹਾ।

ਆਪ ਨੇ ਘਰ ਵਾਪਸ ਪਹੁੰਚ ਕੇ ਦੁਕਾਨਦਾਰੀ ਦੀ ਜ਼ਿੰਮੇਵਾਰੀ ਵੱਡੇ ਪੁੱਤਰ ਨੂੰ ਸੌਂਪੀ ਤੇ ਬੀਬੀ ਅਮਰੋ ਜੀ ਦਾ ਵਿਆਹ ਪਿੰਡ ਬਾਸਰਕੇ ਭਾਈ ਅਮਰਦਾਸ ਜੀ (ਗੁਰੂ ਅਮਰਦਾਸ ਜੀ) ਦੇ ਛੋਟੇ ਭਰਾ ਮਾਣਕ ਚੰਦ ਜੀ ਦੇ ਪੁੱਤਰ ਬਾਬਾ ਜਸੂ ਜੀ ਨਾਲ ਕੀਤਾ ਤੇ ਵਾਪਸ ਗੁਰੂ ਚਰਨਾਂ ਵਿੱਚ ਆ ਗਏ। ਆਪ ਜੀ ਨੇ ਗੁਰੂ ਨਾਨਕ ਜੀ ਦੇ ਹਰ ਬਚਨ ਨੂੰ ਸਤਿ ਕਹਿ ਕੇ ਮੰਨਿਆ।ਭਾਵੇਂ ਗੁਰੂ ਨਾਨਕ ਜੀ ਦੇ ਦੋਵੇਂ ਪੁੱਤਰ ਕਹਿਣੇ ਤੋਂ ਬਾਹਰ ਸਨ। ਪਰ ਭਾਈ ਲਹਿਣਾ ਜੀ ਹਰ ਵਾਰ ਪਰਖ ਵਿੱਚ ਖਰੇ ਉੱਤਰਦੇ ਰਹੇ।ਭਾਈ ਲਹਿਣਾ ਜੀ ਨੇ ਗੁਰੂ ਨਾਨਕ ਦੇ ਘਰ ਦੀ ਸੱਤ ਸਾਲ ਸੇਵਾ ਕੀਤੀ।ਅੰਤ ਭਾਈ ਲਹਿਣਾ ਜੀ ਦੀ ਸੇਵਾ ਸਫਲ ਹੋਈ ਤੇ ਗੁਰੂ ਨਾਨਕ ਜੀ ਨੇ ਖੁਸ਼ ਹੋ ਕੇ 1539 ਨੂੰ ਇੱਕ ਨਾਰੀਅਲ ਤੇ ਪੰਜ ਪੈਸੇ ਮੱਥਾ ਟੇਕ ਕੇ ਗੁਰਿਆਈ ਦਾ ਤਿਲਕ ਤੇ ਆਪਣੇ ਅੰਗ ਨਾਲ ਲਗਾ ਕੇ 'ਗੁਰੂ ਅੰਗਦ ਦੇਵ' ਬਣਾ ਦਿੱਤਾ।

ਗੁਰੂ ਨਾਨਕ ਦੇਵ ਜੀ ਦੇ ਕਹਿਣ ਅਨੁਸਾਰ ਆਪ ਵਾਪਸ ਖਡੂਰ ਸਾਹਿਬ ਆ ਕੇ ਰਹਿਣ ਲੱਗ ਪਏ।ਇੱਥੇ ਆਪ ਮਾਈ ਭਰਾਈ ਦੇ ਗ੍ਰਿਹਿ ਗੁੱਪਤਵਾਸ ਹੋ ਕੇ ਤਪ ਕਰਨ ਲੱਗੇ। ਸੰਗਤਾਂ ਆਪ ਜੀ ਦੇ ਦਰਸ਼ਨਾਂ ਨੂੰ ਬਿਹਬਲ ਹੋ ਉੱਠੀਆਂ।ਇੱਕ ਦਿਨ ਭਾਈ ਭਗੀਰਥ ਜੀ,ਭਾਈ ਬੂੜਾ ਕਲਾਲ ਜੀ,ਭਾਈ ਧੀਰੋ ਜੀ, ਭਾਈ ਅਜਿੱਤਾ ਰੰਧਾਵਾ ਜੀ ਤੇ ਭਾਈ ਸਧਾਰਨ ਜੀ ਪੰਜ ਸਿੱਖਾਂ ਦੇ ਬੇਨਤੀ ਕਰਨ ਤੇ ਬਾਬਾ ਬੁੱਢਾ ਜੀ ਨੇ ਅੰਤਰ ਧਿਆਨ ਹੋ ਕੇ ਵੇਖਿਆ ਤਾਂ ਦੱਸ਼ਿਆ ਕਿ ਗੁਰੂ ਜੀ ਖਡੂਰ ਸਾਹਿਬ ਮਾਈ ਭਰਾਈ ਜੀ ਦੇ ਗ੍ਰਿਹਿ ਵਿਖੇ ਬਿਰਾਜਮਾਨ ਹਨ। ਸਭ ਸੰਗਤਾਂ ਗੁਰੂ ਜੀ ਦੇ ਦਰਸ਼ਨਾਂ ਨੂੰ ਉੱਮੜ ਪਈਆਂਤੇ ਸੰਗਤਾਂ ਦੇ ਬੇਨਤੀ ਕਰਨ ਤੇ ਆਪ ਸੰਗਤਾਂ ਦੇ ਸਨਮੁੱਖ ਹੋਏ। ਸੰਗਤਾਂ ਬਾਬਾ ਬੁੱਢਾ ਜੀ ਨਾਲ ਮਿਲ ਕੇ ਗੁਰੂ ਨਾਨਕ ਜੀ ਦੀ ਬਾਣੀ ਦਾ ਜਾਪ ਕਰ ਰਹੀਆਂ ਸਨ ਸੁਣ ਕੇ ਆਪ ਅਤਿ ਪ੍ਰਸੰਨ ਹੋਏ ਤੇ ਮਾਤਾ ਖੀਵੀ ਜੀ ਨੂੰ ਕਿਹਾ ਕਿ ਗੁਰੂ ਜੀ ਨੇ ਜੋ ਕੜਛਾ ਤੁਹਾਨੂੰ ਬਖਸ਼ਿਆ ਹੈ, ਉਸ ਨਾਲ ਲੰਗਰ ਬਣਾਉ, ਸੰਗਤਾਂ ਨੂੰ ਲੰਗਰ ਪਾਣੀ ਛਕਾਉ, ਕੋਈ ਭੁੱਖਾ ਨਾ ਜਾਵੇ।

ਗੁਰੂ ਅੰਗਦ ਦੇਵ ਜੀ ਨੇ 'ਮਹਾਜਨੀ ਲਿਪੀ' ਦਾ ਸੁਧਾਰ ਕਰਕੇ 'ਗੁਰਮੁੱਖੀ ਲਿਪੀ' ਦੀ ਰਚਨਾ ਕੀਤੀ। ਗੁਰਮੁੱਖੀ ਲਿਪੀ ਦੇ ਪਾਸਾਰ ਤੇ ਪ੍ਰਚਾਰ ਲਈ ਗੁਰਮੁੱਖੀ ਵਰਣਮਾਲਾ ਵਿੱਚ ਬੱਚਿਆ ਲਈ 'ਬਾਲ-ਬੋਧ' ਦੀ ਵੀ ਰਚਨਾ ਕੀਤੀ। ਦਰੱਖਤਾਂ ਦੀ ਛਾਵੇਂ ਆਪ ਬਾਲਕਾਂ ਨੂੰ ਗੁਰਮੁੱਖੀ ਪੜ੍ਹਾਉਂਦੇ ਤੇ ਲਿਖਾਉਂਦੇ ਸਨ।'ਗੁਰਮੁੱਖੀ ਲਿਪੀ' ਗੁਰੂ ਅੰਗਦ ਦੇਵ ਜੀ ਦੀ ਹੀ ਦੇਣ ਹੈ।ਇੱਥੇ ਹੀ ਆਪ ਨੇ ਸਰੀਰਕ ਕਸਰਤ ਨੂੰ ਉਤਸ਼ਾਹਿਤ ਕਰਨ ਲਈ ਇੱਕ ਅਖਾੜਾ ਬਣਵਾਇਆ।(ਇੱਥੇ ਗੁਰਦੁਆਰਾ ਅਖਾੜਾ ਸਾਹਿਬ ਸੁਸ਼ੋਭਿਤ ਹੈ)ਘੋਲ, ਕੁਸ਼ਤੀਆਂ,ਕਬੱਡੀ ਤੇ ਹੋਰ ਤਰ੍ਹਾਂ ਤਰ੍ਹਾਂ ਦੀਆਂ ਜ਼ੋਰ ਅਜ਼ਮਾਈ ਵਾਲੀਆਂ ਖੇਡਾਂ ਵੀ ਕਰਵਾਈਆਂ। ਛਿੰਜਾਂ ਪਾਉਂਦੇ ਤੇ ਖਿਡਾਰੀਆਂ ਦੀ ਹੌਂਸਲਾ ਅਫਜ਼ਾਈ ਲਈ ਇਨਾਮ ਵੀ ਦਿੰਦੇ। ਜਦ 1540 ਨੂੰ ਆਪ ਖਡੂਰ ਸਾਹਿਬ ਵਿੱਚ ਹੀ ਸਨ ਤਾਂ ਸ਼ੇਰ ਸ਼ਾਹ ਸੂਰੀ ਹੱਥੋਂ ਹਾਰ ਖਾ ਕੇ ਭੱਜੇ ਆਉਂਦੇ ਹਮਾਯੂੰ ਨੂੰ ਨਿਮਰਤਾ ਦਾ ਪਾਠ ਪੜ੍ਹਾ ਕੇ ਉਸਦਾ ਹੰਕਾਰ ਤੋੜਿਆ। ਸ੍ਰੀ ਗੁਰੂ ਅੰਗਦ ਦੇਵ ਜੀ ਨੇ ਆਪ 9 ਵਾਰਾਂ ਵਿੱਚ ਅੰਕਿਤ 63 ਸਲੋਕਾਂ ਦੀ ਰਚਨਾਂ ਕੀਤੀ ਜੋ ਮਹਾਨ ਗ੍ਰੰਥ, ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਹਨ।ਗੁਰੂ ਅੰਗਦ ਦੇਵ ਜੀ 29 ਮਾਰਚ ਸੰਨ 1552 ਨੂੰ ਖਡੂਰ ਸਾਹਿਬ ਵਿੱਚ ਜੋਤੀ ਜੋਤ ਸਮਾ ਗਏ।

**-ਧਰਮਿੰਦਰ ਸਿੰਘ(ਚੱਬਾ), ਪਿੰਡ ਤੇ ਡਾਕ:ਚੱਬਾ, ਤਰਨਤਾਰਨ ਰੋਡ, ਅੰਮ੍ਰਿਤਸਰ**

## ਸ: ਜੱਸਾ ਸਿੰਘ ਰਾਮਗੜ੍ਹੀਆ ਦਾ

# 301ਵਾਂ ਜਨਮ ਦਿਹਾੜਾ ਸ਼ਰਧਾ ਨਾਲ ਮਨਾਇਆ—ਮਨਜੀਤ ਸਿੰਘ ਔਲਖ

ਫ਼ਿਰੋਜ਼ਪੁਰ, 8 ਮਈ (ਮਨੋਹਰ ਲਾਲ) :— 17ਵੀਂ ਸਦੀ ਦੇ ਮਹਾਨ ਜਰਨੈਲ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਜੀ ਦਾ 301ਵਾਂ ਜਨਮ ਦਿਹਾੜਾ ਦੇਸ਼ਾਂ—ਵਿਦੇਸ਼ਾਂ ਦੀ ਧਰਤੀ ਤੇ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸੇ ਕੜੀ ਤਹਿਤ ਗੁਰਦੁਆਰਾ ਬਾਬਾ ਵਿਸ਼ਵਕਰਮਾ ਅਮ੍ਰਿਤਸਰੀ ਗੇਟ ਫਿਰੋਜ਼ਪੁਰ ਵਿਖੇ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲ ਸੁਸਾ ਰਜਿ ਪੰਜਾਬ ਭਾਰਤ ਵੱਲੋਂ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਨਜੀਤ ਸਿੰਘ ਔਲਖ ਪੰਜਾਬ ਪ੍ਰਧਾਨ ਨੇ ਦੱਸਿਆ ਕਿ ਸਾਨੂੰ ਜੋਧਿਆਂ ਦੇ ਜਨਮ ਦਿਹਾੜੇ ਵੱਧ ਚੜ੍ਹ ਕੇ ਮਨਾਉਣੇ ਚਾਹੀਦੇ ਹਨ ਤਾਂ ਕਿ ਆਉਣ ਵਾਲੀ ਪੀੜ੍ਹੀ ਪੁਰਖਿਆ ਦੇ ਚੰਗੇ ਜੀਵਨ ਤੋਂ ਪ੍ਰੇਰਨਾ ਸਰੋਤ ਹੋ ਸਕਣ। ਇਸ ਮੌਕੇ ਭਗਵਾਨ ਸਿੰਘ ਦੜਿਆਲਾ ਕੌਮੀ ਚੈਅਰਮੈਨ ਪੰਜਾਬ, ਸਮਸ਼ੇਰ ਸਿੰਘ ਕਲਸੀ ਸੂਬਾ ਮੀਤ ਪ੍ਰਧਾਨ ਪੰਜਾਬ, ਸੁਖਮਿੰਦਰ ਸਿੰਘ ਜੱਬਲ ਮੀਤ ਪ੍ਰਧਾਨ ਪੰਜਾਬ, ਜਸਬੀਰ ਸਿੰਘ ਕਲਸੀ ਸੂਬਾ ਜਨਰਲ ਸਕੱਤਰ ਪੰਜਾਬ, ਪਰਮਜੀਤ ਸਿੰਘ ਕਲਸੀ ਸਰਪ੍ਰਸਤ ਪੰਜਾਬ, ਦਵਿੰਦਰ ਸਿੰਘ ਕਲਸੀ, ਸਰਬਜੀਤ ਸਿੰਘ ਲਾਡੀ ਮੀਤ ਪ੍ਰਧਾਨ ਪੰਜਾਬ, ਸੁਖਚੈਨ ਸਿੰਘ ਖਾਲਸਾ, ਕਰਮਜੀਤ ਸਿੰਘ ਸਰਾ ਮੀਤ ਪ੍ਰਧਾਨ ਪੰਜਾਬ, ਅੰਗਰੇਜ਼ ਸਿੰਘ ਫੌਜੀ ਵਾਇਸ ਚੇਅਰਮੈਨ ਪੰਜਾਬ, ਡਾਕਟਰ ਰਾਜਦੀਪ ਸਿੰਘ ਅਰਸ਼ੀ, ਹਰਜਿੰਦਰ ਸਿੰਘ ਬੱਗਾ ਮੀਤ ਪ੍ਰਧਾਨ ਪੰਜਾਬ, ਅਮਰ ਸਿੰਘ ਗਾਬੜੀਆ ਸੀਨੀਅਰ ਆਗੂ ਪੰਜਾਬ, ਅਵਤਾਰ ਸਿੰਘ ਠੇਠੀ, ਜਸਵਿੰਦਰ ਸਿੰਘ ਸੰਧੂ, ਪ੍ਰਦੀਪ ਸਿੰਘ ਭੁੱਲਰ ਮੀਤ ਪ੍ਰਧਾਨ ਪੰਜਾਬ, ਸੁਰਜੀਤ ਸਿੰਘ ਸੱਗੂ ਮੀਤ ਪ੍ਰਧਾਨ ਪੰਜਾਬ, ਪ੍ਰੀਤਮ ਸਿੰਘ ਭੁੱਲਰ ਮੀਤ ਪ੍ਰਧਾਨ ਪੰਜਾਬ, ਹਰਭਜਨ ਸਿੰਘ ਦੜਿਆਲਾ ਜ਼ਿਲਾ ਪ੍ਰਧਾਨ ਫਿਰੋਜ਼ਪੁਰ ਨੇ ਦੱਸਿਆ ਕਿ ਸ: ਜੱਸਾ ਸਿੰਘ ਰਾਮਗੜ੍ਹੀਆ ਜੀ ਦਾ ਜਨਮ ਦਿਹਾੜੇ ਮੌਕੇ ਵੱਖ—ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਅਤੇ ਧਾਰਮਿਕ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਹਾਜ਼ਰੀ ਭਰੀ ਅਤੇ ਇਸ ਸ਼ੁੱਭ ਦਿਹਾੜੇ ਤੇ ਮੈਡੀਕਲ ਕੈਂਪ ਵੀ ਲਗਾਏ ਗਏ, ਜਿਸ ਵਿੱਚ ਪ੍ਰੀਤਮ ਸਿੰਘ ਭੁੱਲਰ ਦੀ ਅਗਵਾਈ ਹੇਠ ਅਨੀਲ ਬਾਗੀ ਹਸਪਤਾਲ ਵੱਲੋਂ ਫਰੀ ਮੈਡੀਕਲ ਕੈਂਪ ਲਗਾਇਆ ਗਿਆ ਅਤੇ ਖੋਖਰ ਡੈਂਟਲ ਹਸਪਤਾਲ ਵੱਲੋਂ ਵੀ ਫ੍ਰੀ ਦੰਦਾਂ ਦਾ ਕੈਂਪ ਲਗਾਇਆ ਗਿਆ ਅਤੇ ਡਾਕਟਰ ਜਸਮੀਤ ਸਿੰਘ ਗੋਲਡ ਮੈਡਲਿਸਟ ਵੱਲੋਂ ਆਯੂਰਵੈਦਿਕ ਚਿਕਿਤਸਾ ਸੰਬੰਧੀ ਫ੍ਰੀ ਕੈਂਪ ਲਗਾਇਆ ਗਿਆ। ਉਨ੍ਹਾਂ ਦੱਸਿਆ ਕਿ ਇਸ ਮੌਕੇ ਆਮ ਆਦਮੀ ਪਾਰਟੀ ਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਤੇ ਕਾਂਗਰਸ ਪਾਰਟੀ ਅਤੇ ਭਾਰਤੀ ਜਨਤਾ ਪਾਰਟੀ ਤੋਂ ਨੁਮਾਇੰਦਿਆਂ ਨੇ ਵੱਡੀ ਗਿਣਤੀ ਵਿਚ ਹਾਜ਼ਰੀ ਭਰੀ। ਇਸ ਮੌਕੇ ਡਾਕਟਰ ਦਲਜੀਤ ਸਿੰਘ, ਅਰਪਿੰਦਰ ਸਿੰਘ ਜੱਬਲ ਆਰੇ ਵਾਲੇ ਵਾਇਸ ਚੇਅਰਮੈਨ ਪੰਜਾਬ, ਸੁਖਵਿੰਦਰ ਸਿੰਘ ਸੰਨੀ ਇੰਡੀਅਨ ਫਾਉਡਰੀ ਵਾਲੇ ਵਾਇਸ ਚੇਅਰਮੈਨ ਪੰਜਾਬ, ਹਰਨੇਕ ਸਿੰਘ ਮਠਾੜੂ ਮਠਾੜੂ ਕੰਬਾਈਨ ਇੰਡਸਟਰੀ ਵਾਲੇ, ਇੰਦਰਜੀਤ ਸਿੰਘ ਬੱਬੂ ਪੋਤਰਾ ਗਿਆਨੀ ਜੈਲ ਸਿੰਘ ਸਾਬਕਾ ਰਾਸ਼ਟਰਪਤੀ ਭਾਰਤ, ਭੁਪਿੰਦਰ ਸਿੰਘ ਡੀਜਲ ਪੰਪ ਵਾਲੇ, ਗੁਰਵਿੰਦਰ ਸਿੰਘ ਨਕਸ਼ਿਆਂ ਵਾਲੇ, ਗੁਰਦੇਵ ਸਿੰਘ ਦੇਬੀ ਸਰਾਂ ਮੀਤ ਪ੍ਰਧਾਨ ਪੰਜਾਬ, ਕਸ਼ਮੀਰ ਸਿੰਘ ਭੁੱਲਰ ਕੌਂਸਲਰ, ਸਤਨਾਮ ਸਿੰਘ ਕੌਂਸਲਰ ਫਿਰੋਜ਼ਪੁਰ, ਪਰਮਜੀਤ ਸਿੰਘ ਮਠਾੜੂ, ਭੁਪਿੰਦਰ ਸਿੰਘ ਖਾਲਸਾ ਐਸ.ਐਚ.ਓ, ਕੁਲਦੀਪ ਸਿੰਘ ਦੜਿਆਲਾ ਆਰੇ ਵਾਲਾਂ, ਸੁਖਵਿੰਦਰ ਸਿੰਘ ਪ੍ਰਧਾਨ ਵਿਸ਼ਵਕਰਮਾ ਯੂਨੀਅਨ ਫਿਰੋਜ਼ਪੁਰ, ਸੁਖਦੇਵ ਸਿੰਘ ਚੇਅਰਮੈਨ, ਇੰਦਰਜੀਤ ਸਿੰਘ ਮੋਗਾ ਸਾਬਕਾ ਪ੍ਰਧਾਨ, ਬਲਦੇਵ ਸਿੰਘ ਵਾਇਸ ਪ੍ਰਧਾਨ, ਜੋਗਾ ਸਿੰਘ ਜਰਨਲ ਸਕੱਤਰ, ਨਿਰਮਲ ਸਿੰਘ ਸੈਕਟਰੀ, ਸੁਖਦੇਵ ਸਿੰਘ ਅੱਛੇ ਵਾਲਾ ਪ੍ਰਧਾਨ ਭਾਈ ਸਾਹਿਬ ਭਾਈ ਲਾਲੋ ਜੀ ਕਾਰੀਗਰ ਯੂਨੀਅਨ ਫਿਰੋਜ਼ਪੁਰ, ਜਗਦੀਪ ਸਿੰਘ, ਸੁਖਦੇਵ ਸਿੰਘ ਭੁੱਲਰ, ਕਰਨੈਲ ਸਿੰਘ, ਬਾਬਾ ਬਲਵਿੰਦਰ ਸਿੰਘ ਵਸਤੀ ਨਿਯਾਮ ਦੀਨ, ਲਖਵਿੰਦਰ ਸਿੰਘ ਲੱਖਾ, ਨਰਿੰਦਰ ਸਿੰਘ, ਸੁਖਵਿੰਦਰ ਸਿੰਘ ਚਾਨਾ ਵਾਇਸ ਚੇਅਰਮੈਨ ਪੰਜਾਬ, ਗੁਰਪ੍ਰੀਤ ਸਿੰਘ ਗੋਰਾ ਜ਼ੀਰਾ, ਕੁਲਦੀਪ ਸਿੰਘ ਮਾਨਕ, ਸੰਤੋਖ ਸਿੰਘ ਜ਼ੀਰਾ, ਸੰਜੀਵ ਕੁਮਾਰ, ਗੁਰ ਅਵਤਾਰ ਸਿੰਘ ਜ਼ੀਰਾ, ਹਰਪ੍ਰੀਤ ਸਿੰਘ, ਦਰਸ਼ਨ ਸਿੰਘ ਜ਼ੀਰਾ, ਸਮਿੰਦਰ ਸਿੰਘ ਚਾਨਾ, ਅਮਰੀਕ ਸਿੰਘ ਠੇਕੇਦਾਰ ਮੁਕਤਸਰ, ਕੁਲਵਿੰਦਰ ਸਿੰਘ ਦਿੱਲੀ ਵਾਲੇ, ਹਰਦੇਵ ਸਿੰਘ ਜਿੰਮੀ, ਜਸਵਿੰਦਰ ਸਿੰਘ ਰਿੰਕੂ ਚੇਅਰਮੈਨ ਜ਼ਿਲ੍ਹਾਂ ਫਿਰੋਜ਼ਪੁਰ, ਅਮਰ ਸਿੰਘ ਮੱਲਾਂਵਾਲਾ, ਲਖਵੀਰ ਸਿੰਘ ਡੋਡ ਜ਼ਿਲਾ ਪ੍ਰਧਾਨ ਫਰੀਦਕੋਟ ਅਤੇ ਸਮੂੰਹ ਸੰਗਤਾਂ ਵੱਡੀ ਗਿਣਤੀ ਵਿਚ ਹਾਜ਼ਰ ਹੋਈਆਂ।



ਆਵਾਜ਼ਿ ਕੌਮ AWAZE QAUM International Newspaper & WEB TV

# ਹਰਿਆਣਾ ਕਮੇਟੀ ਨੂੰ ਕੋਰਟ ਵਿੱਚ ਲਿਜਾਣ ਅਤੇ ਸਾਧਨਾਂ ਦੀ ਦੁਰਵਰਤੋਂ ਕਰਨ ਵਾਲੇ ਮੈਂਬਰ ਗੁਰੂਘਰ ਦੇ ਦੋਸ਼ੀ - ਭਾਈ ਅਜਰਾਣਾ

**ਚੰਡੀਗੜ੍ਹ, 8 ਮਈ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬੁਲਾਰੇ ਭਾਈ ਕੰਵਲਜੀਤ ਸਿੰਘ ਅਜਰਾਨਾ ਨੇ ਮੀਡੀਆ ਨੂੰ ਇੱਕ ਲਿਖਤੀ ਪ੍ਰੈਸਨੋਟ ਜਾਰੀ ਕਰਦਿਆਂ ਕਿਹਾ ਕੇ 28 ਮਾਰਚ ਨੂੰ ਜੋ ਜਨਰਲ ਹਾਊਸ ਦੇ 33 ਮੈਂਬਰਾਂ ਨੇ ਫੈਸਲਾ ਕੀਤਾ ਸੀ ਉਸਦੇ ਖਿਲਾਫ ਰਮਨੀਕ ਸਿੰਘ ਮਾਨ,ਵਿਨਰ ਸਿੰਘ,ਗੁਰਬਖਸ਼ ਸਿੰਘ ਯਮੁਨਾਨਗਰ,ਮੋਹਨਜੀਤ ਸਿੰਘ ਪਾਣੀਪਤ,ਬਾਬਾ ਗੁਰਮੀਤ ਸਿੰਘ ਤਿਲੋਕੇਵਾਲਾ ਨੂੰ ਹਾਈਕੋਰਟ ਵਿੱਚ ਨਹੀਂ ਜਾਣਾ ਚਾਹੀਦਾ ਸੀ ਅਤੇ ਜਨਰਲ ਹਾਊਸ ਦੇ ਫੈਸਲੇ ਨੂੰ ਸਿਰਮੱਥੇ ਮੰਨਣਾ ਚਾਹੀਦਾ ਸੀ ਇਹ ਮੈਂਬਰ ਕਹਿ ਰਹੇ ਨੇ ਕੇ ਗੁਰਦੁਆਰੇ ਦੀ ਗੋਲਕ ਦੇ ਪੈਸੇ ਵਕੀਲਾਂ ਤੇ ਖਰਚ ਹੋ ਰਹੇ ਹਨ ਮੈਂ ਪੁੱਛਣਾ ਚਾਹੁੰਦਾ ਹਾਂ ਕੇ ਗੁਰਦੁਆਰਾ ਕਮੇਟੀ ਨੂੰ ਹਾਈਕੋਰਟ ਵਿੱਚ ਲੈ ਕੇ ਕੌਣ ਗਿਆ ਤੇ ਹੁਣ ਕਹਿ ਰਹੇ ਹੋ ਗੁਰਦੁਆਰੇ ਦੇ ਪੈਸੇ ਖਰਚ ਹੋ ਰਹੇ ਹਨ ਇਹ ਖਰਚੇ ਦੇ ਤੁਸੀਂ ਹੀ ਜਿੰਮੇਵਾਰ ਹੋ ਤੁਹਾਡੇ ਕਰਕੇ ਸੰਗਤਾਂ ਦਾ ਪੈਸਾ ਬਰਬਾਦ ਹੋ ਰਿਹਾ ਹੈ ਇਸ ਲਈ ਤੁਹਾਨੂੰ ਆਪਣੇ ਅੰਦਰ ਝਾਕਣਾ ਚਾਹੀਦਾ ਹੈ ਜਦੋਂ ਜਾਂ ਤੁਸੀਂ ਚੋਣ ਦਾ ਹਿੱਸਾ ਨਾ ਬਣਦੇ ਜੇ ਚੋਣ ਲੜਕੇ 27/6 ਦੀ ਰੇਸ਼ੋ ਨਾਲ ਹਾਰ ਗਏ ਤਾਂ ਹੁਣ ਅਦਾਲਤ ਵਿੱਚ ਜਾ ਪੁੱਜੇ ਜੇ ਚੋਣ ਜਿੱਤ ਜਾਂਦੇ ਤਾਂ ਫੈਸਲਾ ਠੀਕ ਸੀ ਹਾਰ ਗਏ ਤਾਂ ਗਲਤ ਹੋ ਗਿਆ ਭਾਈ ਅਜਰਾਣਾ ਨੇ ਕਿਹਾ ਕੇ ਗੁਰਬਖਸ਼ ਸਿੰਘ ਯਮੁਨਾਨਗਰ ਨੂੰ ਗੁਰਦੁਆਰੇ ਦੀ ਗੱਡੀ ਚੇਅਰਮੈਨ ਧਰਮ ਪ੍ਰਚਾਰ ਕਰਕੇ ਮਿਲੀ ਸੀ ਪਰ ਅੱਜ ਜਦੋਂ ਧਰਮ ਪ੍ਰਚਾਰ ਚੇਅਰਮੈਨ ਨਹੀਂ ਰਿਹਾ ਤਾਂ ਕਿਸ ਹੈਸੀਅਤ ਦੇ ਨਾਲ ਉਹ ਗੁਰਦੁਆਰੇ ਦੀ ਗੱਡੀ ਦੀ ਨਿੱਜੀ ਹਿੱਤਾਂ ਲਈ ਵਰਤੋਂ ਕਰ ਰਿਹਾ ਹੈ ਇਸੇ ਤਰਾਂ ਵਿਨਰ ਸਿੰਘ ਕਿਸ ਹੈਸੀਅਤ ਵਿੱਚ ਗੁਰਦੁਆਰੇ ਦੀ ਗੱਡੀ ਦੀ ਨਿੱਜੀ ਹਿੱਤਾਂ ਲਈ ਦੁਰਵਰਤੋਂ ਕਰ ਰਿਹਾ ਹੈ ਇਹ ਮੈਂਬਰ ਦੱਸ ਸਕਦੇ ਹਨ ਕਿ 33 ਮੈਂਬਰਾਂ ਚੋਂ ਹੋਰ ਕਿੰਨੇ ਮੈਂਬਰਾਂ ਨੂੰ ਗੱਡੀਆਂ ਮਿਲੀਆਂ ਹਨ ਜਾਂ ਕਿੰਨੇ ਐਗਜੈਕਟਿਵ ਮੈਂਬਰਾਂ ਕੋਲ ਕਮੇਟੀ ਦੀਆਂ ਗੱਡੀਆਂ ਹਨ ਇਹ ਮੈਂਬਰ ਜੋ ਗੁਰਦੁਆਰੇ ਦੀਆਂ ਗੱਡੀਆਂ ਦੀ ਦੁਰਵਰਤੋਂ ਕਰ ਰਹੇ ਹਨ ਧਰਮ ਪ੍ਰਚਾਰ ਅੰਮ੍ਰਿਤ ਸੰਚਾਰ ਲਈ ਜਾਣ ਵਾਲੇ ਜੱਥਿਆਂ ਵਾਸਤੇ ਗੱਡੀਆਂ ਨਹੀਂ ਹਨ ਧਰਮ ਪ੍ਰਚਾਰ ਵਿੱਚ ਰੁਕਾਵਟ ਆ ਰਹੀ ਹੈ ਪਰ ਇਹ ਮੈਂਬਰ ਧੱਕੇਸ਼ਾਹੀ ਨਾਲ ਕਮੇਟੀ ਦੀਆਂ ਗੱਡੀਆਂ ਲੈ ਕੇ ਰਿਸ਼ਤੇਦਾਰੀਆਂ ਵਿੱਚ ਘੁੰਮ ਰਹੇ ਹਨ ਭਾਈ ਅਜਰਾਣਾ ਨੇ ਕਿਹਾ ਕੇ ਧਰਮ ਪ੍ਰਚਾਰ ਦੀਆਂ ਗੱਡੀਆਂ ਦੀ ਦੁਰਵਰਤੋਂ ਕਰਨ ਅਤੇ ਗੁਰਦੁਆਰਾ ਕਮੇਟੀ ਨੂੰ ਕੋਰਟਾਂ ਵਿੱਚ ਲਿਜਾਣ ਗੁਰੂਘਰ ਦਾ ਪੈਸਾ ਕੋਰਟਾਂ ਵਿੱਚ ਖਰਚਉਣ ਦੇ ਇਹ ਮੈਂਬਰ ਵਿਨਰ ਸਿੰਘ ਸਾਹਾ,ਗੁਰਬਖਸ਼ ਸਿੰਘ ਯਮੁਨਾਨਗਰ,ਰਮਨੀਕ ਸਿੰਘ ਮਾਨ,ਗੁਰਮੀਤ ਸਿੰਘ ਤਿਲੋਕੇਵਾਲਾ,ਮੋਹਣਜੀਤ ਸਿੰਘ ਪਾਣੀਪੱਤ ਗੁਰੂਘਰ ਦੇ ਦੋਸ਼ੀ ਹਨ ਇਸ ਲਈ ਇਨਾਂ ਮੈਂਬਰਾਂ ਨੂੰ ਆਪਣੀ ਗਲਤੀ ਦੀ ਸਿੱਖ ਸੰਗਤਾਂ ਤੋਂ ਮੁਆਫੀ ਮੰਗ ਕੇ ਗੁਰਦੁਆਰੇ ਦੀਆਂ ਗੱਡੀਆਂ ਕਮੇਟੀ ਦਫਤਰ ਭੇਜਣੀਆਂ ਚਾਹੀਦੀਆਂ ਹਨ ਅਤੇ ਕੋਰਟ ਦੀ ਬਜਾਏ ਆਪਣੇ ਸਾਥੀ ਜਰਨਲ ਉਸ ਦੇ ਮੈਂਬਰਾਂ ਦੀ ਕਚਹਿਰੀ ਵਿੱਚ ਆਉਣਾ ਚਾਹੀਦਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

ਭਾਈ ਨਿੱਝਰ ਦੇ ਕਥਿਤ ਕਾਤਲਾਂ ਦੀ

# ਸਰੀ ਅਦਾਲਤ ਵਿੱਚ ਵੀਡੀਓ ਰਾਹੀਂ ਹੋਈ ਪੇਸ਼ੀ




**ਨਵੀਂ ਦਿੱਲੀ 8 ਮਈ (ਮਨਪ੍ਰੀਤ ਸਿੰਘ ਖਾਲਸਾ)**:- ਕੈਨੇਡਾ ਦੀ ਬ੍ਰਿਟਿਸ਼ ਕੋਲੰਬੀਆ ਪ੍ਰੋਵਿੰਸ਼ੀਅਲ ਕੋਰਟ ਸਰੀ ਵਿੱਚ ਭਾਈ ਹਰਦੀਪ ਸਿੰਘ ਨਿੱਝਰ ਕਤਲ ਮਾਮਲੇ ਵਿੱਚ ਕਥਿਰ ਦੋਸ਼ੀਆਂ ਕਰਨਪ੍ਰੀਤ, ਕਰਨ ਬਰਾੜ ਅਤੇ ਕਮਲਪ੍ਰੀਤ ਦੀ ਪਹਿਲੀ ਪੇਸ਼ੀ ਹੋਈ। ਇਹ ਪੇਸ਼ੀ ਵੀਡੀਓ ਕਾਨਫਰੰਸਿੰਗ ਰਾਹੀਂ ਕਰਵਾਈ ਗਈ । ਇਸ ਮੌਕੇ 'ਤੇ ਜੱਜ ਸਾਹਿਬਾ ਨੇ ਕਥਿਤ ਦੋਸ਼ੀਆਂ ਕਰਨ ਬਰਾੜ ਅਤੇ ਕਰਨਪ੍ਰੀਤ ਦੀ ਅਗਲੀ ਪੇਸ਼ੀ 21 ਮਈ ਨੂੰ ਤੈਅ ਕੀਤੀ ਹੈ। ਤੀਜੇ ਦੋਸ਼ੀ ਕਮਲਪ੍ਰੀਤ ਦੀ ਅਗਲੀ ਪੇਸ਼ੀ ਤੋਂ ਪਹਿਲਾਂ ਉਸ ਦਾ ਵਕੀਲ ਮੁਕੱਰਰ ਹੋਵੇਗਾ, ਜਿਸ ਨਾਲ ਅਜੇ ਤੱਕ ਉਸਦਾ ਕੋਈ ਸੰਪਰਕ ਨਹੀਂ ਹੋਇਆ। ਦੋਸ਼ੀਆਂ ਨੂੰ ਪੰਜਾਬੀ ਵਿੱਚ ਟਰਾਂਸਲੇਟਰ ਮੁਹਈਆ ਕਰਵਾਇਆ ਗਿਆ। ਵੀਡੀਓ ਕਾਨਫਰਸਿੰਗ ਰਾਹੀਂ ਹਾਜ਼ਰ ਹੋਏ ਇਹ ਦੋਸ਼ੀ ਜੱਜ ਦੇ ਸਾਹਮਣੇ ਵਾਰ ਵਾਰ ਆਉਣ ਤੋਂ ਝਿਜਕਦੇ ਰਹੇ, ਜਿਸ ਕਾਰਨ ਜੱਜ ਨੂੰ ਕਹਿਣਾ ਪਿਆ ਕਿ ਕੈਮਰੇ ਦੇ ਸਾਹਮਣੇ ਆਓ।

ਆਵਾਜ਼ਿ ਕੌਮ AWAZE QAUM International Newspaper & WEB TV

ਮਾਮਲੇ ਦੀ ਸੁਣਵਾਈ ਦੇਖਣ ਲਈ ਇਸ ਸੰਗਤਾਂ ਦੀ ਵੱਡੀ ਗਿਣਤੀ ਕੋਰਟ ਵਿੱਚ ਹਾਜ਼ਰ ਸੀ। ਅਦਾਲਤ ਅੰਦਰ ਸੁਣਵਾਈ ਤਕਰੀਬਨ 9.30 ਵਜੇ ਹੋਣੀ ਸੀ ਪਰ ਸੰਗਤ 7 ਵਜੇ ਤੋਂ ਸਤਿਨਾਮ ਵਾਹਿਗੁਰੂ ਦਾ ਜਾਪ ਕਰਦੀਆਂ ਸਰੀ ਪ੍ਰੋਵਿੰਸ਼ੀਅਲ ਕੋਰਟ ਦੇ ਬਾਹਰ ਪਹੁੰਚਣੀਆਂ ਸ਼ੁਰੂ ਹੋ ਗਈਆਂ ਸਨ। ਕਮਰਾ ਨੰਬਰ 108 ਵਿੱਚ ਸੁਣਵਾਈ ਦੌਰਾਨ ਸੀਟਾਂ ਘੱਟ ਹੋਣ ਕਾਰਨ, 111 ਨੰਬਰ ਕਮਰਾ ਵੀ ਖੋਲਿਆ ਗਿਆ, ਪਰ ਇਸ ਦੇ ਬਾਵਜੂਦ ਵੱਡੀ ਤਾਦਾਦ ਵਿੱਚ ਸੰਗਤਾਂ ਕਮਰਿਆਂ ਦੇ ਬਾਹਰ ਮੌਜੂਦ ਰਹੀਆਂ। ਇਸ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਭਾਈ ਨਿੱਝਰ ਦੇ ਪਰਿਵਾਰ ਅਤੇ ਸਿੱਖ ਸੰਗਤਾਂ ਨੇ ਮੰਗ ਕੀਤੀ ਹੈ ਕਿ ਅਗਲੀ ਸੁਣਵਾਈ ਵੱਡੇ ਹਾਲ ਵਿੱਚ ਤਬਦੀਲ ਕੀਤੀ ਜਾਵੇ। ਸੰਗਤਾਂ ਤੇ ਪ੍ਰਬੰਧਕਾਂ ਨੇ ਇੱਕੋ ਗੱਲ 'ਤੇ ਜ਼ੋਰ ਦਿੱਤਾ ਕਿ ਤਿੰਨੇ ਕਥਿਤ ਦੋਸ਼ੀ ਕੇਵਲ ਕਠਪੁਤਲੀਆਂ ਹਨ ਤੇ ਇਹਨਾਂ ਦੇ ਪਿੱਛੇ ਇੰਡੀਅਨ ਸਟੇਟ ਦੀ ਭਾੜੇ ਦੇ ਕਾਤਲਾਂ ਨੂੰ ਖਰੀਦ ਕੇ ਕਤਲ ਦੀ ਬਿਉਂਤਬੰਦੀ ਹੈ ਤੇ ਉਸ ਤਕ ਪਹੁੰਚ ਕਰਕੇ ਕਟਹਿਰੇ ਵਿੱਚ ਖੜਾ ਕੀਤਾ ਜਾਵੇ।

ਬੀਸੀ ਗੁਰਦੁਆਰਾ ਕੌਂਸਲ ਦੇ ਬੁਲਾਰੇ ਭਾਈ ਮਨਿੰਦਰ ਸਿੰਘ ਬੋਇਲ ਨੇ ਕਿਹਾ ਕਿ ਇਸ ਮਾਮਲੇ ਬਾਰੇ ਕੋਈ ਸ਼ੱਕ ਨਹੀਂ ਕਿ ਇਹ ਸਾਰੀ ਸਾਜਿਸ਼ ਰਚਣ ਵਿੱਚ ਇੰਡੀਅਨ ਸਟੇਟ ਮੁੱਖ ਜਿੰਮੇਵਾਰ ਹੈ। ਗੁਰੂ ਨਾਨਕ ਗੁਰਦੁਆਰਾ ਸਾਹਿਬ ਸਰੀ ਡੈਲਟਾ ਦੇ ਸਕੱਤਰ ਭਾਈ ਗੁਰਮੀਤ ਸਿੰਘ ਤੂਰ ਨੇ ਕਿਹਾ ਕਿ ਉਹ ਸੰਗਤਾਂ ਦਾ ਧੰਨਵਾਦ ਕਰਦੇ ਹਨ ਅਤੇ ਕੈਨੇਡਾ ਦੇ ਕਾਨੂੰਨ ਪ੍ਰਸ਼ਾਸਨ ਅਤੇ ਸਰਕਾਰ ਦਾ ਧੰਨਵਾਦ ਕਰਦਿਆਂ ਹੋਇਆਂ, ਇਹ ਮੰਗ ਕਰਦੇ ਹਨ ਕਿ ਕਥਿਤ ਦੋਸ਼ੀਆਂ ਦੇ ਨਾਲ ਨਾਲ ਕੈਨੇਡਾ ਵਿੱਚ ਭਾਰਤੀ ਕੌਂਸਲੇਟ, ਅੰਬੈਸਡਰ ਨੂੰ ਵੀ ਇਸ ਮਾਮਲੇ ਵਿੱਚ ਚਾਰਜ ਕੀਤਾ ਜਾਏ। ਮਾਮਲੇ ਦੀ ਅਗਲੀ ਸੁਣਵਾਈ 21 ਮਈ ਸਰੀ ਪ੍ਰੋਵਿੰਸ਼ੀਅਲ ਕੋਰਟ ਵਿਚ ਹੋਵੇਗੀ।




ਜਲਾਵਤਨੀ ਤੇ ਸਿੱਖ ਫੈਡਰੇਸ਼ਨ ਜਰਮਨ ਦੇ ਆਗੂ

# ਭਾਈ ਗੁਰਮੀਤ ਸਿੰਘ ਖਨਿਆਣ ਜੀ ਨੂੰ ਸਦਮਾ, ਮਾਤਾ ਜੀ ਦਾ ਦਿਹਾਂਤ

ਨਵੀਂ ਦਿੱਲੀ, 8 ਮਈ (ਮਨਪ੍ਰੀਤ ਸਿੰਘ ਖਾਲਸਾ):- ਖਾਲਸਾ ਰਾਜ ਲਈ ਜੂਝ ਰਹੇ ਜਲਾਵਤਨੀ ਤੇ ਸਿੱਖ ਫੈਡਰੇਸ਼ਨ ਜਰਮਨ ਦੇ ਆਗੂ ਭਾਈ ਗੁਰਮੀਤ ਸਿੰਘ ਖਨਿਆਣ ਜੀ ਦੇ ਸਤਿਕਾਰਯੋਗ ਮਾਤਾ ਸਰਦਾਰਨੀ ਸਤਵੰਤ ਕੌਰ ਜੀ ਅਕਾਲ ਪੁਰਖ ਵੱਲੋਂ ਬਖ਼ਸ਼ੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆ 7 ਮਈ ਨੂੰ ਚੜਾਈ ਕਰ ਗਏ। ਮਾਤਾ ਜੀ ਨੇ ਹਕੂਮਤੀ ਤਸ਼ੱਦਦ ਦਾ ਕੁਹਾੜਾ ਵਾਹਿਗੁਰੂ ਦੀ ਰਜ਼ਾ 'ਚ ਰਹਿ ਕੇ ਝੱਲਿਆ। ਉਹਨਾਂ ਦੇ ਸਪੁੱਤਰ ਭਾਈ ਗੁਰਮੀਤ ਸਿੰਘ ਖਨਿਆਣ ਹਕੂਮਤ ਵੱਲੋਂ 'ਕਾਲੀ ਸੂਚੀ' 'ਚ ਪਾਏ ਹੋਣ ਕਰਕੇ ਉਹਨਾਂ ਨੂੰ ਦਹਾਕਿਆਂ ਤੋਂ ਮਿਲ ਨਾ ਸਕੇ।

## ਆਵਾਜ਼ਿ ਕੌਮ ਯੂ. ਕੇ. ਦੇ ਮੁੱਖ ਸੰਪਾਦਕ ਭਾਈ ਰਘਵੀਰ ਸਿੰਘ ਵਾਲਸਾਲ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ

ਜ਼ਿਕਰਯੋਗ ਹੈ ਕਿ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਵਾਲਿਆਂ ਵੱਲੋਂ ਅਰੰਭੇ ਸੰਘਰਸ਼ ਦੌਰਾਨ ਸ੍ਰੀ ਦਰਬਾਰ ਸਾਹਿਬ 'ਤੇ ਹੋਏ ਜੂਨ ਚੁਰਾਸੀ ਦੇ ਹਮਲੇ ਤੋਂ ਬਾਅਦ ਹੋਰਨਾਂ ਸਿੱਖ ਪਰਿਵਾਰਾਂ ਵਾਂਗ ਇਸ ਖਨਿਆਣ ਪਰਿਵਾਰ ਨੂੰ ਵੀ ਜ਼ੁਲਮ ਦੀ ਭੱਠੀ 'ਚ ਸੜਨਾ ਪਿਆ। ਭਾਈ ਗੁਰਮੀਤ ਸਿੰਘ ਖਨਿਆਣ ਵੱਲੋਂ ਘਰੋਂ ਰੂਹਪੋਸ਼ ਹੋਣ ਬਾਅਦ ਸੁਮੇਧ ਸੈਣੀ, ਸਿਵ ਕੁਮਾਰ ਤੇ ਹੋਰ ਪੁਲਿਸ ਅਫ਼ਸਰਾਂ ਦਾ ਘੋਰ ਤਸ਼ੱਦਦ ਮਾਤਾ ਸਤਵੰਤ ਕੌਰ ਜੀ ਨੇ ਅਡੋਲ ਰਹਿ ਕੇ ਆਪਣੇ ਤਨ 'ਤੇ ਝਲਿਆ। ਹਕੂਮਤੀ ਅੱਤਿਆਚਾਰ ਨੇ ਪਰਿਵਾਰ, ਰਿਸ਼ਤੇਦਾਰ, ਸਾਕ ਸੰਬੰਧੀਆਂ ਦੀ ਫੜੋ ਫੜਾਈ ਕਰਦਿਆ ਬੇਜੁਬਾਨ ਪਸ਼ੂਆਂ ਤੱਕ ਨੂੰ ਨਾ ਬਖ਼ਿਸਆ।



ਮਾਤਾ ਸਤਵੰਤ ਕੌਰ ਜੀ ਦੇ ਦੋ ਭਾਣਜੇ ਸ਼ਹੀਦ ਭਾਈ ਰਛਪਾਲ ਸਿੰਘ ਪਾਲਾ (ਕਰਨਾਣਾ) ਤੇ ਸ਼ਹੀਦ ਭਾਈ ਅਵਤਾਰ ਸਿੰਘ ਮਿੰਟੂ (ਕਰਨਾਣਾ) ਨੇ ਵੀ ਹਥਿਆਰਬੰਦ ਸੰਘਰਸ਼ 'ਚ ਸ਼ਹਾਦਤਾਂ ਪ੍ਰਾਪਤ ਕੀਤੀਆਂ। ਪਿਛਲੇ ਪੈਂਤੀ ਸਾਲਾਂ ਤੋਂ ਜਲਾਵਤ ਹੋਏ ਉਹਨਾਂ ਦੇ ਪੁੱਤਰ ਭਾਈ ਖਨਿਆਣ ਨੂੰ ਮਾਤਾ ਅਠਾਰਾਂ ਸਾਲ ਬਾਅਦ ਸਿਰਫ ਇਕ ਵਾਰੀ ਹੀ ਮਿਲ ਸਕੇ ਤੇ ਮੁੜ ਮਿਲਣ ਦਾ ਸਬੱਬ ਨਾ ਬਣ ਸਕਿਆ।

ਭਾਈ ਖਨਿਆਣ ਤੇ ਪਰਿਵਾਰ ਨਾਲ ਭਾਈ ਦਲਜੀਤ ਸਿੰਘ ਬਿੱਟੂ, ਬਾਬਾ ਹਰਦੀਪ ਸਿੰਘ ਮਹਿਰਾਜ, ਭਾਈ ਸਵਰਨ ਸਿੰਘ ਕੋਟ ਧਰਮੂ, ਬਲਜਿੰਦਰ ਸਿੰਘ ਕੋਟਭਾਰਾ, ਭਾਈ ਗੁਰਵਿੰਦਰ ਸਿੰਘ ਬਠਿੰਡਾ, ਭਾਈ ਰਾਮ ਸਿੰਘ ਢਿਪਾਲੀ, ਭਾਈ ਪਰਨਜੀਤ ਸਿੰਘ ਜੱਗੀ ਬਾਬਾ ਨੇ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਭਾਈ ਖਨਿਆਣ ਤੇ ਪਰਵਾਰ ਦੀ ਕੁਰਬਾਨੀ ਨੂੰ ਭੁਲਾਇਆ ਨਹੀਂ ਜਾ ਸਕਦਾ।

ਆਵਾਜ਼ਿ ਕੌਮ AWAZE QAUM International Newspaper & WEB TV

ਮਾਤਾ ਜੀ ਦੀ ਅੰਤਿਮ ਅਰਦਾਸ 12 ਮਈ ਦਿਨ ਐਤਵਾਰ ਨੂੰ ਉਹਨਾਂ ਦੇ ਜੱਦੀ ਪਿੰਡ ਖਨਿਆਣ ਨੇੜ ਅਮਲੋਹ ਜਿਲ੍ਹਾ ਫਤਿਹਗੜ੍ਹ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ 12 ਵਜੇ ਪਾਏ ਜਾਣਗੇ। **ਇਸ ਦੌਰਾਨ ਆਵਾਜ਼ਿ ਕੌਮ ਯੂ. ਕੇ. ਦੇ ਮੁੱਖ ਸੰਪਾਦਕ ਭਾਈ ਰਘਵੀਰ ਸਿੰਘ ਵਾਲਸਾਲ ਨੇ ਮਾਤਾ ਸਤਵੰਤ ਕੌਰ ਜੀ ਦੇ ਅਕਾਲ ਚਲਾਣਾ ਕਰ ਜਾਣ 'ਤੇ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਅਕਾਲ ਪੁਰਖ ਦੇ ਚਰਨਾਂ 'ਚ ਅਰਦਾਸ ਕੀਤੀ ਕਿ ਵਿਛੜੀ ਆਤਮਾ ਨੂੰ ਆਪਣੇ ਚਰਨਾਂ 'ਚ ਨਿਵਾਸ ਬਖ਼ਸ਼ਣ। ਉਨ੍ਹਾਂ ਕਿਹਾ ਕਿ ਮਾਤਾ ਜੀ ਦੀਆਂ ਸਿੱਖ ਪੰਥ ਪ੍ਰਤੀ ਕੀਤੀਆਂ ਘਾਲਣਾ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।**

# ਖੇਡ ਪ੍ਰੋਮੋਟਰ ਬਿੱਟੀ ਘੱਗਾ ਆਸਟਰੇਲੀਆ ਵੱਲੋਂ ਅੰਤਰਰਾਸ਼ਟਰੀ ਕਬੱਡੀ ਖਿਡਾਰਨ ਦੀਪਕ ਨਾੜਾ ਦਾ ਸਕੂਟਰੀ ਨਾਲ ਸਨਮਾਨ ਕੀਤਾ ਜਾਵੇਗਾ

**ਆਸਟਰੇਲੀਆ ਨਕੋਦਰ ਮਹਿਤਪੁਰ ,08 ਮਈ (ਹਰਜਿੰਦਰ ਪਾਲ ਛਾਬੜਾ)**-ਹਰਿਆਣਾ ਦੇ ਨਾੜਾ ਪਿੰਡ ਦੀ ਜੰਮਪਲ ਅੰਤਰਰਾਸਟਰੀ ਕਬੱਡੀ ਖਿਡਾਰਨ ਦੀਪਕ ਨਾੜਾ ਦਾ 12 ਮਈ ਨੂੰ ਪਿੰਡ ਬਣਾਂਵਾਲੀ ਜਿਲ੍ਹਾ ਫਤਿਹਆਬਾਦ ਵਿੱਖੇ ਹੋਣ ਵਾਲੀ ਰਾਜ ਪੱਧਰੀ ਕਬੱਡੀ ਚੈਂਪੀਅਨਸ਼ਿਪ ਦੌਰਾਨ ਕਬੱਡੀ ਪ੍ਰਮੋਟਰ ਗੁਰਦੀਪ ਸਿੰਘ ਬਿੱਟੀ ਘੱਗਾ ਆਸਟਰੇਲੀਆ, ਸੰਦੀਪ ਆਸਟਰੇਲੀਆ ਵੱਲੋ ਸਕੂਟਰੀ ਨਾਲ ਸਨਮਾਨ ਕੀਤਾ ਜਾਵੇਗਾ।ਦੀਪਕ ਨਾੜਾ ਇਸ ਸਮੇਂ ਹਰਿਆਣਾ ਦੀ ਬਹੁਤ ਹੀ ਚਰਚਿਤ ਕਬੱਡੀ ਖਿਡਾਰਨ ਹੈ। ਜੋ ਪਿਛਲੇ ਮਹੀਨੇ ਮਲੇਸੀਆ ਵਿਖੇ ਹੋਏ ਕਬੱਡੀ ਕੱਪ ਦੀ ਵੀ ਬੈਸਟ ਜਾਫੀ ਰਹੀ ਹੈ। ਉਹ ਕਬੱਡੀ ਕੋਚ ਦਾਨੂੰ ਮੱਟਲੋਡਾ ਅਤੇ ਮਨਜੀਤ ਚਾਹਲ ਮਨੂੰ ਬੱਬੂਆ ਦੀ ਟੀਮ ਲਈ ਖੇਡਦੀ ਹੈ। ਅਜੋਕੇ ਦੌਰ ਦੀਆਂ ਕੁੜੀਆਂ ਦੀ ਕਬੱਡੀ ਵਿੱਚ ਦੀਪਕ ਨਾੜਾ ਦਾ ਕਾਫੀ ਨਾਮ ਹੈ। ਉਹ ਪੰਜਾਬ ਹਰਿਆਣਾ ਦਿੱਲੀ ਅਤੇ ਉੱਤਰੀ ਭਾਰਤ ਵਿਚ ਹੋਣ ਵਾਲੇ ਟੂਰਨਾਂਮੈਂਟ ਦੀ ਨਾਮੀ ਜਾਫੀ ਹੈ ਉਸਨੇ ਕਬੱਡੀ ਜਗਤ ਵਿਚ ਬਹੁਤ ਸਾਰੇ ਟੂਰਨਾਂਮੈਂਟ ਜਿੱਤੇ ਹਨ। ਕਬੱਡੀ ਮੈਦਾਨਾਂ ਵਿੱਚ ਉਸਦੇ ਨਾਂ ਦੀ ਅੱਜਕਲ੍ਹ ਦਹਿਸ਼ਤ ਹੈ।ਇਹ ਕਬੱਡੀ ਚੈਂਪੀਅਨਸ਼ਿਪ ਏ ਕੇ ਐੱਫ ਆਈ ਦੇ ਅੰਤਰਗਤ ਹੋਵੇਗੀ। ਇਸ ਮੌਕੇ ਗੁਰਦੀਪ ਸਿੰਘ ਬਿੱਟੀ ਘੱਗਾ ਦੀ ਦੇ ਸਾਥੀ ਹਰਵਿੰਦਰ ਬੱਬੂ ਪਾਤੜਾਂ, ਅਮਨ ਘੱਗਾ, ਜੱਸਾ ਘੱਗਾ, ਜਤਿੰਦਰ ਪੰਨੂ, ਵਿੱਕੀ ਘੱਗਾ, ਲਾਡੀ ਕਲਰਭੈਨੀ ਆਦਿ ਨੇ ਉਹਨਾਂ ਦੀ ਸ਼ਲਾਘਾ ਕਰਦਿਆਂ ਦੀਪਕ ਨਾੜਾ ਨੂੰ ਵਧਾਈ ਦਿੱਤੀ।



ਆਵਾਜ਼ਿ ਕੌਮ AWAZE QAUM International Newspaper & WEB TV

# ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦਾ ਬਾਰਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ



ਫ਼ਿਰੋਜ਼ਪੁਰ, 8 ਮਈ (ਮਨੋਹਰ ਲਾਲ) :— ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸਕੂਲ ਦੇ ਵਿਦਿਆਰਥੀਆਂ ਨੇ ਬਾਰਵੀਂ ਜਮਾਤ ਵਿੱਚੋਂ ਚੰਗੇ ਚੰਗੇ ਨੰਬਰ ਪ੍ਰਾਪਤ ਕਰਕੇ ਸਕੂਲ ਦਾ ਨਾਮ ਕੀਤਾ ਰੋਸ਼ਨ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗਿਆਨੀ ਭਾਈ ਸਾਹਿਬ ਸਿੰਘ ਤੇ ਜਥੇਦਾਰ ਭਾਈ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਦੱਸਿਆ ਕਿ ਸਕੂਲ ਦਾ ਸਾਲ 2024 ਦਾ ਜੋ ਬਾਰਵੀਂ ਕਲਾਸ ਦਾ ਨਤੀਜਾ ਆਇਆ ਹੈ ਉਹ ਬਹੁਤ ਹੀ ਸ਼ਾਨਦਾਰ ਰਿਹਾ, ਜਿਸ ਵਿੱਚ ਪਹਿਲਾ ਸਥਾਨ ਤਨਵੀਰ ਕੌਰ ਨੇ 97 ਫੀਸਦੀ, ਦੂਜਾ ਸਥਾਨ ਹਰਮਨਦੀਪ ਕੌਰ ਨੇ 93.2 ਫੀਸਦੀ ਤੇ ਤੀਸਰਾ ਸਥਾਨ ਵੀਰਪਾਲ ਕੌਰ ਨੇ 90.6 ਪ੍ਰਤੀਸ਼ਤ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੋਸ਼ਨਾਇਆ। ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਤੇ ਸਮੂਹ ਸਟਾਫ ਵੱਲੋਂ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਖੁਸ਼ੀਆਂ ਸਾਂਝੀਆਂ ਕੀਤੀਆਂ ਗਈਆਂ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਵਿਦਿਆਰਥੀ ਆਉਣ ਵਾਲੇ ਸਮੇਂ ਵਿੱਚ ਕਿਸੇ ਚੰਗੇ ਮੁਕਾਮ ਤੇ ਪਹੁੰਚਣਗੇ ਅਤੇ ਆਪਣੇ ਪਿੰਡ ਦਾ ਫਿਰੋਜ਼ਪੁਰ ਜ਼ਿਲ੍ਹੇ ਦਾ ਅਤੇ ਸਾਡੇ ਸਕੂਲ ਦਾ ਨਾਮ ਰੋਸ਼ਨ ਕਰਨਗੇ ਅਤੇ ਸਾਡੀਆਂ ਦੁਆਵਾਂ ਸਦਾ ਇਹਨਾਂ ਦੇ ਨਾਲ ਹਨ। ਇਸ ਮੌਕੇ ਮਾਸਟਰ ਬਲਰਾਜ ਸਿੰਘ, ਮੈਡਮ ਅਨੁਰਾਧਾ ਅਤੇ ਸਕੂਲ ਦਾ ਸਮੁੱਚਾ ਸਟਾਫ ਅਤੇ ਵਿਦਿਆਰਥੀਆਂ ਦੇ ਮਾਪੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਵਿਖੇ ਮੱਸਿਆ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ

ਫ਼ਿਰੋਜ਼ਪੁਰ, 8 ਮਈ (ਮਨੋਹਰ ਲਾਲ) :— ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਵਿਖੇ ਹਰ ਮਹੀਨੇ ਦੀ ਤਰ੍ਹਾਂ ਇਸ ਵਾਰ ਵੀ ਮੱਸਿਆ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਥਾਵਾਚਕ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰੂ ਜ਼ਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਹਰਭਜਨ ਸਿੰਘ, ਬਾਬਾ ਸਤਿਨਾਮ ਸਿੰਘ ਜੀ ਨੇ ਹੁਕਮਨਾਮੇ ਦੀ ਕਥਾ ਕੀਤੀ ਅਤੇ ਸੰਗਤਾਂ ਨੂੰ ਸਤਿਨਾਮ—ਵਾਹਿਗੁਰੂ ਜੀ ਦਾ ਨਾਮ ਜਪਾਇਆ। ਇਸ ਮੌਕੇ ਤੇ ਬਾਬਾ ਜੀ ਨੇ ਅੱਗੇ ਕਿਹਾ ਕਿ ਸਾਨੂੰ ਵਹਿਮਾਂ—ਭਰਮਾਂ ਤੋਂ ਉਪਰ ਉਠ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਣਾ ਚਾਹੀਦਾ ਹੈ ਅਤੇ ਵੱਧ ਤੋਂ ਵੱਧ ਸੇਵਾ ਸਿਮਰਨ ਕਰਨਾ ਚਾਹੀਦਾ ਹੈ ਅਤੇ ਵੱਧ ਤੋਂ ਵੱਧ ਗੁਰਬਾਣੀ ਦਾ ਪਾਠ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬਾਣੀ ਪੜਨ ਨਾਲ, ਬਾਣੀ ਸੁਨਣ ਨਾਲ ਤੁਹਾਡੇ ਸਾਰੇ ਦੁੱਖ ਦੂਰ ਹੁੰਦੇ ਹਨ, ਪਰ ਸੱਚੇ ਪਾਤਸ਼ਾਹ ਵਾਹਿਗੁਰੂ ਤੇ ਭਰੋਸਾ ਰੱਖਣਾ ਚਾਹੀਦਾ ਹੈ, ਜੇਕਰ ਤੁਸੀਂ ਵਾਹਿਗੁਰੂ ਤੇ ਭਰੋਸਾ ਰੱਖ ਲਿਆ ਤਾਂ ਵਾਹਿਗੁਰੂ ਸਹਾਈ ਹੋ ਕੇ ਤੁਹਾਡੇ ਸਾਰੇ ਕੰਮ ਆਪ ਖੁਦ ਕਰਦਾ ਹੈ। ਬਾਬਾ ਜੀ ਨੇ ਅੱਗੇ ਕਿਹਾ ਕਿ ਸਾਨੂੰ ਆਪਣੀ ਕੀਰਤ ਕਮਾਈ ਵਿਚੋਂ ਦਸਵੰਧ ਕੱਢ ਕੇ ਗੁਰੂ ਘਰਾਂ ਵਿਚ ਦੇਣਾ ਚਾਹੀਦਾ ਹੈ, ਕਿਉਂਕਿ ਗੁਰੂ ਘਰ ਵਿਚ ਹਰ ਲੋੜਵੰਦ ਆਉਂਦਾ ਹੈ, ਕਿਉਂਕਿ ਲੰਗਰ ਵੀ ਗੁਰੂ ਘਰ ਤੋਂ ਮਿਲਦਾ ਹੈ ਅਤੇ ਹਰ ਤਰ੍ਹਾਂ ਦੀ ਸਹੂਲਤ ਹੀ ਗੁਰੂ ਘਰਾਂ ਵਿਚ ਮਿਲਦੀ ਹੈ, ਜਿਵੇਂ ਕਿ ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਵਿਖੇ ਵਿਦਿਆਰਥੀ ਰਹਿ ਕੇ ਧਾਰਮਿਕ ਵਿਦਿਆ ਪ੍ਰਾਪਤ ਕਰ ਰਹੇ ਹਨ। ਇਥੇ ਕਾਫੀ ਤਾਦਾਦ ਵਿਚ ਬੱਚੇ ਰਹਿ ਰਹੇ ਹਨ। ਇਸ ਮੌਕੇ ਤੇ ਹੋਮਿਓਪੈਥਿਕ ਕੈਂਪ ਵੀ ਲਾਇਆ ਗਿਆ, ਜਿਸ ਵਿਚ ਡਾ: ਜਗਦੀਪ ਸਿੰਘ, ਡਾ: ਸਿਮਰਤ ਕੌਰ ਨੇ ਮਰੀਜਾਂ ਨੂੰ ਚੈਕਅਪ ਕਰਕੇ ਦਵਾਈਆਂ ਦਿੱਤੀਆਂ। ਇਸ ਮੌਕੇ ਤੇ ਭਾਈ ਸ਼ੇਰ ਸਿੰਘ, ਭਾਈ ਗੁਰਮੁੱਖ ਸਿੰਘ, ਜਥੇਦਾਰ ਗੁਰਮੀਤ ਸਿੰਘ ਮੀਤਾ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।





ਆਵਾਜ਼ਿ ਕੌਮ AWAZE QAUM International Newspaper & WEB TV

### ਏ ਟੀ ਪੀ ਪਰਮਜੀਤ ਦੱਤਾ ਤੇ ਡਾ: ਜਗਨਜੋਤ ਕੌਰ ਨੂੰ

# ਵਧੀਆ ਸੇਵਾਵਾਂ ਨਿਭਾਉਣ ਤੇ ਕੀਤਾ ਸਨਮਾਨਿਤ



ਚੌਕ ਮਹਿਤਾ, 8 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)-ਇੰਪਲਾਈਜ ਵੈਲਫ਼ੇਅਰ ਐਸੋਸੀਏਸ਼ਨ ਪੰਜਾਬ ਦੇ ਮੁੱਖੀ ਅਤੇ ਚੇਅਰਮੈਨ ਡਾਕਟਰ ਰਾਕੇਸ਼ ਸ਼ਰਮਾ ਸੀਨੀਅਰ ਮੈਡੀਕਲ ਅਫ਼ਸਰ ਇੰਚਾਰਜ਼ ਡਾਕਟਰ ਮਦਨ ਮੋਹਨ, ਸੀਨੀਅਰ ਵਾਈਸ ਪ੍ਰਧਾਨ ਕਮਲਜੀਤ ਕੌਰ ਮੇਟਰਨ, ਸ੍ਰੀਮਤੀ ਸਿਮਰ ਅਤੇ ਅਚਾਰੀਆ ਗੁਰੂ ਮੀਤ ਰਾਜਪ੍ਰੋਹਿਤ ਸੁਪਰਡੰਟ ਸਿਵਲ ਹਸਪਤਾਲ ਅੰਮ੍ਰਿਤਸਰ, ਨੇ ਸਹਾਇਕ ਟਾਊਨ ਪਲੈਨਰ ਸ੍ਰੀ ਪਰਮਜੀਤ ਦੱਤਾ, ਨਗਰ ਨਿਗਮ ਅੰਮ੍ਰਿਤਸਰ ਨੂੰ ਅਤੇ ਜ਼ਿਲ੍ਹਾ ਡੈਂਟਲ ਹੈਲਥ ਅਫ਼ਸਰ ਡਾਕਟਰ ਜਗਨਜੋਤ ਕੌਰ ਨੂੰ ਵਧੀਆ ਸੇਵਾਵਾਂ ਨਿਭਾਉਣ ਲਈ ਸਨਮਾਨਿਤ ਕੀਤਾ ਗਿਆ।

### ਮੈਬਰ ਚੰਨਣਕੇ ਦੀ ਹੋਈ ਮੌਤ ਦਾ

# ਦੁੱਖ ਦਾ ਪ੍ਰਗਟਾਵਾ ਕਰਨ ਲਈ ਪਹੁੰਚੇ ਚੇਅਰਮੈਨ ਗੋਲਡੀ



ਚੌਕ ਮਹਿਤਾ, 8 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)-ਮੈਬਰ ਕਸ਼ਮੀਰ ਸਿੰਘ ਚੰਨਣਕੇ ਦੀ ਹੋਈ ਬੇਵਕਤੀ ਮੌਤ ਦਾ ਦੁੱਖ ਪਰਗਟ ਕਰਨ ਲਈ ਸਾਬਕਾ ਕੈਬਨਿਟ ਮੰਤਰੀ ਸ, ਬਿਕਰਮ ਸਿੰਘ ਮਜੀਠੀਆ ਦੀ ਤਰਫੋਂ ਸਾਬਕਾ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ ਨੇ ਪਰਿਵਾਰ ਦੇ ਨਾਲ ਮੈਬਰ ਸ, ਕਸ਼ਮੀਰ ਸਿੰਘ ਚੰਨਣਕੇ ਦੀ ਹੋਈ ਮੌਤ ਦਾ ਗਹਿਰਾ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਸਮੇਂ ਉਨ੍ਹਾਂ ਦੇ ਨਾਲ ਸਾਬਕਾ ਚੇਅਰਮੈਨ ਅਮਰਪਾਲ ਸਿੰਘ ਪਾਲੀ ਉਦੋਕੇ, ਸਰਪੰਚ ਦਿਲਬਾਗ ਸਿੰਘ ਕਲੇਰ, ਗੁਰਿੰਦਰ ਸਿੰਘ, ਜਸਪਿੰਦਰ ਸਿੰਘ ਸੋਨੂੰ ਚੰਨਣਕੇ, ਸਰਪੰਚ ਮੇਜਰ ਸਿੰਘ ਸਹੋਤਾ, ਕਾਮਰੇਡ ਨਰਿੰਦਰ ਸਿੰਘ ਚੰਨਣਕੇ, ਗੁਰਮੁੱਖ ਸਿੰਘ ਆਦਿ ਹਾਜ਼ਰ ਸਨ।

# ਐਚ.ਪੀ.ਵੀ.ਸਰਵਾਈਕਲ ਕੈਂਸਰ ਦਾ ਮੁੱਖ ਕਾਰਨ: ਡਾ: ਮਨਮੀਤ ਕੌਰ ਸੋਢੀ,ਡਾ.ਸੰਦੀਪ ਅਗਰਵਾਲ




ਚੌਕ ਮਹਿਤਾ, 8 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)-ਬੱਚੇਦਾਨੀ ਦੇ ਮੂੰਹ ਦੇ ਕੈਂਸਰ ਦਾ ਟੀਕਾ ਲਗਵਾਉਣਾ ਹੈ ਜਾਂ ਨਹੀਂ ਇਸ ਬਾਰੇ ਫੈਸਲਾ ਇੱਕ ਨਿੱਜੀ ਹੈ ਜਿਸਨੂੰ ਧਿਆਨ ਨਾਲ ਵਿਚਾਰਿਆ ਜਾਣਾ ਚਾਹੀਦਾ ਹੈ। ਸਰਵਾਈਕਲ ਕੈਂਸਰ ਵੈਕਸੀਨ, ਜਾਂ ਐਚ. ਪੀ. ਵੀ. ਵੈਕਸੀਨ, ਮਨੁੱਖੀ ਪੈਪੀਲੋਮਾ ਵਾਇਰਸ ਤੋਂ ਬਚਾਉਂਦੀ ਹੈ, ਵਾਇਰਸਾਂ ਦਾ ਇੱਕ ਵੱਖਰਾ ਸਮੂਹ ਜੋ ਜਿਨਸੀ ਸੰਪਰਕ ਦੁਆਰਾ ਫੈਲਦਾ ਹੈ ਇਸ ਬਾਰੇ ਜਾਣਕਾਰੀ ਦਿੰਦਿਆਂ ਗੁਰੂ ਨਾਨਕ ਦੇਵ ਹਸਪਤਾਲ ਵਿਖੇ ਤੈਨਾਤ ਡਾ: ਮਨਮੀਤ ਕੌਰ ਸੋਢੀ ਪ੍ਰੋਫੈਸਰ ਅਤੇ ਬਾਲ ਰੋਗ ਵਿਭਾਗ ਦੇ ਮੁੱਖੀ ਸਰਕਾਰੀ ਮੈਡੀਕਲ ਕਾਲਜ ਅਤੇ ਬੱਚਿਆਂ ਦੇ ਮਾਹਿਰ ਡਾ. ਸੰਦੀਪ ਅਗਰਵਾਲ ਨੇ ਦੱਸਿਆ ਕਿ ਐਚ. ਪੀ. ਵੀ. ਸਰਵਾਈਕਲ ਕੈਂਸਰ ਦਾ ਮੁੱਖ ਕਾਰਨ ਹੈ ਅਤੇ ਇਹ ਯੋਨੀ, ਗੁਦਾ, ਅਤੇ ਓਰੋਫੈਰਨਜੀਅਲ ਕੈਂਸਰ ਦੇ ਵਿਕਾਸ ਵਿੱਚ ਵੀ ਯੋਗਦਾਨ ਪਾ ਸਕਦਾ ਹੈ।ਸਰਵਾਈਕਲ ਕੈਂਸਰ ਵੈਕਸੀਨ ਲਈ ਸਹੀ ਉਮਰ ਕੀ ਹੈ ? ਰੋਗ ਨਿਯੰਤ੍ਰਣ ਅਤੇ ਰੋਕਥਾਮ ਕੇਂਦਰ (343) ਵਰਤਮਾਨ ਵਿੱਚ ਸਿਫ਼ਾਰਸ਼ ਕਰਦਾ ਹੈ ਕਿ 11 ਜਾਂ 12 ਸਾਲ ਦੀ ਉਮਰ ਦੇ ਬੱਚਿਆਂ ਨੂੰ 6 ਤੋਂ 12 ਮਹੀਨਿਆਂ ਦੇ ਅੰਤਰਾਲ ਵਿੱਚ ਸਰਵਾਈਕਲ ਕੈਂਸਰ ਦੇ ਦੋ ਟੀਕੇ ਦਿੱਤੇ ਜਾਣ। ਹਾਲਾਂਕਿ, ਵੈਕਸੀਨ 9 ਸਾਲ ਦੀ ਉਮਰ ਤੋਂ ਪਹਿਲਾਂ ਅਤੇ 45 ਸਾਲ ਦੀ ਉਮਰ ਤੱਕ ਦੇਰੀ ਨਾਲ ਲਗਾਈ ਜਾ ਸਕਦੀ ਹੈ। ਜਿਹੜੇ ਵਿਅਕਤੀ 15 ਸਾਲ ਜਾਂ ਇਸ ਤੋਂ ਵੱਧ ਉਮਰ ਵਿੱਚ ਪਹਿਲੀ ਖੁਰਾਕ ਪ੍ਰਾਪਤ ਕਰਦੇ ਹਨ, ਉਹਨਾਂ ਨੂੰ 6 ਮਹੀਨਿਆਂ ਦੇ ਦੌਰਾਨ ਵੈਕਸੀਨ ਦੀਆਂ ਤਿੰਨ ਖੁਰਾਕਾਂ ਮਿਲਣੀਆਂ ਚਾਹੀਦੀਆਂ ਹਨ।

# ਭਾਈ ਕਮਲਜੀਤ ਸਿੰਘ ਬਰਾੜ ਵੱਡੇ ਫਰਕ ਨਾਲ ਜਿੱਤ ਪ੍ਰਾਪਤ ਕਰਨਗੇ : ਜਥੇਦਾਰ ਹਰਚੰਦ ਸਿੰਘ ਚਕਰ



ਐਡਮਿੰਟਨ /ਕਨੇਡਾ (ਜਗਮੀਤ ਸਿੰਘ ਬਾਠ) ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚਕਰ ਜੋ ਇਸ ਸਮੇਂ ਕਨੇਡਾ ਦੌਰੇ ਤੇ ਹਨ ਉਹਨਾਂ ਇੱਕ ਵਿਸ਼ੇਸ਼ ਮਿਲਣੀ ਦੌਰਾਨ ਦੱਸਿਆ ਕਿ ਭਾਰਤ ਵਿੱਚ ਲੋਕ ਸਭਾ ਚੋਣਾਂ ਦਾ ਮਹੌਲ ਪੂਰਾ ਗਰਮ ਹੈ ਕੁੱਝ ਸਟੇਟਾਂ ਵਿੱਚ ਉਮੀਦਵਾਰਾਂ ਦੀ ਕਿਸਮਤ ਡੱਬਿਆਂ ਵਿੱਚ ਬੰਦ ਹੋ ਗਈ ਹੈ ਪਰ ਪੰਜਾਬ ਸਮੇਤ ਕੁੱਝ ਸਟੇਟਾਂ ਵਿੱਚ ਵੋਟਾਂ ਹਾਲੇ ਪੈਣੀਆਂ ਹਨ ਜੇ ਗੱਲ ਪੰਜਾਬ ਦੀ ਕਰੀਏ ਤਾਂ ਸਾਰੀਆਂ ਹੀ ਸਿਆਸੀ ਪਾਰਟੀਆਂ ਵਲੋਂ ਆਪਣੇ ਉਮੀਦਵਾਰ ਚੋਣ ਮੈਦਾਨ ਵਿੱਚ ਉਤਾਰ ਦਿੱਤੇ ਗਏ ਹਨ ਪ੍ਰੰਤੂ ਇਸ ਵਾਰ ਬਾਹਰਲੇ ਮੁਲਕਾਂ ਵਿੱਚ ਵੀ ਲੋਕ ਸਾਰੀਆਂ ਸਿਆਸੀ ਪਾਰਟੀਆਂ ਨੂੰ ਛੱਡ ਕੇ ਵਧੀਆ ਅਕਸ ਵਾਲੇ ਉਮੀਦਵਾਰਾਂ ਨੂੰ ਜਿਤਾਉਣ ਲਈ ਆਪਣੇ ਪੰਜਾਬ ਰਹਿੰਦੇ ਰਿਸ਼ਤੇਦਾਰਾਂ ਅਤੇ ਦੋਸਤਾਂ ਮਿੱਤਰਾਂ ਨੂੰ ਫੋਨ ਕਾਲਾਂ ਰਾਂਹੀ ਬੇਨਤੀਆਂ ਕਰ ਰਹੇ ਹਨ ਕਿਉਂਕਿ ਜਿਵੇਂ ਆਪਾਂ ਨੂੰ ਪਤਾ ਹੀ ਹੈ ਕਿ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਵੱਲੋਂ ਐਨ ਆਰ ਆਈ ਦੀਆਂ ਕੋਠੀਆਂ ਅਤੇ ਜਾਇਦਾਦਾਂ ਤੇ ਧੱਕੇ ਨਾਲ ਹੀ ਕਬਜ਼ਾ ਕਰਨ ਦੀਆਂ ਕੋਸ਼ਿਸ਼ਾਂ ਸੱਭ ਦੇ ਸਾਹਮਣੇ ਹਨ ਇਸ ਲਈ ਜੇਕਰ ਗੱਲ ਹਲਕਾ ਲੁਧਿਆਣਾ ਦੀ ਕਰੀਏ ਤਾਂ ਇਸ ਸੀਟ ਤੋਂ ਭਾਈ ਕਮਲਜੀਤ ਸਿੰਘ ਬਰਾੜ ਅਜਾਦ ਤੌਰ ਤੇ ਇਲੈਕਸ਼ਨ ਲੜ ਰਹੇ ਹਨ ਜੋ ਕਾਂਗਰਸ ਪਾਰਟੀ ਵਿੱਚ ਰਹਿੰਦਿਆਂ ਵੀ ਹਮੇਸ਼ਾਂ ਹੱਕ ਸੱਚ ਦੀ, ਪੰਜਾਬ ਦੀ ਅਤੇ ਧਰਮ ਦੀ ਗੱਲ ਕਰਦੇ ਹਨ ਇਸ ਕਰਕੇ ਪੰਜਾਬ ਦੇ ਨੌਜਵਾਨ ਭਾਈ ਕਮਲਜੀਤ ਸਿੰਘ ਬਰਾੜ ਦੇ ਨਾਲ ਚਟਾਨ ਵਾਂਗ ਖੜ੍ਹੇ ਹਨ ਅਤੇ ਉਨ੍ਹਾਂ ਦੀ ਜਿੱਤ ਯਕੀਨੀ ਹੈ

# ਸਾਂਸਦ ਮਾਨ ਦੇ ਕੰਮਾਂ ਨੂੰ ਦੇਖਦਿਆਂ ਨੌਜਵਾਨ ਵੱਡੀ ਗਿਣਤੀ 'ਚ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ: ਦਿਓਲ



ਧੂਰੀ ( ਰਣਜੀਤ ਸਿੰਘ ਪੇਧਨੀ ) ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ, ਸਿਮਰਨਜੀਤ ਸਿੰਘ ਮਾਨ ਮੈਂਬਰ ਪਾਰਲੀਮੈਂਟ ਲੋਕ ਸਭਾ ਹਲਕਾ ਸੰਗਰੂਰ ਤੋਂ ਦੁਬਾਰਾ ਚੋਣ ਲੜ ਰਹੇ ਹਨ। ਉਨਾਂ ਦੀ ਚੋਣ ਨੂੰ ਪਿੰਡਾਂ ਵਿੱਚ ਭਰਮਾ ਹੁੰਗਾਰਾ ਦਬਾਉਣ ਲਈ ਨੌਜਵਾਨਾਂ ਵਿੱਚ ਉਤਸ਼ਾਹ ਪੈਦਾ ਕਰਨ ਦੇ ਲਈ ਧੂਰੀ ਉਹਨਾਂ ਦੇ ਦਫਤਰ ਵਿਖੇ ਭਾਈ ਤੇਜਿੰਦਰ ਸਿੰਘ ਦਿਓਲ ਪੰਜਾਬ ਪ੍ਰਧਾਨ ਯੂਥ ਵਿੰਗ ਵਿਸ਼ੇਸ਼ ਤੌਰ ਤੇ ਪਹੁੰਚੇ ਤੇ ਨੌਜਵਾਨਾਂ ਦੇ ਨਾਲ ਮੀਟਿੰਗ ਕੀਤੀ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ, ਦਿਓਲ ਨੇ ਕਿਹਾ ਕਿ ਸ, ਮਾਨ ਦਾ ਜਿੱਤਣਾ ਬਹੁਤ ਜਰੂਰੀ ਹੈ ਨੌਜਵਾਨ ਸ, ਮਾਨ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਅਤੇ ਪਿੰਡਾਂ ਵਿੱਚ ਜਾ ਕੇ ਨੌਜਵਾਨਾਂ ਨੂੰ ਜਾਗਰੂਕ ਕਰਨ। ਪਾਰਟੀ ਛੱਡ ਕੇ ਆਏ ਰਣਧੀਰ ਸਿੰਘ ਸੇਰਪੁਰ ਨੂੰ ਯੂਥ ਵਿੰਗ ਪੰਜਾਬ ਦਾ ਜਰਨਲ ਸਕੱਤਰ ਨਿਯੁਕਤ ਕੀਤਾ ਗਿਆ । ਇਸ ਮੌਕੇ ਅਮਰੀਕ ਸਿੰਘ ਕਿਲਾ ਹਕੀਮਾਂ ,ਹਰਮੀਤ ਸਿੰਘ ਸੋਢੀ ਜਿਲਾ ਪ੍ਰਧਾਨ ਯੂਥ ਪਟਿਆਲਾ, ਜਗਜੀਤ ਸਿੰਘ ਫਿਰੋਜਪੁਰ, ਸਿਮਰਨ ਸਿੰਘ ਕਾਝਲਾ,ਹਰਮਿਲਨਪ੍ਰੀਤ ਸਿੰਘ ਬੁਗਰਾ,ਰਜਿੰਦਰ ਸਿੰਘ ਸੇਰਪੁਰ,,ਕਰਨਵੀਰ ਸਿੰਘ ਦੀਦਾਰਗੜ,ਸੁਬੇਗ ਸਿੰਘ ਰਣੀਕੇ,ਵਿਸੇਸ ਸਿੰਘ,ਰਣਧੀਰ ਸਿੰਘ, ਹਰਪ੍ਰੀਤ ਸਿੰਘ ਪਟਿਆਲਾ, ਇਕਬਾਲ ਸਿੰਘ ਪਟਿਆਲਾ ਹਾਜਰ ਸਨ ।

# ਸਿੱਖ ਮੰਗਾਂ ਪੂਰੀਆਂ ਕਰਨ ਦਾ ਵਾਅਦਾ ਕਰਨ ਵਾਲੇ ਹੀ ਸਿੱਖਾਂ ਦੀ ਵੋਟ ਦੇ ਯੋਗ : ਸਰਨਾ




ਨਵੀਂ ਦਿੱਲੀ, 8 ਮਈ (ਮਨਪ੍ਰੀਤ ਸਿੰਘ ਖਾਲਸਾ):- ਕੌਮੀ ਰਾਜਧਾਨੀ ਵਿੱਚ ਵੋਟਾਂ ਪੈਣ ਵਿੱਚ 20 ਦਿਨ ਰਹਿ ਗਏ ਹਨ, ਦਿੱਲੀ ਤੋਂ ਅਕਾਲੀ ਦਲ ਦੇ ਪ੍ਰਧਾਨ ਸ ਪਰਮਜੀਤ ਸਿੰਘ ਸਰਨਾ ਨੇ ਸਪੱਸ਼ਟ ਕੀਤਾ ਹੈ ਕਿ ਸਿਰਫ਼ ਉਹੀ ਸਿਆਸੀ ਪਾਰਟੀ ਜਾਂ ਉਮੀਦਵਾਰ ਨੂੰ ਸਿੱਖ ਸਮਰਥਨ ਦੇਣਗੇ ਜੋ ਸਿੱਖ ਕੌਮ ਦੀਆਂ ਮੰਗਾਂ ਪੂਰੀਆਂ ਕਰਨ ਦਾ ਸਪੱਸ਼ਟ ਤੌਰ 'ਤੇ ਵਾਅਦਾ ਕਰਨਗੇ।

ਮੀਡੀਆ ਨਾਲ ਕੀਤੀ ਪ੍ਰੈਸ ਕੌਨਫਰਨਸ ਵਿਚ ਸਰਨਾ ਨੇ ਭਾਈਚਾਰੇ ਦੀਆਂ ਮੰਗਾਂ ਨੂੰ ਦਸਿਆ ਕਿ ਪਿਛਲੇ ਤੀਹ ਤੀਹ ਸਾਲਾਂ ਤੋਂ ਜੇਲ੍ਹਾਂ ਕੱਟਣ ਵਾਲੇ ਬੰਦੀ ਸਿੰਘਾਂ ਨੇ ਬਹੁਤ ਲੰਬੇ ਸਮੇਂ ਤੋਂ ਬੇਇਨਸਾਫ਼ੀ ਝੱਲੀ ਹੈ। ਇਹ ਜ਼ਰੂਰੀ ਹੈ ਕਿ ਨਵੀਂ ਸਰਕਾਰ ਬਣਨ 'ਤੇ ਉਨ੍ਹਾਂ ਨੂੰ ਇਨਸਾਫ਼ ਦਿੱਤਾ ਜਾਵੇ ਅਤੇ ਉਨ੍ਹਾਂ ਨੂੰ ਰਿਹਾਅ ਕੀਤਾ ਜਾਵੇ। ਕਿਸਾਨ ਸਾਡੇ ਦੇਸ਼ ਦੀ ਰੀੜ੍ਹ ਦੀ ਹੱਡੀ ਹਨ। ਦੇਸ਼ ਭਰ ਦੇ ਕਿਸਾਨ ਆਪਣੀਆਂ ਜਾਇਜ਼ ਮੰਗਾਂ ਦੀ ਆਵਾਜ਼ ਉਠਾ ਰਹੇ ਹਨ। ਇਹ ਜ਼ਰੂਰੀ ਹੈ ਕਿ ਅਹੁਦਾ ਸੰਭਾਲਣ ਤੋਂ ਬਾਅਦ, ਨਵੀਂ ਸਰਕਾਰ ਉਨ੍ਹਾਂ ਦੀਆਂ ਸ਼ਿਕਾਇਤਾਂ ਨੂੰ ਸਰਗਰਮੀ ਨਾਲ ਸੁਣ ਕੇ ਇਨ੍ਹਾਂ ਮੁੱਦਿਆਂ ਦਾ ਹੱਲ ਕਰੇ। ਇਸ ਨੂੰ ਪਹਿਲ ਦੇ ਆਧਾਰ 'ਤੇ ਕੀਤਾ ਜਾਣਾ ਚਾਹੀਦਾ ਹੈ। ਕਿਸਾਨਾਂ ਨੂੰ ਬਿਨਾਂ ਕਿਸੇ ਲਾਲ ਫੀਤਾਸ਼ਾਹੀ ਦੇ ਕਿਸੇ ਵੀ ਦੇਸ਼ ਜਾਂ ਖੇਤਰ ਨੂੰ ਆਪਣੀ ਉਪਜ ਵੇਚਣ ਦੀ ਇਜਾਜ਼ਤ ਦਿੱਤੀ ਜਾਣੀ ਚਾਹੀਦੀ ਹੈ। ਸ੍ਰੀ ਨਨਕਾਣਾ ਸਾਹਿਬ ਸਿੱਖ ਕੌਮ ਲਈ ਬਹੁਤ ਮਹੱਤਵ ਰੱਖਦਾ ਹੈ। ਹਰ ਸਿੱਖ ਇਸ ਦੇ ਦਰਸ਼ਨਾਂ ਲਈ ਸਵੇਰੇ ਸ਼ਾਮ ਅਰਦਾਸ ਕਰਦਾ ਹੈ ।ਨਵੀਂ ਸਰਕਾਰ ਦੇ ਕਾਰਜਕਾਲ 'ਤੇ ਸਿੱਖਾਂ ਨੂੰ ਸ੍ਰੀ ਨਨਕਾਣਾ ਸਾਹਿਬ ਦੇ ਦਰਸ਼ਨਾਂ ਲਈ ਵੀਜ਼ਾ ਆਨ ਅਰਾਈਵਲ ਦਿੱਤਾ ਜਾਣਾ ਚਾਹੀਦਾ ਹੈ। ਸਿੱਖਾਂ ਦੇ ਧਾਰਮਿਕ ਮਾਮਲਿਆਂ ਵਿੱਚ ਕੇਂਦਰ ਜਾਂ ਸੂਬਾ ਸਰਕਾਰਾਂ ਵੱਲੋਂ ਕੋਈ ਵੀ ਦਖਲਅੰਦਾਜ਼ੀ ਨਹੀਂ ਕੀਤੀ ਜਾਣੀ ਚਾਹੀਦੀ ਹੈ ਜਿਵੇਂ ਕਿ ਦਿੱਲੀ ਵਲੋਂ, ਤਖ਼ਤ ਸ੍ਰੀ ਪਟਨਾ ਸਾਹਿਬ ਅਤੇ ਸ੍ਰੀ ਹਜ਼ੂਰ ਸਾਹਿਬ ਵਿੱਚ ਹਾਲ ਹੀ ਦੇ ਮਹੀਨਿਆਂ ਅਤੇ ਕੁੱਝ ਸਾਲਾਂ ਵਿੱਚ ਹੋਇਆ ਹੈ। ਅੰਤ ਵਿੱਚ ਅਸੀਂ ਦਿੱਲੀ ਦੇ ਸੂਝਵਾਨ ਸਿੱਖਾਂ ਨੂੰ ਅਪੀਲ ਕਰਦੇ ਹਾਂ ਕਿ ਦੇਸ਼ ਵਿੱਚ ਹੋ ਰਹੀਆਂ ਆਮ ਚੋਣਾਂ ਦੌਰਾਨ ਕੌਮੀ ਹਿੱਤ, ਕਿਸਾਨੀ, ਨੌਜਵਾਨੀ ਅਤੇ ਪੰਜਾਬ ਦੇ ਚੰਗੇ-ਮਾੜੇ ਦਾ ਸੋਚ ਕੇ ਦਿੱਲੀ ਦਾ ਸਿੱਖ ਕੌਮੀ ਭਾਵਨਾਵਾਂ ਦੀ ਤਰਜਮਾਨੀ ਕਰਨ ਲਈ ਆਪਣੇ ਵੋਟ ਦਾ ਭੁਗਤਾਨ ਕਰਨ ਤੋਂ ਪਹਿਲਾਂ ਗੁਰੂ ਪਾਤਸ਼ਾਹ ਵੱਲੋਂ ਦਿੱਤੀ ਬਿਬੇਕ ਬੁੱਧ ਦੀ ਵਰਤੋਂ ਕਰੇ । ਤਾਂਕਿ ਸਿੱਖੀ ਸਿਧਾਂਤਾਂ ਉਤੇ ਚਲਦੇ ਹੋਏ ਡਰ ਤੇ ਨਫ਼ਰਤ ਰਹਿਤ ਸਮਾਜ ਅਤੇ ਮੁਲਕ ਦੀ ਤਰੱਕੀ ਦਾ ਮਨੁੱਖਤਾ ਦੀ ਰੋਸ਼ਨੀ 'ਚ ਟੀਚਾ ਪੂਰਾ ਕੀਤਾ ਜਾ ਸਕੇ। ਇਸ ਮੌਕੇ ਉਨ੍ਹਾਂ ਦੇ ਨਾਲ ਮਨਜੀਤ ਸਿੰਘ ਜੀਕੇ, ਸਤਨਾਮ ਸਿੰਘ ਖਾਲਸਾ, ਸੁਖਵਿੰਦਰ ਸਿੰਘ ਬੱਬਰ, ਤਜਿੰਦਰ ਸਿੰਘ ਗੋਪਾ, ਐਚ ਪੀ ਸਿੰਘ, ਭੁਪਿੰਦਰ ਸਿੰਘ ਪੀਆਰਓ ਸਮੇਤ ਬਹੁਤ ਸਾਰੇ ਪਾਰਟੀ ਮੈਂਬਰ ਅਤੇ ਵਰਕਰ ਹਾਜਿਰ ਸਨ।

### ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ

# ਮਾਤਾ ਚਵਿੰਡਾ ਦੇਵੀ ਮੰਦਰ ਵਿਖੇ ਮੱਥਾ ਟੇਕਿਆ



**ਚਵਿੰਡਾ ਦੇਵੀ /ਅੰਮ੍ਰਿਤਸਰ 8 ਮਈ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਅੱਜ ਪ੍ਰਾਚੀਨ ਅਤੇ ਇਤਿਹਾਸਕ ਮਾਤਾ ਚਵਿੰਡਾ ਦੇਵੀ ਮੰਦਰ ਵਿਖੇ ਮੱਥਾ ਟੇਕਿਆ ਅਤੇ ਪੰਜਾਬ ਦੀ ਅਮਨ ਸ਼ਾਂਤੀ, ਭਾਈਚਾਰਕ ਸਾਂਝ ਦੀ ਮਜ਼ਬੂਤੀ,ਅੰਮ੍ਰਿਤਸਰ ਦੀ ਤਰੱਕੀ ਤੇ ਪੰਜਾਬੀਆਂ ਦੀ ਖ਼ੁਸ਼ਹਾਲੀ ਲਈ ਅਰਦਾਸ ਕੀਤੀ। ਇਸ ਮੌਕੇ ਉਨ੍ਹਾਂ ਨੂੰ ਮੰਦਰ ਦੇ ਪੁਜਾਰੀ ਵੱਲੋਂ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦੀ ਚੜ੍ਹ ਦੀ ਕਲਾ ਅਤੇ ਲੋਕ ਸਭਾ 'ਚ ਜਿੱਤ ਲਈ ਪ੍ਰਾਰਥਨਾ ਕੀਤੀ ਗਈ। ਇਸ ਮੌਕੇ ਸੰਧੂ ਨਾਲ ਹਲਕਾ ਮਜੀਠਾ ਦੇ ਇੰਚਾਰਜ ਪ੍ਰਦੀਪ ਸਿੰਘ ਭੁੱਲਰ, ਗੁਰਪ੍ਰਤਾਪ ਸਿੰਘ ਮਾਨ, ਭੁਪਿੰਦਰ ਸਿੰਘ ਰੰਧਾਵਾ, ਗੁਰਮੁਖ ਸਿੰਘ ਕਾਦਰਾਬਾਦ ਅਤੇ ਰਜੇਸ਼ ਹਨੀ ਵੀ ਮੌਜੂਦ ਸਨ। ਇਸ ਮੌਕੇ ਸੰਗਤ ਨੇ ਤਰਨਜੀਤ ਸਿੰਘ ਸੰਧੂ ਦਾ ਮੰਦਰ ਵਿਚ ਪਹੁੰਚਣ 'ਤੇ ਜ਼ੋਰਦਾਰ ਸਵਾਗਤ ਕੀਤਾ। ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਧਾਰਮਿਕ ਅਸਥਾਨ ਸਾਡੀ ਸ਼ਰਧਾ ਦਾ ਕੇਂਦਰ ਅਤੇ ਅਧਿਆਤਮਕ ਸ਼ਕਤੀ ਦਾ ਸੋਮਾ ਹਨ। ਇਹ ਸਾਨੂੰ ਸਾਡੀ ਸੰਸਕ੍ਰਿਤੀ ਤੇ ਮਹਾਂ ਸ਼ਕਤੀ ਨਾਲ ਜੋੜੀ ਰੱਖਣ ਤੋਂ ਇਲਾਵਾ ਸਮੂਹ ਭਾਈਚਾਰਿਆਂ ਲਈ ਸ਼ਾਂਤੀ ਤੇ ਏਕਤਾ ਬਣਾਈ ਰੱਖਣ ਦੀ ਪ੍ਰੇਰਨਾ ਦਿੰਦਾ ਹੈ। ਹਰ ਵਾਰ ਪਰਮ, ਸਰਵਉੱਚ ਸੱਤਾ ਨੂੰ ਨਿਮਨ ਕਰਕੇ ਅਪਾਰ ਸ਼ਕਤੀ ਤੇ ਸੰਤੁਸ਼ਟੀ ਪ੍ਰਾਪਤ ਹੁੰਦੀ ਹੈ। ਸਾਡੀਆਂ ਪਰੰਪਰਾਵਾਂ ਸਾਨੂੰ ਨਕਾਰਾਤਮਿਕ ਰੁਝਾਨਾਂ ਨੂੰ ਤਿਆਗ ਕੇ ਸਮਾਜ ਨੂੰ ਹੋਰ ਬਿਹਤਰ ਬਣਾਉਣ ਲਈ ਕੰਮ ਕਰਨ 'ਤੇ ਜ਼ੋਰ ਦਿੰਦੀਆਂ ਹਨ। ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਅਯੁੱਧਿਆ ਵਿਚ ਰਾਮ ਮੰਦਰ ਬਣਾਉਣ ਨਾਲ ਰਾਮ ਮੰਦਰ ਬਣਾਉਣ ਦਾ 500 ਸਾਲ ਪੁਰਾਣਾ ਸੰਕਲਪ ਪੂਰਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਵਿਸ਼ਵਾਸ ਦੀਆਂ ਪ੍ਰਾਚੀਨ ਵਿਰਾਸਤਾਂ ਨੂੰ ਮੁੜ ਸੁਰਜੀਤ ਕਰਨ ਲਈ ਸ਼੍ਰੀ ਕਾਸ਼ੀ ਵਿਸ਼ਵਾਨਾਥ ਮੰਦਰ, ਸ਼੍ਰੀ ਉਜੈਨ ਮਹਾਂਕਾਲ ਮੰਦਰ ਅਤੇ ਸ਼੍ਰੀ ਕੇਦਾਰਨਾਥ ਮੰਦਰ ਦਾ ਨਵੀਨੀਕਰਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਭਾਰਤੀ ਵਿਦੇਸ਼ ਸ਼ੇਵਾ ਦੇ ਦੌਰਾਨ ਉਨ੍ਹਾਂ ਦਾ ਮਨ ਹਮੇਸ਼ਾਂ ਅੰਮ੍ਰਿਤਸਰ ਵਿਚ ਹੀ ਰਿਹਾ। ਹੁਣ ਮੈਂ ਅੰਮ੍ਰਿਤਸਰ ਦੇ ਵਿਕਾਸ ਲਈ ਉਹ ਕੁਝ ਕਰਾਂ ਜੋ ਮੈਂ ਭਾਰਤੀ ਵਿਦੇਸ਼ ਸ਼ੇਵਾ ਦੌਰਾਨ ਸੋਚਿਆ ਸੀ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਨੌਜਵਾਨਾਂ 'ਚ ਸਮਰੱਥਾ ਦੀ ਕੋਈ ਕਮੀ ਨਹੀਂ ਹੈ। ਕੇਵਲ ਉਨ੍ਹਾਂ ਨੂੰ ਸਹੀ ਅਗਵਾਈ ਅਤੇ ਮਾਰਗ ਦਰਸ਼ਨ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਅਨੇਕਾਂ ਵਿਦੇਸ਼ਾਂ ਕੰਪਨੀਆਂ ਅੰਮ੍ਰਿਤਸਰ ਵਿਚ ਪੂੰਜੀ ਨਿਵੇਸ਼ ਲਈ ਤਿਆਰ ਹਨ। ਜਿਸ ਦੁਆਰਾ ਬੇਰੁਜ਼ਗਾਰ ਨੌਜਵਾਨਾਂ ਨੂੰ ਟਰੇਨਿੰਗ ਦੇ ਕੇ ਉਨ੍ਹਾਂ ਨੂੰ ਰੁਜ਼ਗਾਰ ਅਤੇ ਨੌਕਰੀਆਂ ਦੇ ਕਾਬਲ ਬਣਾਏ ਜਾ ਸਕਦੇ ਹਨ। ਉਨ੍ਹਾਂ ਪੰਜਾਬ ਅਤੇ ਅੰਮ੍ਰਿਤਸਰ ਦੀ ਮੌਜੂਦਾ ਹਾਲਾਤ 'ਤੇ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਸਰਹੱਦੀ ਸੂਬਾ ਪੰਜਾਬ ਵਿਚ ਅਰਾਜਕਤਾ ਪੈਦਾ ਕਰਨ ਲਈ ਦੁਸ਼ਮਣ ਤਾਕਤਾਂ ਹਮੇਸ਼ਾਂ ਤਾਕ ਵਿਚ ਰਹੀਆਂ ਹਨ। ਸੂਬੇ ਦੀ ਮੌਜੂਦਾ ਸਥਿਤੀ ਪੰਜਾਬੀ ਭਾਈਚਾਰੇ ਲਈ ਵੱਡਾ ਖ਼ਤਰਾ ਬਣੇ ਇਸ ਤੋਂ ਪਹਿਲਾਂ ਇਸ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਕਿਹਾ ਪੰਜਾਬ ਗੈਂਗਸਟਰਾਂ ਦੀ ਭਰਮਾਰ, ਨਸ਼ਾ ਅਤੇ ਅਮਨ ਕਾਨੂੰਨ ਵਿਵਸਥਾ ਦੇ ਕਾਰਨ ਵੱਡੀ ਉਲਝਣ ਦਾ ਸ਼ਿਕਾਰ ਹੈ। ਪੰਜਾਬ 'ਚ ਵਿਗੜੀ ਹੋਈ ਕਾਨੂੰਨ ਵਿਵਸਥਾ ਲਈ ਆਮ ਆਦਮੀ ਪਾਰਟੀ ਦੀ ਨਾਕਾਬਲ ਲੀਡਰਸ਼ਿਪ ਜ਼ਿੰਮੇਵਾਰ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅਤੇ ਅੰਮ੍ਰਿਤਸਰ ਨੂੰ ਪੂੰਜੀ ਨਿਵੇਸ਼ ਲਈ ਅਨੁਕੂਲ ਬਣਾਇਆ ਜਾਵੇਗਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨੌਜਵਾਨ ਨਸ਼ਿਆਂ 'ਚ ਬਰਬਾਦ ਹੋ ਰਹੇ ਹਨ, ਅਤੇ ਬਹੁਤਿਆਂ ਦਾ ਵਿਦੇਸ਼ਾਂ ਨੂੰ ਪਲਾਇਨ ਕਰ ਜਾਣਾ ਪੰਜਾਬ ਦੇ ਭਵਿੱਖ ਲਈ ਕਿਸੇ ਤਰਾਂ ਵੀ ਸਹੀ ਨਹੀਂ ਹੈ। ਉਨ੍ਹਾਂ ਕਿਹਾ ਕਿ ਦ੍ਰਿੜ੍ਹ ਸਿਆਸੀ ਇੱਛਾ ਸ਼ਕਤੀ ਤੋਂ ਬਿਨਾ ਪੰਜਾਬ ਨੂੰ ਮੁੜ ਇਸ ਦੇ ਵਾਸਤਵ ਰੂਪ ਵਿਚ ਨਹੀਂ ਲਿਆਂਦਾ ਜਾ ਸਕੇਗਾ। ਉਨ੍ਹਾਂ ਕਿਹਾ ਕਿ ਸੂਬੇ ਦੀ ਬਹੁਪੱਖੀ ਉਲਝਣ ਨੂੰ ਸੁਲਝਾਉਣ ਦੀ ਸਮਰੱਥਾ ਕੇਵਲ ਭਾਜਪਾ ਕੋਲ ਹੈ। ਇਸ ਮੌਕੇ ਹਲਕਾ ਇੰਚਾਰਜ ਪ੍ਰਦੀਪ ਸਿੰਘ ਭੁੱਲਰ, ਗੁਰਪ੍ਰਤਾਪ ਸਿੰਘ ਮਾਨ, ਭੁਪਿੰਦਰ ਸਿੰਘ ਰੰਧਾਵਾ, ਗੁਰਮੁਖ ਸਿੰਘ ਕਾਦਰਾਬਾਦ ਅਤੇ ਰਜੇਸ਼ ਹਨੀ, ਰਜਿੰਦਰ ਸੋਢੀ ਜੈਂਤੀਪੁਰ, ਰਕੇਸ਼ ਕੁਮਾਰ ਪੱਪਾ, ਸੁਖਦੇਵ ਸਿੰਘ ਚਵਿੰਡਾ, ਸਤਪਾਲ ਸੋਨੂੰ, ਲਖਬੀਰ ਸਿਧਵਾਂ, ਡਾ. ਸੁਖਵਿੰਦਰ ਸਿੰਘ ਰਾਮਦਿਵਾਲੀ, ਪ੍ਰਗਟ ਸਿੰਘ ਚੰਨਣਕੇ, ਵਿਨੋਦ ਕੁਮਾਰ, ਜਸਬੀਰ ਸਿੰਘ ਨਾਗ, ਸਲਾਮਤ ਮਸੀਹ, ਸੋਨੂੰ ਸੋਹੀਆਂ, ਸਵਿੰਦਰ ਸਿੰਘ ਸਰਪੰਚ, ਸਵਿੰਦਰ ਲਾਲੀ, ਗੋਲਡੀ ਚੌਹਾਨ, ਕੁਲਵਿੰਦਰ ਸਿੰਘ ਮੰਡਲ ਪ੍ਰਧਾਨ, ਆਕਾਸ਼ਦੀਪ ਸਿੰਘ ਵੀਰਮ, ਜਸਪਾਲ ਸਿੰਘ ਸਰਪੰਚ ਕਰਨਾਲਾ, ਅਸ਼ਵਨੀ ਕੁਮਾਰ, ਨੀਰਜ ਕੱਥੂਨੰਗਲ, ਡਾ. ਬਿਕਰਮ ਅਠਵਾਲ, ਜੋਗਾ ਸਿੰਘ ਚੰਨਣਕੇ, ਡਿੰਪਾ ਅਠਵਾਲ, ਬਿੱਟੂ ਮੱਤੇਵਾਲ, ਗੁਰਮੁਖ ਸਿੰਘ ਗਦਰਜਾਦਾ, ਰਣਜੀਤ ਰੂਪੋਵਾਲੀ ਬਰਾਮਨਾਂ, ਲਖਵਿੰਦਰ ਸਿੰਘ, ਰਜਤ ਭੰਡਾਰੀ, ਸੰਨੀ ਬਾਵਾ, ਬੀਬੀ ਅਮਰਜੀਤ ਕੌਰ, ਸੋਨੂੰ ਰਾਮਦਿਵਾਲੀ, ਸਮਾ ਪਹਿਲਵਾਨ, ਬਲਜਿੰਦਰ ਅਲਕੜੇ, ਹਰਪਾਲ ਭੋਆ, ਸੁੱਖ ਤਲਵੰਡੀ, ਬਲਬੀਰ ਸਿਧਵਾਂ, ਸਿਵਪ੍ਰੀਤ ਉਦੋਕੇ, ਭੀਮ ਜੋਧਾ ਨਗਰੀ, ਰੇਸ਼ਮ ਭੋਆ, ਦਿਲਬਾਗ ਸਿੰਘ ਤਲਵੰਡੀ, ਕੁਲਜੀਤ , ਕਰਨਦੀਪ ਸਿੰਘ, ਅਕਾਸ਼ਦੀਪ ਤਲਵੰਡੀ ਤੇ ਨਿਰਮਲ ਸਿੰਘ ਵੀ ਮੌਜੂਦ ਸਨ।

**ਪ੍ਰਧਾਨ ਮੰਤਰੀ ਮੋਦੀ ਨੇ ਅਯੁੱਧਿਆ ਵਿੱਚ ਰਾਮ ਮੰਦਰ ਦੀ ਉਸਾਰੀ ਕਰਵਾ ਕੇ ਸਭ ਦਾ ਦਿਲ ਜਿੱਤ ਲਿਆ ਹੈ- ਤਰਨਜੀਤ ਸਿੰਘ ਸੰਧੂ ਸਮੁੰਦਰੀ**

### ਕਲੇਰ ਵੱਲੋਂ ਪਿੰਡ ਅਖਾੜਾ ਵਿਖੇ ਗੈਸ ਪਲਾਂਟ ਦੇ ਵਿਰੋਧ 'ਚ

# ਚੱਲਦੇ ਸੰਘਰਸ਼ ਨੂੰ ਪੂਰਨ ਹਮਾਇਤ ਦਾ ਐਲਾਨ



ਜਗਰਾਉਂ (ਵਰਿਆਮ ਹਠੂਰ) ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਤੇ ਸਾਬਕਾ ਵਿਧਾਇਕ ਐਸ ਆਰ ਕਲੇਰ ਨੇ ਅੱਜ ਪਿੰਡ ਅਖਾੜਾ ਵਿਖੇ ਲੱਗ ਰਹੇ ਬਾਇਓ ਗੈਸ ਪਲਾਂਟ ਦੇ ਵਿਰੋਧ 'ਚ ਵਿੱਢੇ ਸੰਘਰਸ਼ ਵਿਚ ਹਿੱਸਾ ਲਿਆ ਅਤੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਪੂਰਨ ਤੌਰ 'ਤੇ ਸੰਘਰਸ਼ ਦੀ ਹਮਾਇਤ ਕਰਨ ਦਾ ਐਲਾਨ ਵੀ ਕੀਤਾ। ਇਸ ਮੌਕੇ ਓਹਨਾਂ ਨਾਲ ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ ਬਿੰਦਰ ਮਨੀਲਾ ਤੇ ਸਾਬਕਾ ਚੇਅਰਮੈਨ ਚੰਦ ਸਿੰਘ ਡੱਲਾ ਵੀ ਮੌਜੂਦ ਸਨ। ਇਸ ਮੌਕੇ ਪਿੰਡ ਵਾਸੀਆਂ ਨੇ ਸਾਬਕਾ ਵਿਧਾਇਕ ਕਲੇਰ ਦੇ ਸੰਘਰਸ਼ ਵਿੱਚ ਸ਼ਾਮਿਲ ਹੋਣ 'ਤੇ ਤਸੱਲੀ ਪ੍ਰਗਟ ਕੀਤੀ ਤੇ ਕਿਹਾ ਕਿ ਇਹ ਸੰਘਰਸ਼ ਲੋਕਾਂ ਦਾ ਸਾਂਝਾ ਤੇ ਸਿਆਸਤ ਰਹਿਤ ਹੈ ਇਸ ਲਈ ਇਸ ਸੰਘਰਸ਼ ਨੂੰ ਮਜਬੂਤ ਬਣਾਉਣ ਵਾਲੀਆਂ ਸਾਰੀਆਂ ਹੀ ਜੱਥੇਬੰਦੀਆਂ ਤੇ ਰਾਜਨੀਤਕ ਪਾਰਟੀਆਂ ਦੇ ਸਮੱਰਥਨ ਦਾ ਸਵਾਗਤ ਕੀਤਾ ਜਾਵੇਗਾ।ਇਸ ਮੌਕੇ ਐਸ ਆਰ ਕਲੇਰ ਨੇ ਆਖਿਆ ਕਿ ਇਹ ਪਲਾਂਟ ਦਾ ਮਾਮਲਾ ਲੋਕਾਂ ਨਾਲ ਜੁੜਿਆ ਹੋਇਆ ਹੈ,ਇਸ ਲਈ ਲੋਕ ਪੱਖੀ ਸੰਘਰਸ਼ ਦੀ ਉਹ ਤਨੋ ਮਨੋ ਹਮਾਇਤ ਕਰਦੇ ਹਨ। ਕਲੇਰ ਨੇ ਆਖਿਆ ਕਿ ਜਿੰਨੀਂ ਦੇਰ ਇਸ ਸੰਘਰਸ਼ ਵਿਚ ਜਿੱਤ ਨਹੀ ਦਰਜ ਹੁੰਦੀ ਉਨਾਂ ਸਮਾਂ ਇਸ ਸੰਘਰਸ਼ ਨੂੰ ਪਾਰਟੀ ਦੀ ਲੀਡਰਸ਼ਿਪ ਤੇ ਵਰਕਰਾਂ ਦਾ ਪੂਰਨ ਸਮੱਰਥਨ ਰਹੇਗਾ। ਕਲੇਰ ਨੇ ਕਿਹਾ ਕਿ ਅਜਿਹੇ ਲੋਕ ਪੱਖੀ ਸੰਘਰਸ਼ ਰਾਜਨੀਤਕ ਵਿਖਰੇਵੇ ਤਿਆਗ ਕੇ ਲੜਨੇ ਚਾਹੀਦੇ ਹਨ। ਕਲੇਰ ਨੇ ਪਿੰਡ ਅਖਾੜਾ ਦੇ ਸੰਘਰਸ਼ਸ਼ੀਲ ਲੋਕਾਂ ਦੇ ਨਾਲ-ਨਾਲ ਸੰਘਰਸ਼ ਦੀ ਅਗਵਾਈ ਕਰਨ ਵਾਲੇ ਹਰਦੇਵ ਸਿੰਘ ਤੇ ਗੁਰਤੇਜ ਸਿੰਘ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਇਨ੍ਹਾਂ ਵਲੋਂ ਸੰਘਰਸ਼ ਦੀ ਸੁਚੱਜੀ ਤਰਤੀਬ ਸਿਰਜੀ ਗਈ ਹੈ,ਜਿਸ ਨਾਲ ਜਿੱਤ ਅਵੱਸ਼ ਮਿਲੇਗੀ।ਇਸ ਮੌਕੇ ਪ੍ਰਦੀਪ ਸਿੰਘ ਤੇ ਡਾ.ਇਕਬਾਲ ਸਿੰਘ ਵੀ ਮੌਜੂਦ ਸਨ।

# ਸਟੇਟ ਟੀਮ ਵਲੋਂ ਵੈਕਸੀਨੇਸ਼ਨ ਕੈਂਪਾਂ ਦੀ ਕੀਤੀ ਚੈਕਿੰਗ



**ਚੌਕ ਮਹਿਤਾ, 8 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਵਿਭਾਗ ਤਰਨਤਾਰਨ, ਲੋਕਾਂ ਦੀ ਨਿਰੋਈ ਸਿਹਤ ਲਈ ਹਮੇਸ਼ਾਂ ਹੀ ਵਚਨਬੱਧ ਹੈ। ਸਿਵਲ ਸਰਜਨ ਤਰਨਤਾਰਨ ਡਾ ਸੰਜੀਵ ਕੋਹਲੀ ਅਤੇ ਜਿਲ੍ਹਾ ਟੀਕਾਕਰਣ ਅਫਸਰ ਡਾ ਵਰਿੰਦਰਪਾਲ ਕੌਰ ਦੀ ਅਗਵਾਹੀ ਹੇਠਾਂ ਸਿਹਤ ਵਿਭਾਗ ਵਲੋਂ ਹਰੇਕ ਸਬ ਸੈਂਟਰ ਪੱਧਰ ਤੇ ਹਰੇਕ ਬੁੱਧਵਾਰ ਨੂੰ ਮਮਤਾ ਦਿਵਸ ਮਨਾਇਆ ਜਾਂਦਾ ਹੈ। ਜਿਸ ਦੌਰਾਣ ਜੱਚਾ-ਬੱਚਾ ਸਿਹਤ ਸੰਭਾਲ ਲਈ ਵੈਕਸੀਨੇਸ਼ਨ, ਚੈਕਅੱਪ ਅਤੇ ਇਲਾਜ ਲਈ ਵਿਸ਼ੇਸ਼ ਟੀਮਾਂ ਲਗਾਈਆਂ ਜਾਂਦੀਆਂ ਹਨ ਅਤੇ ਦੂਰ ਦਰਾਡੇ ਦੇ ਇਲਾਕਿਆਂ ਵਿਚ ਆਉਟ ਰੀਚ ਕੈਂਪ ਵੀ ਲਗਾਏ ਜਾਂਦੇ ਹਨ। ਪੰਜਾਬ ਸਰਕਾਰ ਦੀਆਂ ਹਿਦਾਇਤਾਂ ਅਨੂਸਾਰ ਅੱਜ ਜਿਲ੍ਹਾ ਤਰਨਤਾਰਨ ਵਿਖੇ, ਸਟੇਟ ਟੀਮ ਵਲੋਂ ਇਹਨਾਂ ਆਉਟ ਰੀਚ ਵੈਕਸੀਨੇਸ਼ਨ ਕੈਂਪਾਂ ਅਤੇ ਮਮਤਾ ਦਿਵਸ ਦੀ ਚੈਕਿੰਗ ਕੀਤੀ ਗਈ। ਇਸ ਟੀਮ ਵਿਚ ਅਸਿਸਟੇਂਟ ਡਾਇਰੈਕਟਰ ਡਾ ਬਲਵਿੰਦਰ ਕੌਰ, ਵਿਸ਼ਵ ਸਿਹਤ ਸੰਸ਼ਥਾ ਦੇ ਸਟੇਟ ਐਸ.ਐਮ.ਓ. ਡਾ ਵਿਕਰਮ ਗੁਪਤਾ, ਸਟੇਟ ਐਮ.ਓ. ਡਾ ਮਨਹਰਦੀਪ ਕੌਰ, ਐਸ.ਐਮ.ਓ. ਡਾ ਇਸ਼ਿਤਾ, ਯੂ.ਐਨ.ਡੀ.ਪੀ. ਪ੍ਰੋਜੈਕਟ ਅਫਸਰ ਡਾ ਜਾਵੇਦ ਅਹਿਮਦ ਅਤੇ ਤਰੁਣ ਕਲਸੀ ਸ਼ਾਮਲ ਸਨ। ਇਸ ਦੌਰਾਣ ਸੱਚਖੰਡ ਰੋਡ ਅਤੇ ਪੰਡੋਰੀ ਰਣ ਸਿੰਘ, ਝਬਾਲ ਬਲਾਕ ਵਿਖੇ ਮਮਤਾ ਦਿਵਸ ਮੌਕੇ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਣ ਸਾਰਾ ਸਟਾਫ ਹਾਜਰ ਪਾਇਆ ਗਿਆ ਅਤੇ ਸਾਰਾ ਵੈਕਸੀਨੇਸ਼ਨ ਦਾ ਕੰਮ ਤਸੱਲੀਬਖਸ਼ ਪਾਇਆ ਗਿਆ। ਇਸ ਮੌਕੇ ਸਹਾਇਕ ਸਿਵਲ ਸਰਜਨ ਡਾ ਦੇਵੀ ਬਾਲਾ, ਐਸ.ਐਮ.ਓ. ਡਾ ਰਾਜੂ ਚੌਹਾਨ, ਡਾ ਅਮਨਦੀਪ ਸਿੰਘ, ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ ਅਤੇ ਸਮੂਹ ਸਟਾਫ, ਹਾਜਰ ਸੀ

# ਵਿਸ਼ਵ ਥੈਲੇਸੀਮੀਆਂ ਦਿਵਸ ਮੌਕੇ ਕਰਵਾਇਆ ਗਿਆ ਜਿਲ੍ਹਾ ਪੱਧਰੀ ਜਾਗਰੂਕਤਾ ਸਮਾਗਮ



**ਚੌਕ ਮਹਿਤਾ, 8 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਵਿਭਾਗ ਵਲੋਂ ਸਿਵਲ ਸਰਜਨ ਡਾ ਸੁਮੀਤ ਸਿੰਘ ਜੀ ਦੀ ਪ੍ਰਧਾਨਗੀ ਹੇਠਾਂ ਸਿਵਲ ਹਸਪਤਾਲ ਵਿਖੇ ਵਿਸ਼ਵ ਥੈਲੇਸੀਮੀਆਂ ਦਿਵਸ ਮੌਕੇ ਜਿਲਾ ਪੱਧਰੀ ਜਾਗਰੂਕਤਾ ਸਮਾਗਮ ਕਰਵਾਇਆ ਗਿਆ। ਇਸ ਮੌਕੇ ਤੇ ਸਿਵਲ ਸਰਜਨ ਡਾ ਸੁਮੀਤ ਸਿੰਘ ਨੇ ਕਿਹਾ ਕਿ ਥੈਲੇਸੀਮੀਆਂ ਇਕ ਜੈਨੇਟਿਕ ਰੋਗ ਹੈ, ਜਿਸ ਵਿੱਚ ਖ਼ੂਨ ਦੇ ਸੈਲਾਂ ਵਿਚ ਵਿਗਾੜ ਪੈਦਾ ਹੋ ਜਾਂਦੇ ਹਨ। ਜੋਕਿ ਥੈਲੇਸੀਮੀਆਂ ਗ੍ਰਸਤ ਮਾਤਾ-ਪਿਤਾ ਤੋਂ ਬੱਚਿਆਂ ਵਿੱਚ ਜਮਾਂਦਰੂ ਤੌਰ ਤੇ ਹੋ ਸਕਦਾ ਹੈ। ਥੈਲੇਸੀਮੀਆਂ ਦੇ ਆਮ ਲੱਛਣ ਖ਼ੂਨ ਦੀ ਕਮੀਂ ਰਹਿਣਾਂ, ਚਮੜੀ ਦਾ ਪੀਲਾਪਣ, ਕਮਜੋਰੀ ਰਹਿਣਾਂ, ਬੱਚਿਆਂ ਵਿਚ ਘੱਟ ਵਿਕਾਸ, ਪੇਟ ਦਾ ਫੁਲਿਆਂ ਰਹਿਣਾਂ, ਪਿਸ਼ਾਬ ਦਾ ਗਾੜ੍ਹਾਪਨ, ਬੇਹੋਸ਼ੀ ਦੀ ਹਾਲਤ ਆਦਿ ਹੋ ਸਕਦੇ ਹਨ। ਇਸਤੋਂ ਬਚਾਓ ਲਈ ਸਾਨੂੰ ਸਮੇਂ ਸਮੇਂ ਤੇ ਆਪਣੀ ਜਾਂਚ ਕਰਵਾਓਣੀ ਚਾਹੀਦੀ ਹੈ ਅਤੇ ਕਿਸੇ ਤਰਾਂ ਦੇ ਲੱਛਣ ਸਾਹਣੇ ਆਓਣ ਤੇ ਤੁਰੰਤ ਨਜਦੀਕੀ ਸਰਕਾਰੀ ਸਿਹਤ ਕੇਂਦਰ ਤੇ ਜਾ ਕੇ ਆਪਣਾਂ ਇਲਾਜ ਕਰਾਓਣਾਂ ਚਾਹੀਦਾ ਹੈ ਇਸ ਮੌਕੇ ਐਸ.ਐਮ.ਓ. ਡਾ ਸਵਰਨਜੀਤ ਧਵਨ, ਐਸ.ਐਮ.ਓ. ਡਾ ਮਦਨ ਮੋਹਨ, ਡਾ ਜਸਕਰਣ ਕੌਰ, ਡਾ ਚਿੰਕੀ ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਜਸਬੀਰ ਕੌਰ, ਗੁਰਿੰਦਰ ਕੌਰ, ਰਸ਼ਪਾਲ ਸਿੰਘ ਅਤੇ ਸਮੂਹ ਸਟਾਫ ਹਾਜਰ ਸੀ।

# ਮੀਤ ਹੇਅਰ ਦੀ ਜਿੱਤ ਨੂੰ ਯਕੀਨੀ ਬਣਾਉਣ ਦੇ ਲਈ ਚੇਅਰਮੈਨ ਘੁੱਲੀ ਵੱਲੋਂ ਪਿੰਡਾ 'ਚ ਮੀਟਿੰਗਾਂ ਸ਼ੁਰੂ



ਧੂਰੀ ( ਰਣਜੀਤ ਸਿੰਘ ਪੇਧਨੀ ) ਸੰਗਰੂਰ ਲੋਕ ਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਮੀਤ ਸਿੰਘ ਮੀਤ ਹੇਅਰ ਦੀ ਜਿੱਤ ਨੂੰ ਯਕੀਨੀ ਬਣਾਉਣ ਦੇ ਲਈ ਧੂਰੀ ਵਿਧਾਨ ਸਭਾ ਹਲਕੇ ਵਿੱਚ ਬਲਾਕ ਪ੍ਰਭਾਰੀਆਂ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ ਮੀਟਿੰਗਾਂ ਕਰਕੇ ਬੂਥ ਲੈਵਲ ਦੀਆਂ ਕਮੇਟੀਆਂ ਬਣਾਈਆਂ ਜਾ ਰਹੀਆਂ ਹਨ। ਇਸੇ ਹੀ ਤਹਿਤ ਧੂਰੀ ਹਲਕੇ ਦੇ ਪਿੰਡ ਕੌਲਸੇੜੀ, ਮੀਰਹੇੜੀ ਅਤੇ ਸਮੁੰਦਗੜ੍ਹ ਛੰਨਾ ਵਿਖੇ ਬੂਥ ਲੇਵਲ ਕਮੇਟੀਆਂ ਤਿਆਰ ਕਰਨ ਲਈ ਬਲਾਕ ਪ੍ਰਭਾਰੀ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਦੇ ਜਨਰਲ ਸਕੱਤਰ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਅਤੇ ਬਲਾਕ ਪ੍ਰਧਾਨ ਉੱਘੇ ਸਮਾਜ ਸੇਵੀ ਤੀਰਥ ਸਿੰਘ ਗਿੱਲ ਭੱਦਲਵੜ ਦੇ ਵੱਲੋਂ ਮੀਟਿੰਗਾਂ ਕੀਤੀਆਂ ਗਈਆਂ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਘੁੱਲੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਦੇ ਲੋਕ ਪੱਖੀ ਫੈਸਲਿਆਂ ਦੀ ਹਰ ਵਰਗ ਸਲਾਂਘਾ ਕਰ ਰਿਹਾ ਹੈ। ਮਾਨ ਸਰਕਾਰ ਦੇ ਕੰਮ ਬੋਲ ਰਹੇ ਹਨ। ਇਸ ਮੌਕੇ ਉਹਨਾਂ ਦੇ ਨਾਲ ਆਪ ਆਗੂ ਭਿੰਦਾ ਵਿਰਕ, ਆਪ ਆਗੂ ਬਿੱਲਾ ਸਾਹੀਵਾਲ ਅਤੇ ਆਪ ਆਗੂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਆਪ ਉਮੀਦਵਾਰ ਕੁਲਦੀਪ ਧਾਲੀਵਾਲ ਵੱਲੋਂ ਚੋਣ ਪ੍ਰਚਾਰ ਤੇਜ਼

# 400 ਪਾਰ ਦਾ ਨਾਅਰਾ ਭਾਜਪਾ ਲਈ ਮੁੰਗੇਰੀ ਲਾਲ ਦੇ ਸੁਪਨਿਆਂ ਵਰਗਾ: ਧਾਲੀਵਾਲ

**ਭਾਜਪਾ ਤੋਂ ਦੇਸ਼ ਦਾ ਸੰਵਿਧਾਨ ਬਚਾਉਣਾ ਜ਼ਰੂਰੀ ਹੈ : ਕੁਲਦੀਪ ਧਾਲੀਵਾਲ • ਪੰਜ ਸਾਲ ਅੰਮਿਤਸਰ ਦੇ ਲੋਕਾਂ ਨੇ ਦੇਖੀ ਔਜਲਾ ਦੀ ਸ਼ਕਲ: ਕੁਲਦੀਪ ਧਾਲੀਵਾਲ • ਕਿਹਾ ਕਿ ਵਿਰੋਧੀ ਪਾਰਟੀਆਂ ਕੋਲ ਕੋਈ ਮੁੱਦਾ ਨਹੀਂ ਹੈ ਕਿਉਂਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ....**






ਅੰਮ੍ਰਿਤਸਰ, 8 ਮਈ (ਆਵਾਜ਼ਿ ਕੌਮ ਬਿਊਰੋ)- ਜਿਵੇਂ ਜਿਵੇਂ ਲੋਕ ਸਭਾ ਚੋਣਾਂ ਨੇੜੇ ਆ ਰਹੀਆਂ ਹਨ ਉਸੇ ਤਰਾਂ ਆਮ ਆਦਮੀ ਪਾਰਟੀ ਦੇ ਲੋਕ ਸਭਾ ਉਮੀਦਵਾਰ ਕੈਬਿਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੀ ਚੋਣ ਮੁਹਿੰਮ ਜ਼ੋਰ ਫੜਦੀ ਜਾ ਰਹੀ ਹੈ। ਅੱਜ ਹਲਕਾ ਕੇਂਦਰੀ ਦੇ ਵਾਰਡ ਨੰਬਰ 59,56,51,73,66,58 ਆਦਿ ਵਿੱਚ ਹਲਕਾ ਵਿਧਾਇਕ ਡਾਕਟਰ ਅਜੇ ਗੁਪਤਾ ਦੀ ਅਗਵਾਈ ਵਿੱਚ ਨੁੱਕੜ ਮੀਟਿੰਗਾਂ ਕੀਤੀਆਂ ।ਇਸ ਮੌਕੇ ਕੁਲਦੀਪ ਸਿੰਘ ਧਾਲੀਵਾਲ ਨੇ ਭਾਰਤੀ ਜਨਤਾ ਪਾਰਟੀ ਨੂੰ ਨਿਸ਼ਾਨੇ ਤੇ ਲੈਂਦੇ ਹੋਏ ਕਿਹਾ ਕਿ ਇਹ ਲੋਕ ਸਭਾ ਚੋਣਾਂ ਦੇਸ਼ ਦੇ ਸੰਵਿਧਾਨ ਨੂੰ ਬਚਾਉਣ ਦੀ ਲੜਾਈ ਹੈ ਉਹਨਾਂ ਕਿਹਾ ਕਿ ਕੇਂਦਰ ਸ਼ਾਸਿਤ ਭਾਰਤੀ ਜਨਤਾ ਪਾਰਟੀ ਤਾਨਾਸ਼ਾਹੀ ਰਵਈਏ ਦੇ ਨਾਲ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਬਣਾਏ ਹੋਏ ਸੰਵਿਧਾਨ ਨੂੰ ਖਤਮ ਕਰਨ ਜਾ ਰਹੀ ਹੈ । ਲੇਕਿਨ ਅੱਜ ਦੇਸ਼ ਵਿੱਚ ਮਾਹੌਲ ਭਾਜਪਾ ਦੇ ਖਿਲਾਫ ਬਣਿਆ ਹੋਇਆ ਹੈ ਅਤੇ ਕੇਂਦਰ ਵਿੱਚ ਇੰਡੀਆ ਗਠਬੰਧਨ ਦੀ ਸਰਕਾਰ ਬਣਨ ਜਾ ਰਹੀ ਹੈ । ਧਾਲੀਵਾਲ ਨੇ ਕਿਹਾ ਕਿ 400 ਪਾਰ ਦਾ ਨਾਅਰਾ ਦੇਣ ਵਾਲੀ ਭਾਰਤੀ ਜਨਤਾ ਪਾਰਟੀ ਲਈ ਇਹ ਨਾਅਰਾ ਪੂਰਾ ਹੋਣਾ ਮੁੰਗੇਰੀ ਲਾਲ ਦੇ ਸੁਪਨਿਆਂ ਵਰਗਾ ਹੈ ।ਉਹਨਾਂ ਕਿਹਾ ਕਿ ਦਸਾਂ ਸਾਲਾਂ ਵਿੱਚ ਭਾਰਤੀ ਜਨਤਾ ਪਾਰਟੀ ਨੇ ਲੋਕਾਂ ਨੂੰ ਲੜਾਉਣ ਦੀ ਅਤੇ ਧਰਮ ਦੀ ਰਾਜਨੀਤੀ ਕੀਤੀ ਹੈ। ਉਹਨਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀ ਫਿਤਰਤ ਹੈ ਕਿ ਜਦੋਂ ਉਹਨਾਂ ਨੂੰ ਆਪਣੀ ਹਾਰ ਸਾਹਮਣੇ ਦਿਖਾਈ ਦੇਣ ਲੱਗ ਜਾਂਦੀ ਹੈ ਤਾਂ ਉਹ ਧਰਮ ਦਾ ਸਹਾਰਾ ਲੈਂਦੇ ਹਨ। ਦੂਜੇ ਪਾਸੇ ਉਹਨਾਂ ਨੇ ਅਕਾਲੀ ਦਲ ਬਾਰੇ ਬੋਲਦੇ ਹੋਏ ਕਿਹਾ ਕੀ ਅਕਾਲੀ ਦਲ ਦੇ ਉਮੀਦਵਾਰ ਨੇ ਲੋਕਾਂ ਦਾ ਅਕਾਲੀ ਦਲ ਦੇ ਪ੍ਰਤੀ ਰਵਈਆ ਵੇਖ ਕੇ ਇਹ ਕਹਿਣਾ ਸ਼ੁਰੂ ਕਰ ਦਿੱਤਾ ਹੈ ਕਿ ਵੋਟ ਮੇਰੇ ਚਿਹਰੇ ਨੂੰ ਪਾਇਓ ਪਾਰਟੀ ਨੂੰ ਨਾ ਦੇਖੋ ਲੇਕਿਨ ਲੋਕ ਇਸੇ ਚਿਹਰੇ ਨੂੰ ਦੋ ਵਾਰ ਵਿਧਾਨ ਸਭਾ ਚੋਣਾਂ ਵਿੱਚ ਨਕਾਰ ਚੁੱਕੇ ਹਨ। ਇਸ ਤੋਂ ਅੱਗੇ ਅਖੀਰ ਵਿੱਚ ਉਹਨਾਂ ਨੇ ਕਿਹਾ ਕਿ ਅੱਜ ਤੋਂ ਪੰਜ ਸਾਲ ਪਹਿਲਾਂ ਜਿਸ ਕਾਂਗਰਸ ਪਾਰਟੀ ਦੇ ਉਮੀਦਵਾਰ ਗੁਰਜੀਤ ਸਿੰਘ ਔਜਲਾ ਨੂੰ ਲੋਕਾਂ ਨੇ ਜਿੱਤਾ ਕੇ ਲੋਕ ਸਭਾ ਭੇਜਿਆ ਸੀ ਉਹਨਾਂ ਨੇ ਪੰਜ ਸਾਲ ਵਿਕਾਸ ਤਾਂ ਕੀ ਕਰਨਾ ਸੀ ਸਗੋਂ ਲੋਕਾਂ ਨੂੰ ਸ਼ਕਲ ਤੱਕ ਨਹੀਂ ਦਿਖਾਈ ਅੱਜ ਅੰਮ੍ਰਿਤਸਰ ਵਿੱਚ ਜਦੋਂ ਉਹ ਕਈ ਇਲਾਕਿਆਂ ਵਿੱਚ ਮੀਟਿੰਗਾਂ ਕਰਨ ਜਾਂਦੇ ਹਨ ਤਾਂ ਅਕਸਰ ਲੋਕਾਂ ਨੂੰ ਇਹ ਨਹੀਂ ਪਤਾ ਕਿ ਉਹਨਾਂ ਦਾ ਮੈਂਬਰ ਪਾਰਲੀਮੈਂਟ ਕੌਣ ਹੈ। ਧਾਲੀਵਾਲ ਨੇ ਕਿਹਾ ਕਿ ਉਹਨਾਂ ਨੇ ਅੰਮ੍ਰਿਤਸਰ ਦੀ ਇੰਡਸਟਰੀ,ਸਿਹਤ ਵਿਵਸਥਾ ਅਤੇ ਟੂਰਿਜ਼ਮ ਨੂੰ ਲੈ ਕੇ ਪੂਰਾ ਬਲੂ ਪ੍ਰਿੰਟ ਤਿਆਰ ਕਰ ਲਿਆ ਹੈ ਜਦੋਂ ਲੋਕ ਉਹਨਾਂ ਨੂੰ ਚੁਣ ਕੇ ਲੋਕ ਸਭਾ ਭੇਜਦੇ ਹਨ ਤੇ ਉਹਨਾਂ ਵੱਲੋਂ ਇਹਨਾਂ ਸਾਰੇ ਮੁੱਦਿਆਂ ਤੇ ਲੋਕ ਸਭਾ ਵਿੱਚ ਆਵਾਜ਼ ਉਠਾਈ ਜਾਵੇਗੀ। ਧਾਲੀਵਾਲ ਨੇ ਕਿਹਾ ਕਿ ਵਿਰੋਧੀ ਪਾਰਟੀਆਂ ਕੋਲ ਕੋਈ ਮੁੱਦਾ ਨਹੀਂ ਹੈ ਕਿਉਂਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਦੋ ਸਾਲ ਦੇ ਵਿੱਚ ਹਰ ਪੱਖੋਂ ਵਿਕਾਸ ਅਤੇ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਦੇ ਕੰਮ ਕੀਤੇ ਹਨ।ਇਸ ਮੌਕੇ ਓਹਨਾਂ ਨਾਲ ਦੀਪਕ ਬੱਗਾ, ਅਕਸ਼ਮ ਚੱਢਾ, ਸਨਪ੍ਰੀਤ ਭਾਟੀਆ, ਸੁਖਵਿੰਦਰ ਸਿੰਘ, ਸੰਨੀ ਸਹੋਤਾ, ਨਿਸ਼ਾਂਤ ਨਿਸ਼ੂ ਵਿਸ਼ਾਲ ਸਮੇਤ ਹਲਕਾ ਕੇਂਦਰੀ ਦੇ ਬਲਾਕ ਪ੍ਰਧਾਨ ਅਤੇ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

## ਵਿਸ਼ਵ ਰੈਡ ਕਰਾਸ ਦਿਵਸ ਮੌਕੇ 35 ਨੌਜਵਾਨਾਂ ਵਲੋਂ ਕੀਤਾ ਗਿਆ ਖ਼ੂਨਦਾਨ

# ਮਾਨਵਤਾ ਦੀ ਸੇਵਾ ਹੀ ਸੱਚੀ ਸੇਵਾ ਹੈ: ਸਹਾਇਕ ਕਮਿਸ਼ਨਰ



ਅੰਮ੍ਰਿਤਸਰ,8 ਮਈ(ਆਵਾਜ਼ਿ ਕੌਮ ਬਿਊਰੋ)- ਘਨਸ਼ਾਮ ਥੋਰੀ ਡਿਪਟੀ ਕਮਿਸ਼ਨਰ-ਕਮ-ਪ੍ਰਧਾਨ, ਰੈਡ ਕਰਾਸ ਸੁਸਾਇਟੀ, ਅੰਮ੍ਰਿਤਸਰ ਦੀ ਅਗਵਾਈ ਹੇਠ ਅੱਜ ਰੈਡ ਕਰਾਸ ਭਵਨ,ਅੰਮ੍ਰਿਤਸਰ ਵਿਖੇ ਵਿਸ਼ਵ ਰੈਡ ਕਰਾਸ ਦਿਵਸ ਆਯੋਜਿਤ ਕੀਤਾ ਗਿਆ । ਇਹ ਦਿਹਾੜਾ ਰੈਡ ਕਰਾਸ ਦੇ ਬਾਨੀ ਅਤੇ ਪਿਤਾਮਾ ਸਰ ਹੈਨਰੀ ਡੁਨਟ ਦੀ ਯਾਦ ਨੂੰ ਸਮਰਪਿਤ ਹੈ ।ਇਸ ਸਮਾਰੋਹ ਵਿੱਚ ਵੱਖ ਵੱਖ ਐਨ ਜੀ ਓ ਦੇ ਨੁਮਾਇੰਦਿਆਂ ਯੂਥ ਕਲੱਬਾ ਅਤੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਤੇ ਸ਼੍ਰੀ. ਸੈਮਸਨ ਮਸੀਹ, ਕਾਰਜਕਾਰੀ ਸਕੱਤਰ, ਰੈਡ ਕਰਾਸ ਸੁਸਾਇਟੀ, ਅੰਮ੍ਰਿਤਸਰ ਨੇ ਆਏ ਹੋਏ ਮਹਿਮਾਨਾਂ, ਰੈਡ ਕਰਾਸ ਦੇ ਮੈਂਬਰ ਅਤੇ ਮੁੱਖ ਮਹਿਮਾਨ ਨੂੰ ਜੀ ਆਇਆ ਕਿਹਾ ਅਤੇ ਰੈਡ ਕਰਾਸ ਦੇ ਕੰਮਾਂ ਬਾਰੇ ਇੱਕ ਵਿਸਤ੍ਰਿਤ ਰਿਪੋਰਟ ਸਾਂਝੀ ਕੀਤੀ । ਇਸ ਮੌਕੇ ਤੇ ਮੁੱਖ ਮਹਿਮਾਨ ਮੈਡਮ. ਗੁਰਸਿਮਰਨ ਕੌਰ, ਸਹਾਇਕ ਕਮਿਸ਼ਨਰ(ਜ)-ਕਮ-ਆਨਰੇਰੀ ਸਕੱਤਰ, ਰੈਡ ਕਰਾਸ ਸੁਸਾਇਟੀ, ਅੰਮ੍ਰਿਤਸਰ ਨੇ ਆਪਣੇ ਸੰਬੋਧਨ ਵਿੱਚ ਅੱਜ ਦਾ ਦਿਹਾੜਾ ਸਰ ਹੈਨਰੀ ਡੋਨੇਟ ਜੋ ਕਿ ਰੈਡ ਕਰਾਸ ਦੇ ਬਾਨੀ ਹਨ ਉਨ੍ਹਾਂ ਨੂੰ ਸਮਰਪਿਤ ਕੀਤਾ ਹੈ ਅਤੇ ਖ਼ੂਨਦਾਨ ਕੈਂਪ ਦਾ ਉਦਘਾਟਨ ਕੀਤਾ ।ਜਿਸ ਵਿੱਚ 35 ਨੌਜਵਾਨਾਂ ਵੱਲੋ ਖ਼ੂਨਦਾਨ ਕੀਤਾ ਗਿਆ । ਉਨ੍ਹਾਂ ਨੇ ਕਿਹਾ ਕਿ ਅੱਜ ਦਾ ਦਿਹਾੜਾ ਵਿਸ਼ਵ ਭਰ ਦੇ 191 ਮੁਲਕਾਂ ਵਿੱਚ ਬਰੇ ਉਤਸਾਹ ਨਾਲ ਮਨਾਇਆ ਜਾ ਰਿਹਾ ਹੈ ਅਤੇ ਇਸ ਦਿਹਾੜੇ ਦੇ ਥੀਮ "ਮਨੁੱਖਤਾ ਨੂੰ ਜਿੰਦਾ ਰੱਖਣ" ਨੂੰ ਧਿਆਨ ਵਿੱਚ ਰੱਖਦੇ ਹੋਏ ਮਨੁੱਖਤਾ ਦੀ ਸੇਵਾ ਵਿੱਚ ਗਰੀਬਾਂ, ਬੱਚਿਆਂ, ਬਜੁਰਗਾਂ, ਮਹਿਲਾਵਾਂ, ਅਪਾਹਿਜਾਂ ਦੀ ਸੇਵਾ ਲਈ ਅੱਗੇ ਆਈਏ ਤਾਂ ਜੋ ਅਸੀ ਇੱਕ ਜਿੰਮੇਵਾਰ ਨਾਗਰਿਕ ਬਣੀਏ ਅਤੇ ਆਪਸੀ ਸਦਭਾਵ ਅਤੇ ਭਾਈਚਾਰੇ ਨੂੰ ਮਜਬੂਤ ਕਰੀਏ । ਇਸ ਦੇ ਨਾਲ ਹੀ ਸ਼੍ਰੀ ਸੈਮਸਨ ਮਸੀਹ ਕਾਰਜਕਾਰੀ ਸਕੱਤਰ ਨੇ ਦੱਸਿਆ ਡਿਪਟੀ ਕਮਿਸ਼ਨਰ ,ਅੰਮ੍ਰਿਤਸਰ ਜਿਲ੍ਹੇ ਵਿੱਚ ਵਿਸ਼ੇਸ਼ ਰੂਪ ਵਿੱਚ ਕੈਂਸਰ ਪੀੜਤਾਂ, ਕਿਡਨੀ ਪੀੜਤਾਂ ਅਤੇ ਗਰੀਬ ਮਰੀਜਾਂ ਦੀ ਹਰ ਤਰ੍ਹਾਂ ਦੀ ਮਦਦ ਕਰ ਰਹੇ ਹਨ ਅਤੇ ਉਨ੍ਹਾਂ ਨੇ ਰੈਡ ਕਰਾਸ ਨੂੰ ਆਦੇਸ਼ ਦਿੱਤਾ ਹੈ ਕਿ ਬੇਸਹਾਰਾਂ, ਵਿਧਵਾਵਾਂ, ਸਪੈਸ਼ਲ ਬੱਚਿਆਂ ਦੀ ਵਿਸ਼ੇਸ਼ ਤੌਰ ਤੇ ਸਹਾਇਤਾ ਕੀਤੀ ਜਾਵੇ। ਅੱਜ ਦੇ ਇਸ ਦਿਹਾੜੇ ਦੇ ਮੌਕੇ ਤੇ ਸ਼੍ਰੀ. ਗੁਰਦੀਪ ਸਿੰਘ ਕੰਧਾਰੀ, ਮੈਨੇਜਿੰਗ ਡਾਇਰੈਕਟਰ ਵੇਵ ਬਿਵਰੇਜ ਵੱਲੋ ਰੈਡ ਕਰਾਸ ਸੁਸਾਇਟੀ, ਅੰਮ੍ਰਿਤਸਰ ਨੂੰ 20 ਸਿਲਾਈ ਮਸ਼ੀਨਾਂ , 5 ਟ੍ਰਾਈਸਾਈਕਲ ਅਤੇ 2 ਆਰ ਓ ਲੋੜਵੰਦਾਂ ਦੀ ਸਹਾਇਤਾ ਲਈ ਦਾਨ ਕੀਤੇ। ਇਸ ਮੌਕੇ ਤੇ ਸ਼੍ਰੀ ਮਤੀ ਰਾਗਿਨੀ ਸ਼ਰਮਾ, ਸ਼੍ਰੀ ਮਤੀ ਦਲਬੀਰ ਕੌਰ ਨਾਗਪਾਲ ,ਮਿਸ ਜਸਬੀਰ ਕੌਰ (ਐਡਵੋਕੇਟ ) ,ਸ਼੍ਰੀ ਪੀ ਸੀ ਠਾਕੁਰ ,ਸ਼੍ਰੀ ਦੁਰਗਾ ਦਾਸ, ਸ਼੍ਰੀ ਐਸ.ਪੀ ਮੈਲੋਡੀ,ਸ਼੍ਰੀ ਬਿਕਰਮਜੀਤ ਸਿੰਘ ,ਈਵੈਂਟ ਮੈਨੇਜਰ, ਰੈਡ ਕਰਾਸ ਸੁਸਾਇਟੀ ਅਤੇ ਰੈਡ ਕਰਾਸ ਸਟਾਫ ਅਤੇ ਹੋਰ ਮੈਂਬਰ ਵੀ ਮੌਜੂਦ ਸਨ।

# ਸੰਗਰੂਰ ਦੇ ਲੋਕ ਝੂੰਦਾ ਨੂੰ ਜਿਤਾ ਕੇ ਅਕਾਲੀ ਉਮੀਦਵਾਰਾਂ ਦੀ ਜਿੱਤ ਦਾ ਮੁੱਢ ਬੰਨਣਗੇ: ਰੰਧਾਵਾ ਕਾਤਰੋਂ



ਸੇਰਪੁਰ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਲੋਕਾਂ ਦਾ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਮੋਹ ਭੰਗ ਹੋ ਚੁੱਕਿਆ ਹੈ। ਸਰਕਾਰ ਨੇ ਥੋੜੇ ਜਿਹੇ ਸਮੇਂ ਵਿੱਚ ਹੀ ਪੰਜਾਬ ਦਾ ਦੁਵਾਲਾ ਕੱਢ ਕੇ ਰੱਖ ਦਿੱਤਾ, ਪੰਜਾਬ ਅਤੇ ਪੰਜਾਬੀਅਤ ਨੂੰ ਪਿਆਰ ਕਰਨ ਵਾਲੇ ਲੋਕ ਹੁਣ ਇਹਨਾਂ ਨੂੰ ਮੂੰਹ ਨਹੀਂ ਲਾਉਣਗੇ। ਪੰਜਾਬ ਦੇ ਲੋਕਾਂ ਨੇ ਮਣ ਬਣਾ ਲਿਆ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਦੇ ਹੱਕ ਵਿੱਚ ਭੁਗਤ ਕੇ, ਵੱਡੇ ਮਾਰਜਨ ਨਾਲ ਜਿਤਾ ਕੇ ਲੋਕ ਸਭਾ ਵਿੱਚ ਭੇਜਣਗੇ ।ਜਿਸ ਦੀ ਸ਼ੁਰੂਆਤ ਲੋਕ ਸਭਾ ਹਲਕਾ ਸੰਗਰੂਰ ਤੋਂ ਇਕਬਾਲ ਸਿੰਘ ਝੂੰਦਾ ਵੱਡੇ ਮਾਰਜਨ ਨਾਲ ਜਿੱਤ ਕੇ ਕਰਨਗੇ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਧੂਰੀ ਤੋਂ ਸੀਨੀਅਰ ਆਗੂ, ਉੱਘੇ ਸਮਾਜ ਸੇਵੀ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕੀਤਾ। ਉਹਨਾਂ ਕਿਹਾ ਕਿ ਲੋਕ ਅੱਜ ਵੀ ਪ੍ਰਕਾਸ਼ ਸਿੰਘ ਬਾਦਲ ਵੱਲੋਂ ਕੀਤੇ ਗਏ ਕੰਮਾਂ ਨੂੰ ਯਾਦ ਕਰਕੇ ਉਦਾਹਰਨਾ ਵਜੋਂ ਪੇਸ਼ ਕਰ ਰਹੇ ਹਨ। ਪਾਰਟੀ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਵੱਲੋਂ ਚਲਾਈ ਜਾ ਰਹੀ ਪੰਜਾਬ ਬਚਾਓ ਯਾਤਰਾ ਵਿੱਚ ਨੌਜਵਾਨ ਵੱਧ ਚੜ ਕੇ ਹਿੱਸਾ ਲੈ ਰਹੇ ਜਿਸ ਦਾ ਅਸਰ ਲੋਕ ਸਭਾ ਚੋਣਾਂ ਤੇ ਪਵੇਗਾ। ਉਹਨਾਂ ਕਿਹਾ ਕਿ 1 ਜੂਨ ਨੂੰ ਲੋਕ ਸਭਾ ਹਲਕਾ ਸੰਗਰੂਰ ਦੇ ਲੋਕ ਇਕਬਾਲ ਸਿੰਘ ਝੂੰਦਾ ਦੇ ਹੱਕ ਵਿੱਚ ਵੋਟ ਪਾ ਕੇ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਜਿਤਾਉਣ ਦਾ ਮੁੱਢ ਬੰਨਣਗੇ। ਇਸ ਮੌਕੇ ਉਹਨਾਂ ਦੇ ਨਾਲ ਸਰਪੰਚ ਕਰਮਜੀਤ ਸਿੰਘ ਘਨੌਰੀ, ਇੰਦਰਜੀਤ ਸਿੰਘ ਘਨੌਰੀ, ਅਜਮੇਰ ਸਿੰਘ ਘਨੌਰੀ , ਨਿਰਭੈ ਸਿੰਘ ਰਣੀਕੇ ਹਾਜ਼ਰ ਸਨ।

## ਦੇਸ਼ ਅਤੇ ਪੰਜਾਬ ਦੀ ਖੁਸਹਾਲੀ ਲਈ ਭਾਜਪਾ ਨੂੰ ਜਿਤਾਉਣਾ ਬਹੁਤ ਜਰੂਰੀ ਹੈ; ਪ੍ਦੀਪ ਗਰਗ



ਧੂਰੀ ( ਰਣਜੀਤ ਸਿੰਘ ਪੇਧਨੀ ) ਦੇਸ ਦੇ ਨਾਲ ਨਾਲ ਸੂਬੇ ਵਿੱਚ ਵੀ ਸਰਕਾਰ ਦਾ ਮੁੱਢ ਬੰਨਣ ਲਈ ਭਾਜਪਾ ਦੇ ਹੱਥ ਮਜਬੂਤ ਕਰਨੇ ਬਹੁਤ ਜਰੂਰੀ ਹਨ, ਜਿਸ ਲਈ ਸਾਨੂੰ ਇੱਕਜੁੱਟ ਹੋ ਕੇ ਭਾਰਤੀ ਜਨਤਾ ਪਾਰਟੀ ਦੇ ਹੱਕ ਵਿੱਚ ਚੱਲਣਾ ਲਾਜ਼ਮੀ ਬਣ ਗਿਆ ਹੈ , ਪੰਜਾਬ ਦੇ ਲੋਕ ਬਦਲਾਅ ਦੇ ਨਾਂ ਤੇ ਆਈ ਸਰਕਾਰ ਤੋਂ ਅੱਕ ਚੁੱਕੇ ਹਨ। ਪੰਜਾਬ ਦੇ ਲੋਕਾਂ ਨੇ ਮਨ ਬਣਾ ਲਿਆ ਹੈ ਕਿ ਉਹ ਇੱਕ ਜੂਨ ਨੂੰ ਵੋਟ ਪਾਕੇ ਭਾਰਤੀ ਜਨਤਾ ਪਾਰਟੀ ਦੇ ਹੱਕ ਵਿੱਚ ਫਤਵਾ ਦੇ ਕੇ 13 ਦੀਆਂ 13 ਸੀਟਾਂ ਤੇ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰਾਂ ਨੂੰ ਵੱਡੇ ਮਾਰਜਨ ਨਾਲ ਜਿਤਾਉਣਗੇ ਅਤੇ 2027 ਵਿੱਚ ਨਰੋਲ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣਗੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਪ੍ਰਦੀਪ ਗਰਗ ਨੇ ਕੀਤਾ। ਉਹਨਾਂ ਕਿਹਾ ਕਿ ਸੂਬੇ ਦੇ ਲੋਕ ਹੁਣ ਸਾਰੀਆਂ ਰਵਾਇਤੀ ਪਾਰਟੀਆਂ ਨੂੰ ਅਜਮਾ ਕੇ ਦੇਖ ਚੁੱਕੇ ਹਨ। ਭਾਰਤੀ ਜਨਤਾ ਪਾਰਟੀ ਹੀ ਉਹਨਾਂ ਦਾ ਅਗਲਾ ਬਦਲ ਲੱਗ ਰਿਹਾ ਹੈ ਕਿਉਂਕਿ ਭਾਜਪਾ ਹੀ ਲੋਕਾਂ ਦੀਆਂ ਆਸਾਂਵਾਂ ਪੂਰੀਆਂ ਕਰ ਸਕਦੀ ਹੈ।

## ਐਚ.ਪੀ. ਹਮਾਰਾ ਪੰਪ ਤੋਂ ਮੋਟਰ ਸਾਇਕਲ ਸਵਾਰ ਲੁਟੇਰਿਆਂ ਨੇ ਪਿਸਟਲ ਦਿਖਾ ਕੇ 51680 ਰੁ: ਲੁੱਟੇ



**ਬਿਲਗਾ, 8 ਮਈ (ਆਵਾਜ਼ਿ ਕੌਮ ਬਿਊਰੋ)**-ਥਾਣਾ ਬਿਲਗਾ ਅਧੀਨ ਆਉਂਦੇ ਪਿੰਡ ਫਰਵਾਲਾ ਦੇ ਬੱਸ ਅੱਡੇ ਕੋਲ ਸਥਿਤ ਐਚ.ਪੀ.ਹਮਾਰਾ ਪੰਪ ਤੋਂ ਦੋ ਮੋਟਰ ਸਾਇਕਲ ਸਵਾਰ ਲੁਟੇਰਿਆਂ ਵਲੋਂ ਪਿਸਟਲ ਦਿਖਾ ਕੇ 51680 ਰੁ: ਲੁੱਟਣ ਦਾ ਸਮਾਚਾਰ ਮਿਲਿਆ ਹੈ। ਪੁਲਿਸ ਨੂੰ ਦਿੱਤੇ ਆਪਣੇ ਬਿਆਨ ਵਿੱਚ ਸੇਲਜ਼ਮੈਨ ਅਸ਼ੀਸ਼ ਮਿਸ਼ਰਾ ਨੇ ਦੱਸਿਆ ਕਿ ਰਾਤ ਕਰੀਬ 8-30 ਗ੍ਰਾਹਕ ਨੂੰ ਤੇਲ ਪਾ ਕੇ ਬੈਠੇ ਸੀ ਕਿ ਇਨੇ ਨੂੰ ਨੂਰਮਹਿਲ ਸਾਈਡ ਤੋਂ ਦੋ ਅਣਪਛਾਤੇ ਵਿਆਕਤੀ ਜਿਨ੍ਹਾਂ ਦੇ ਮੂੰਹ ਬੰਨੇ ਹੋਏ ਸਨ ਅਤੇ ਜੇਬ ਵਿਚੋਂ ਪਿਸਤੋਲ ਕੱਢ ਕੇ ਪੈਸੇ ਦੀ ਮੰਗ ਕਰਨ ਲੱਗੇ। ਉਸ ਨੇ ਦੱਸਿਆ ਕਿ ਹੱਥ ਵਿੱਚ ਫੜ੍ਹੇ 1500 ਰੁ: ਖੋਹ ਲਏ ਅਤੇ ਅਤੇ ਕਿਹਾ ਕਿ ਜੇਬ ਵਿਚੋਂ ਵੀ ਪੈਸੇ ਕੱਢ ਦੇ ਨਹੀਂ ਤਾਂ ਗੋਲੀ ਮਾਰ ਦਿਆਂਗਾ ਮੈਂ ਡਰਦੇ ਨੇ ਜੇਬ ਵਿਚ ਪਾਏ 50180 ਰੁ:ਦੇ ਦਿੱਤੇ। ਅਸ਼ੀਸ਼ ਨੇ ਦੱਸਿਆ ਕਿ ਲੁਟੇਰੇ ਜਾਣ ਲੱਗੇ ਜਾਂਦੇ ਹੋਏ ਇਕ ਹਵਾਈ ਫਾਇਰ ਵੀ ਕਰਕੇ ਗਏ। ਇਸ ਘਟਨਾ ਸਬੰਧੀ ਜਦੋਂ ਥਾਣਾ ਮੁੱਖੀ ਰਾਜੇਸ਼ ਠਾਕੁਰ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਲੁੱਟ ਤੋਂ ਕੁਝ ਸਮਾਂ ਬਾਅਦ ਹੀ ਫੋਟ ਆਇਆ ਸੀ ਤਾਂ ਪੁਲਿਸ ਤੁਰੰਤ ਉਥੇ ਪਹੁੰਚ ਗਈ। ਥਾਣਾ ਮੁੱਖੀ ਨੇ ਦੱਸਿਆ ਕਿ ਜੋ ਪਿਸਟਲ ਨਾਲ ਗੋਲੀ ਚਲਾਈ ਗਈ ਸੀ ਉਹ ਨਕਲੀ ਸੀ ਤੇ ਨਕਲੀ ਗੋਲੀ ਦਾ ਪਲਾਸਟਿਕ ਦਾ ਕਵਰ ਬਰਾਮਦ ਕਰ ਲਿਆ ਹੈ। ਥਾਣਾ ਮੁੱਖੀ ਨੇ ਦੱਸਿਆ ਕਿ ਪੁਲਿਸ ਨੇ ਮਾਮਲਾ ਦਰਜ ਕਰਕੇ ਜਾਂਚ ਪੜਤਾਲ ਸ਼ੁਰੂ ਕਰ ਦਿੱਤੀ ਹੈ। ਯਾਦ ਰਹੇ ਕਿ ਇਕ ਦਿਨ ਪਹਿਲਾਂ ਹੀ ਨੂਰਮਹਿਲ ਵਿਖੇ ਵੀ ਇਕ ਪੈਟਰੋਲ ਪੰਪ ਤੋਂ 45500 ਰੁ: ਲੁਟੇਰਿਆਂ ਵਲੋਂ ਲੁੱਟੇ ਗਏ ਸਨ। ਸ਼ੱਕ ਪ੍ਰਗਟ ਕੀਤਾ ਜਾ ਰਿਹਾ ਹੈ ਦੋਨਾਂ ਪੰਪਾਂ ਦੀ ਲੁੱਟ ਵਿੱਚ ਹਿਈ ਦੋਵੇ ਅਣਪਛਾਤੇ ਵਿਆਕਤੀ ਹਨ । ਪੁਲਿਸ ਸੀਸੀਟੀਵੀ ਕੈਮਰੇ ਖੰਗਾਲ ਰਹੀ ਹੈ।

